




ਰੋਜ਼ਾਨਾ

# ਸ਼ਹੀਦ-ਏ-ਆਜ਼ਮ

SHAHEED-E-AZAM, DAILY PUNJABI NEWSPAPER, PATIALA

ਰੋਜ਼ਾਨਾ ਪੰਜਾਬੀ ਅਖ਼ਬਾਰ, ਪਟਿਆਲਾ








PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 42 Chief Editor : Chowdhary Prabhjit Singh, Editor : Chhatarpal Singh 98146-32807, Sunday 26 July 2026 Price : 2 Rs. Page : 6


## ਸੀ.ਜ਼ੇ.ਪੀ. ਨੇ ਖ਼ਤਮ ਕੀਤਾ ਰੋਸ ਵਿਖਾਵਾ, ਵਿਦਿਆਰਥੀਆਂ ਨੂੰ ਘਰ ਜਾਣ ਦੀ ਕੀਤੀ ਅਪੀਲ

**ਨਵੀਂ ਦਿੱਲੀ, 25 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸੀਜੇਪੀ ਦੇ ਬੁਲਾਰੇ ਸੌਰਭ ਦਾਸ ਅਤੇ ਆਸ਼ੂਤੋਸ਼ ਰੰਕਾ ਨੇ ਅੰਦੋਲਨ ਖਤਮ ਕਰਨ ਦਾ ਐਲਾਨ ਕੀਤਾ ਹੈ ਅਤੇ ਪ੍ਰਦਰਸ਼ਨਕਾਰੀਆਂ ਨੂੰ ਆਪਣੇ ਘਰਾਂ ਨੂੰ ਵਾਪਸ ਜਾਣ ਦੀ ਅਪੀਲ ਕੀਤੀ ਹੈ।

ਦਰਅਸਲ ਕੇਂਦਰੀ ਸਿੱਖਿਆ ਮੰਤਰੀ ਵਜੋਂ ਧਰਮਿੰਦਰ ਪ੍ਰਧਾਨ ਦੇ ਅਸਤੀਫ਼ੇ ਤੋਂ ਥੋੜ੍ਹੀ ਦੇਰ ਬਾਅਦ, ਸ਼ਨੀਵਾਰ ਨੂੰ ਸਰਕਾਰ ਅਤੇ ਸੀਜੇਪੀ ਦੇ ਪ੍ਰਤੀਨਿਧੀਆਂ ਵਿਚਕਾਰ ਇੱਕ ਹੋਰ ਮੀਟਿੰਗ ਹੋਈ। ਮੀਟਿੰਗ ਤੋਂ ਬਾਅਦ, ਸੀਜੇਪੀ ਨੇ ਇੱਕ ਪ੍ਰੈਸ ਕਾਨਫਰੰਸ ਵਿੱਚ ਐਲਾਨ ਕੀਤਾ ਕਿ ਸਰਕਾਰ ਨੇ ਉਨ੍ਹਾਂ ਦੀਆਂ ਸਾਰੀਆਂ ਮੰਗਾਂ ਮੰਨ ਲਈਆਂ ਹਨ ਅਤੇ ਉਹ ਆਪਣਾ ਵਿਰੋਧ ਵਾਪਸ ਲੈ ਰਹੇ ਹਨ।



ਸੀਜੇਪੀ ਵਫ਼ਦ ਨੇ ਕਿਹਾ ਕਿ ਧਰਮਿੰਦਰ ਪ੍ਰਧਾਨ ਦੇ ਅਸਤੀਫ਼ੇ ਦੀ ਉਨ੍ਹਾਂ ਦੀ ਮੰਗ ਅੱਜ ਸਵੇਰੇ ਸਵੀਕਾਰ ਕਰ ਲਈ ਗਈ ਹੈ। ਸਰਕਾਰ ਨੇ ਹੁਣ ਉਨ੍ਹਾਂ ਨੂੰ ਮੰਗਲਵਾਰ ਤੱਕ ਉਨ੍ਹਾਂ ਦੀਆਂ ਹੋਰ ਮੰਗਾਂ ਪੂਰੀਆਂ ਕਰਨ ਦਾ ਭਰੋਸਾ ਦਿੱਤਾ ਹੈ।

# ਵਿਦਿਆਰਥੀ ਅੰਦੋਲਨ ਦੀ ਜਿੱਤ; ਕੇਂਦਰੀ ਸਿੱਖਿਆ ਮੰਤਰੀ ਧਰਮੇਂਦਰ ਪ੍ਰਧਾਨ ਨੇ ਦਿੱਤਾ ਅਸਤੀਫ਼ਾ

### ਧਰਮੇਂਦਰ ਪ੍ਰਧਾਨ ਦਾ ਅਸਤੀਫ਼ਾ ਪਹਿਲਾ ਪੜਾਅ, ਮੰਗਾਂ ਮੰਨੇ ਜਾਣ ਤੱਕ ਜਾਰੀ ਰਹੇਗਾ ਧਰਨਾ: ਅਭਿਜੀਤ ਦਿਪਕੇ

**ਨਵੀਂ ਦਿੱਲੀ, 25 ਜੁਲਾਈ**
**-ਚੌਧਰੀ ਪ੍ਰਭਜੀਤ ਸਿੰਘ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਦੇਸ਼ ਵਿੱਚ ਪ੍ਰੀਖਿਆ ਪ੍ਰਸ਼ਨ ਪੱਤਰ ਲੀਕ ਮਾਮਲੇ ਨੂੰ ਲੈ ਕੇ ਵਧ ਰਹੇ ਵਿਰੋਧ ਅਤੇ ਜੰਤਰ-ਮੰਤਰ 'ਤੇ ਪ੍ਰਦਰਸ਼ਨ ਕਰ ਰਹੇ ਵਿਦਿਆਰਥੀਆਂ ਦੀਆਂ ਮੁੱਖ ਮੰਗਾਂ ਅੱਗੇ ਝੁਕਦਿਆਂ ਕੇਂਦਰੀ ਸਿੱਖਿਆ ਮੰਤਰੀ ਧਰਮੇਂਦਰ ਪ੍ਰਧਾਨ ਨੇ ਆਪਣੇ ਅਹੁਦੇ ਤੋਂ ਅਸਤੀਫ਼ਾ ਦੇ ਦਿੱਤਾ ਹੈ। ਉਨ੍ਹਾਂ ਨੇ ਸਮਾਜਿਕ ਮਾਧਿਅਮ 'ਤੇ ਇੱਕ ਪੱਤਰ ਸਾਂਝਾ ਕਰਕੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਆਪਣਾ ਅਸਤੀਫ਼ਾ ਭੇਜਣ ਦੀ ਜਾਣਕਾਰੀ ਦਿੱਤੀ।

ਕੇਂਦਰੀ ਸਿੱਖਿਆ ਮੰਤਰੀ ਧਰਮੇਂਦਰ ਪ੍ਰਧਾਨ ਵੱਲੋਂ ਦਿੱਤੇ ਗਏ ਅਸਤੀਫ਼ੇ ਤੋਂ ਬਾਅਦ 'ਕਾਲਜ ਐਂਡ ਸਕੂਲ ਪ੍ਰੋਟੈਸਟ ਜਨਤਾ ਪਾਰਟੀ' ਦੇ ਸੰਸਥਾਪਕ ਪ੍ਰਧਾਨ ਅਭਿਜੀਤ ਦਿਪਕੇ ਦਾ ਵੱਡਾ ਬਿਆਨ ਸਾਹਮਣੇ ਆਇਆ ਹੈ। ਉਨ੍ਹਾਂ ਸਾਫ਼ ਕੀਤਾ ਹੈ ਕਿ ਸਿੱਖਿਆ ਮੰਤਰੀ ਦਾ ਅਸਤੀਫ਼ਾ ਸਿਰਫ਼ ਇੱਕ ਸ਼ੁਰੂਆਤ ਹੈ ਅਤੇ ਬਾਕੀ ਮੰਗਾਂ ਪੂਰੀਆਂ ਹੋਣ ਤੱਕ ਜੰਤਰ-ਮੰਤਰ 'ਤੇ ਚੱਲ ਰਿਹਾ ਵਿਦਿਆਰਥੀਆਂ ਦਾ ਅੰਦੋਲਨ ਸਮਾਪਤ ਨਹੀਂ ਹੋਵੇਗਾ।

ਅਭਿਜੀਤ ਦਿਪਕੇ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ, ਡਰਨ ਦੀ ਕੋਈ ਲੋੜ ਨਹੀਂ ਹੈ, ਇਹ ਲੋਕਤੰਤਰ ਹੈ। ਧਰਮੇਂਦਰ ਪ੍ਰਧਾਨ ਨੇ ਅਸਤੀਫ਼ਾ ਦੇ ਦਿੱਤਾ ਹੈ, ਪਰ ਸਾਡੀਆਂ ਦੋ ਹੋਰ ਪ੍ਰਮੁੱਖ ਮੰਗਾਂ ਅਜੇ ਬਾਕੀ ਹਨ ਅਤੇ ਅਸੀਂ ਇੰਝ ਵਾਪਸ ਨਹੀਂ ਜਾਵਾਂਗੇ।

ਐਕਸ 'ਤੇ ਪੋਸਟ ਕੀਤੇ ਆਪਣੇ ਪੱਤਰ 'ਚ ਪ੍ਰਧਾਨ ਨੇ ਲਿਖਿਆ, ਜੰਤਰ-ਮੰਤਰ ਅਤੇ ਦੇਸ਼ 'ਚ ਜੋ ਸਥਿਤੀ ਬਣੀ ਹੋਈ ਹੈ, ਉਸ ਦਾ ਕੋਈ ਦੇਸ਼ ਵਿਰੋਧੀ ਤਾਕਤ ਫ਼ਾਇਦਾ ਨਾ ਚੁੱਕ ਸਕੇ, ਦੇਸ਼ ਦੀ ਅਖੰਡਤਾ ਬਣੀ ਰਹੇ ਅਤੇ ਭਾਰਤ ਦੇ ਇੱਕ ਵੀ ਵਿਦਿਆਰਥੀ ਦਾ ਭਵਿੱਖ ਕਾਨੂੰਨੀ ਉਲਝਣਾਂ 'ਚ ਨਾ ਫਸੇ, ਸਾਡੇ ਬੱਚੇ ਆਪਣਾ ਸਮਾਂ ਪੜ੍ਹਾਈ 'ਚ ਲਗਾਉਣ ਅਤੇ ਕਰੀਅਰ ਬਣਾਉਣ 'ਤੇ ਧਿਆਨ ਦੇਣ-ਇਸੇ ਗੱਲ ਨੂੰ ਧਿਆਨ 'ਚ ਰੱਖਦਿਆਂ ਮੈਂ ਅਹੁਦੇ ਤੋਂ ਅਸਤੀਫ਼ਾ ਪ੍ਰਧਾਨ ਮੰਤਰੀ ਜੀ ਨੂੰ ਭੇਜ ਦਿੱਤਾ ਹੈ।

ਉਨ੍ਹਾਂ ਦੱਸਿਆ ਕਿ 3 ਮਈ ਨੂੰ ਹੋਈ NEET-UG ਪ੍ਰੀਖਿਆ ਵਿੱਚ ਗੜਬੜੀਆਂ ਸਾਹਮਣੇ ਆਉਣ ਤੋਂ ਬਾਅਦ ਕੇਂਦਰ ਸਰਕਾਰ ਨੇ ਪ੍ਰੀਖਿਆ ਰੱਦ ਕਰਕੇ ਜਾਂਚ 329 ਹਵਾਲੇ ਕੀਤੀ ਸੀ। ਇਸ ਤੋਂ ਇਲਾਵਾ ਪ੍ਰੀਖਿਆ ਦੁਬਾਰਾ ਕਰਵਾਉਣ ਦੇ ਨਾਲ-ਨਾਲ ਸਾਲ 2027 ਤੋਂ ਪ੍ਰੀਖਿਆ ਨੂੰ 32" (ਕੰਪਿਊਟਰ-ਬੇਸਡ ਟੈਸਟ) ਮੋਡ 'ਚ ਕਰਵਾਉਣ ਦਾ ਫ਼ੈਸਲਾ ਲਿਆ ਗਿਆ ਸੀ।

ਧਰਮੇਂਦਰ ਪ੍ਰਧਾਨ ਨੇ ਕਿਹਾ, ਇਸ ਪੂਰੇ ਦੌਰ ਦੌਰਾਨ ਸਾਡੀ ਸਭ ਤੋਂ ਵੱਡੀ



ਪ੍ਰਾਥਮਿਕਤਾ 20 ਲੱਖ ਤੋਂ ਵੱਧ ਵਿਦਿਆਰਥੀਆਂ ਦੀ ਪ੍ਰੀਖਿਆ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨਾ ਸੀ। ਕੇਂਦਰ ਤੇ ਰਾਜ ਸਰਕਾਰਾਂ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਨਾਲ 21 ਜੂਨ, 2026 ਨੂੰ ਪ੍ਰੀਖਿਆ ਸ਼ਾਂਤੀਪੂਰਵਕ ਨੇਪਰੇ ਚੜ੍ਹਾਈ ਗਈ।

ਆਪਣੇ ਬਚਾਅ 'ਚ ਉਨ੍ਹਾਂ ਕਿਹਾ, ਮੈਂ ਕਦੇ ਵੀ ਇਸ ਸਥਿਤੀ ਤੋਂ ਪਿੱਛੇ ਨਹੀਂ ਹਟਿਆ। ਮੇਰਾ ਸੰਕਲਪ ਸੀ ਕਿ ਕਿਸੇ ਵੀ ਯੋਗ ਵਿਦਿਆਰਥੀ ਦੇ ਭਵਿੱਖ ਨਾਲ ਖਿਲਵਾੜ ਨਾ ਹੋਵੇ। 16 ਜੁਲਾਈ ਨੂੰ ਐਲਾਨੇ NEET-UG ਦੇ ਨਤੀਜੇ ਤਸੱਲੀਬਖ਼ਸ਼ ਰਹੇ, ਜਿਨ੍ਹਾਂ 'ਚ ਗ਼ਰੀਬ ਪਰਿਵਾਰਾਂ ਦੇ ਹੁਸ਼ਿਆਰ ਬੱਚਿਆਂ ਨੇ ਵੀ ਸਫ਼ਲਤਾ ਹਾਸਲ ਕੀਤੀ।

ਪਿਛਲੇ 10 ਦਿਨਾਂ ਦੀਆਂ ਘਟਨਾਵਾਂ 'ਤੇ ਦੁੱਖ ਪ੍ਰਗਟਾਉਂਦਿਆਂ ਉਨ੍ਹਾਂ ਕਿਹਾ, ਇਹ ਮੇਰੀ ਨਿੱਜੀ ਅਣਖ ਦਾ ਸਵਾਲ ਨਹੀਂ ਹੈ। ਭਾਰਤ ਦੀ ਯੁਵਾ ਸ਼ਕਤੀ ਹੀ ਦੇਸ਼ ਦੀ ਅਸਲ ਤਾਕਤ ਹੈ। ਮੈਂ ਦੇਸ਼ ਦੇ ਯੂਥ ਨੂੰ ਭਰਮ ਦੇ ਜਾਲ 'ਚ ਨਹੀਂ ਫਸਣ ਦਿਆਂਗਾ। ਮੈਂ ਮੰਤਰੀ ਮੰਡਲ ਦੇ ਸਾਥੀਆਂ ਅਤੇ ਵਿਭਾਗੀ ਅਧਿਕਾਰੀਆਂ ਦਾ ਧੰਨਵਾਦ ਕਰਦਾ ਹਾਂ। ਦੇਸ਼ ਦੀ ਸੇਵਾ ਹੀ ਮੇਰੀ ਜ਼ਿੰਦਗੀ ਦਾ ਸਭ ਤੋਂ ਵੱਡਾ ਟੀਚਾ ਹੈ।

ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕੇਂਦਰੀ ਸਿੱਖਿਆ ਮੰਤਰੀ ਧਰਮੇਂਦਰ ਪ੍ਰਧਾਨ ਵੱਲੋਂ ਅਸਤੀਫ਼ਾ ਦਿੱਤੇ ਜਾਣ ਨੂੰ ਨੌਜਵਾਨਾਂ ਅਤੇ ਵਿਦਿਆਰਥੀਆਂ ਦੀ ਜਿੱਤ ਕਰਾਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਦੇਸ਼ ਦੇ ਨੌਜਵਾਨਾਂ ਵੱਲੋਂ ਪਿਛਲੇ ਕਈ ਦਿਨਾਂ ਤੋਂ ਨੀਟ ਪ੍ਰੀਖਿਆ ਲੀਕ ਦੇ ਮਾਮਲੇ ਵਿੱਚ ਕੇਂਦਰੀ ਸਿੱਖਿਆ ਮੰਤਰੀ ਦੇ ਅਸਤੀਫ਼ੇ ਦੀ ਮੰਗ ਨੂੰ ਲੈ ਕੇ ਸੰਘਰਸ਼ ਕੀਤਾ ਜਾ ਰਿਹਾ ਸੀ, ਜਿਸ ਨੂੰ ਭਾਜਪਾ ਵੱਲੋਂ ਲਗਾਤਾਰ ਦਬਾਉਣ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਸਨ। ਪਰ ਨੌਜਵਾਨਾਂ ਦੇ ਰੋਸ ਦੇ ਸਾਹਮਣੇ ਕੇਂਦਰ ਸਰਕਾਰ ਨੂੰ ਝੁਕਣਾ ਪਿਆ ਹੈ।

ਉਨ੍ਹਾਂ ਕਿਹਾ ਕਿ ਇਹ ਸ਼ੁਰੂਆਤ ਹੈ, ਹੁਣ ਤੋਂ ਕੇਂਦਰ ਵਿੱਚ ਕਾਬਜ਼ ਭਾਜਪਾ ਸਰਕਾਰ ਦੀ ਉਲਟੀ ਗਿਣਤੀ ਸ਼ੁਰੂ ਹੋ ਗਈ ਹੈ। ਉਨ੍ਹਾਂ ਕਿਹਾ ਕਿ ਇਹ ਨੌਜਵਾਨ ਆਗਾਮੀ ਚੋਣਾਂ ਦੌਰਾਨ ਭਾਜਪਾ ਨੂੰ ਮੂੰਹ-ਤੋੜਵਾਂ ਜਵਾਬ ਦੇਣਗੇ।

## ਪੇਪਰ ਲੀਕ ਮਾਮਲਿਆਂ ਲਈ ਵਿਸ਼ੇਸ਼ ਅਦਾਲਤ: ਜੱਜ ਅਨੂ ਗਰੋਵਰ ਬਾਲੀਆ ਨੇ ਸੰਭਾਲਿਆ ਚਾਰਜ

**ਨਵੀਂ ਦਿੱਲੀ, 25 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਅਦਾਲਤੀ ਸੂਤਰਾਂ ਨੇ ਦੱਸਿਆ ਕਿ ਇੱਕ ਵਿਸ਼ੇਸ਼ ਜੱਜ ਨੇ ਸ਼ਨਿਚਰਵਾਰ ਨੂੰ ਪੇਪਰ ਲੀਕ ਹੋਣ ਦੇ ਨਾਲ-ਨਾਲ ਜਨਤਕ ਪ੍ਰੀਖਿਆਵਾਂ ਵਿੱਚ ਹੋਰ ਗਲਤ ਤਰੀਕਿਆਂ ਦੀ ਵਰਤੋਂ ਤੋਂ ਪੈਦਾ ਹੋਣ ਵਾਲੇ ਅਪਰਾਧਿਕ ਮਾਮਲਿਆਂ ਨਾਲ ਨਜਿੱਠਣ ਲਈ ਮਨੋਨੀਤ ਅਦਾਲਤ ਦਾ ਚਾਰਜ ਸੰਭਾਲ ਲਿਆ ਹੈ।...

ਅਦਾਲਤੀ ਸੂਤਰਾਂ ਨੇ ਦੱਸਿਆ ਕਿ ਇੱਕ ਵਿਸ਼ੇਸ਼ ਜੱਜ ਨੇ ਸ਼ਨਿਚਰਵਾਰ ਨੂੰ ਪੇਪਰ ਲੀਕ ਹੋਣ ਦੇ ਨਾਲ-ਨਾਲ ਜਨਤਕ ਪ੍ਰੀਖਿਆਵਾਂ ਵਿੱਚ ਹੋਰ ਗਲਤ ਤਰੀਕਿਆਂ ਦੀ ਵਰਤੋਂ ਤੋਂ ਪੈਦਾ ਹੋਣ ਵਾਲੇ ਅਪਰਾਧਿਕ ਮਾਮਲਿਆਂ ਨਾਲ ਨਜਿੱਠਣ ਲਈ ਮਨੋਨੀਤ ਅਦਾਲਤ ਦਾ ਚਾਰਜ ਸੰਭਾਲ ਲਿਆ ਹੈ। ਉਨ੍ਹਾਂ ਕਿਹਾ ਕਿ ਵਿਸ਼ੇਸ਼ ਜੱਜ ਅਨੂ ਗਰੋਵਰ ਬਾਲੀਆ ਨੇ ਰਾਉਜ਼ ਐਵੇਨਿਊ ਡਿਸਕ੍ਰਿਕਟ ਕੋਰਟ ਕੰਪਲੈਕਸ ਵਿੱਚ ਪਬਲਿਕ ਐਗਜ਼ਾਮੀਨੇਸ਼ਨਜ਼ (ਪ੍ਰੀਵੈਂਸ਼ਨ ਆਫ਼ ਅਨਫੇਅਰ ਮੀਨਜ਼) ਐਕਟ, 2024 ਦੇ ਤਹਿਤ ਅਪਰਾਧਾਂ ਅਤੇ ਇਸ ਨਾਲ ਜੁੜੇ ਅਪਰਾਧਾਂ ਦੀ ਸੁਣਵਾਈ ਲਈ ਇੱਕ ਵਿਸ਼ੇਸ਼ ਤੌਰ 'ਤੇ ਮਨੋਨੀਤ ਫਾਸਟ ਟ੍ਰੈਕ ਕੋਰਟ ਦਾ ਚਾਰਜ ਸੰਭਾਲ ਲਿਆ ਹੈ।

## ਪੰਜਾਬ ਰਾਜ ਸਫ਼ਾਈ ਕਮਿਸ਼ਨ ਦੇ ਦਖ਼ਲ ਤੋਂ ਬਾਅਦ ਡੀ.ਐਸ.ਪੀ. ਬਰਨਾਲਾ ਮੁਅੱਤਲ

**ਬਰਨਾਲਾ, 25 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਬੁੱਧਵਾਰ ਨੂੰ ਪ੍ਰਦਰਸ਼ਨ ਕਰ ਰਹੇ ਸਫ਼ਾਈ ਕਰਮਚਾਰੀਆਂ 'ਤੇ ਕਥਿਤ ਲਾਠੀਚਾਰਜ ਕਰਨ ਦੇ ਦੋਸ਼ ਵਿੱਚ ਬਰਨਾਲਾ ਦੇ ਡੀਐੱਸਪੀ ਸਤਬੀਰ ਸਿੰਘ ਨੂੰ ਮੁਅੱਤਲ ਕੀਤੇ ਜਾਣ ਤੋਂ ਅਗਲੇ ਦਿਨ, ਸਿਟੀ-1 ਪੁਲੀਸ ਸਟੇਸ਼ਨ ਦੇ ਐੱਸਐੱਚਓ ਇੰਸਪੈਕਟਰ ਲਖਵਿੰਦਰ ਸਿੰਘ ਨੂੰ ਜ਼ਿਲ੍ਹਾ ਪੁਲੀਸ ਲਾਈਨਜ਼ ਵਿੱਚ ਹਾਜ਼ਰ ਕਰ ਦਿੱਤਾ ਗਿਆ ਹੈ।

ਇਹ ਕਾਰਵਾਈ ਸਫ਼ਾਈ ਕਰਮਚਾਰੀਆਂ ਵੱਲੋਂ ਬਣਾਏ ਜਾ ਰਹੇ ਭਾਰੀ ਦਬਾਅ ਦਰਮਿਆਨ ਸਾਹਮਣੇ ਆਈ ਹੈ, ਜਿਨ੍ਹਾਂ ਨੇ ਆਪਣੀਆਂ ਮੰਗਾਂ ਪੂਰੀਆਂ ਨਾ ਹੋਣ 'ਤੇ ਸੋਮਵਾਰ ਤੋਂ ਸੂਬਾ ਪੱਧਰੀ ਅੰਦੋਲਨ ਸ਼ੁਰੂ ਕਰਨ ਦੀ ਚਿਤਾਵਨੀ ਦਿੱਤੀ ਹੈ। ਪ੍ਰਦਰਸ਼ਨਕਾਰੀ ਡੀਐੱਸਪੀ ਅਤੇ ਐੱਸਐੱਚਓ ਨੂੰ ਬਰਖ਼ਾਸਤ ਕਰਨ ਦੀ ਮੰਗ ਕਰ ਰਹੇ ਹਨ ਅਤੇ ਉਨ੍ਹਾਂ ਨੇ ਕਥਿਤ ਲਾਠੀਚਾਰਜ ਵਿੱਚ ਸ਼ਾਮਲ ਸਾਰੇ ਪੁਲੀਸ



ਕਰਮਚਾਰੀਆਂ ਵਿਰੁੱਧ ਅਪਰਾਧਿਕ ਕੇਸ ਦਰਜ ਕਰਨ ਦੀ ਵੀ ਮੰਗ ਕੀਤੀ ਹੈ। ਉਨ੍ਹਾਂ ਨੇ ਮਾਮਲੇ ਵਿੱਚ ਅਨੁਸੂਚਿਤ ਜਾਤੀਆਂ ਅਤੇ ਅਨੁਸੂਚਿਤ ਕਬੀਲੇ (ਅੱਤਿਆਚਾਰ ਰੋਕਥਾਮ) ਕਾਨੂੰਨ ਦੀਆਂ ਧਾਰਾਵਾਂ ਨੂੰ ਸ਼ਾਮਲ ਕਰਨ ਦੀ ਵੀ ਮੰਗ ਕੀਤੀ ਹੈ। ਇਸ ਮੁੱਦੇ ਨੇ ਸਿਆਸੀ ਧਿਆਨ ਵੀ ਖਿੱਚਿਆ ਹੈ ਜਿਸ ਵਿੱਚ ਵਿਰੋਧੀ ਧਿਰ ਦੀਆਂ ਸਾਰੀਆਂ ਪਾਰਟੀਆਂ ਪ੍ਰਦਰਸ਼ਨਕਾਰੀਆਂ ਦੀ ਹਮਾਇਤ ਕਰ ਰਹੀਆਂ ਹਨ। ਪੰਜਾਬ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ, ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ, ਵਿਰੋਧੀ ਧਿਰ ਦੇ ਆਗੂ ਪ੍ਰਤਾਪ ਸਿੰਘ ਬਾਜਵਾ, ਸੰਸਦ ਮੈਂਬਰ ਸੁਖਜਿੰਦਰ ਸਿੰਘ ਰੰਧਾਵਾ, ਵਿਧਾਇਕ ਰਾਣਾ ਗੁਰਜੀਤ ਸਿੰਘ, ਪਰਗਟ ਸਿੰਘ ਅਤੇ ਕੁਲਦੀਪ ਸਿੰਘ ਕਾਲਾ ਢਿੱਲੋਂ ਸਮੇਤ ਸੀਨੀਅਰ ਕਾਂਗਰਸੀ ਆਗੂ ਅੱਜ ਬਰਨਾਲਾ ਵਿੱਚ ਪ੍ਰਦਰਸ਼ਨ ਕਰ ਰਹੇ ਸਫ਼ਾਈ ਕਰਮਚਾਰੀਆਂ ਨਾਲ ਮੁਲਾਕਾਤ ਕਰਨ ਅਤੇ ਉਨ੍ਹਾਂ ਨਾਲ ਇਕਮੁੱਠਤਾ ਪ੍ਰਗਟ ਕਰਨ ਲਈ ਨਿਰਧਾਰਤ ਹਨ।

ਇਸ ਤੋਂ ਇਲਾਵਾ, ਸਫ਼ਾਈ ਕਰਮਚਾਰੀਆਂ ਦੀਆਂ ਯੂਨੀਅਨਾਂ ਦੇ ਸੂਬਾ ਪੱਧਰੀ ਆਗੂਆਂ ਦੇ ਪ੍ਰਸਤਾਵਿਤ ਸੂਬਾ ਪੱਧਰੀ ਅੰਦੋਲਨ ਸਮੇਤ ਆਪਣੇ ਭਵਿੱਖ ਦੇ ਐਕਸ਼ਨ ਬਾਰੇ ਵਿਚਾਰ-ਵਟਾਂਦਰਾ ਕਰਨ ਲਈ ਬਰਨਾਲਾ ਵਿਖੇ ਇਕੱਠੇ ਹੋਣ ਦੀ ਉਮੀਦ ਹੈ।

## ਸੂਬੇ ਨੂੰ ਮਿਲੇ 100 ਹੋਰ ਆਮ ਆਦਮੀ ਕਲੀਨਿਕ, ਕੁੱਲ ਗਿਣਤੀ 1,090 'ਤੇ ਪੁੱਜੀ

## ਲੋਕਾਂ ਨੂੰ ਘਰ ਦੇ ਨੇੜੇ ਮਿਆਰੀ ਇਲਾਜ ਮੁਹੱਈਆ ਕਰਵਾਉਣ ਲਈ ਸਰਕਾਰ ਵਚਨਬੱਧ: ਡਾ. ਬਲਬੀਰ ਸਿੰਘ

**ਪਟਿਆਲਾ, 25 ਜੁਲਾਈ**
**-ਅਮਰਜੀਤ ਸਿੰਘ ਲਾਂਬਾ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਵਿਚ ਪ੍ਰਾਇਮਰੀ ਸਿਹਤ ਸੇਵਾਵਾਂ ਨੂੰ ਹੋਰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਅੱਜ ਪਟਿਆਲਾ ਦਿਹਾਤੀ ਦੇ ਵਿਕਾਸ ਨਗਰ (ਨੇੜੇ ਸਿਉਣਾ ਚੌਂਕ) ਵਿਖੇ ਨਵੇਂ ਆਮ ਆਦਮੀ ਕਲੀਨਿਕ ਦਾ ਉਦਘਾਟਨ ਕਰਦਿਆਂ ਕਿਹਾ ਕਿ ਸੂਬੇ ਭਰ ਵਿਚ 100 ਨਵੇਂ ਆਮ ਆਦਮੀ ਕਲਿਨਿਕਾਂ ਦੀ ਸ਼ੁਰੂਆਤ ਨਾਲ ਹੁਣ ਪੰਜਾਬ ਵਿੱਚ ਇਨ੍ਹਾਂ ਕਲੀਨਿਕਾਂ ਦੀ ਗਿਣਤੀ 1,090 ਹੋ ਗਈ ਹੈ।



ਇਸ ਮੌਕੇ ਸੰਬੋਧਨ ਕਰਦਿਆਂ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਹਰ ਨਾਗਰਿਕ ਨੂੰ ਆਪਣੇ ਘਰ ਦੇ ਨੇੜੇ ਹੀ ਮਿਆਰੀ ਅਤੇ ਮੁਫ਼ਤ ਸਿਹਤ ਸੇਵਾਵਾਂ ਉਪਲਬਧ ਹੋਣ। ਇਸੇ ਮੰਤਵ ਤਹਿਤ ਇਹ ਆਮ ਆਦਮੀ ਕਲੀਨਿਕ ਸਥਾਪਤ ਕੀਤੇ ਜਾ ਰਹੇ ਹਨ ਤਾਂ ਜੋ ਲੋਕਾਂ ਨੂੰ ਇਲਾਜ ਲਈ ਲੰਬੀਆਂ ਦੂਰੀਆਂ ਤੈਅ ਨਾ ਕਰਨੀਆਂ ਪੈਣ।ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਹਰ ਆਮ ਆਦਮੀ ਕਲੀਨਿਕ ਵਿੱਚ ਯੋਗ ਐਮ.ਬੀ.ਬੀ.ਐਸ. ਡਾਕਟਰ, ਸਿਖਲਾਈ ਪ੍ਰਾਪਤ ਨਰਸਿੰਗ ਸਟਾਫ ਅਤੇ ਹੋਰ ਲੋੜੀਂਦਾ ਸਟਾਫ ਤਾਇਨਾਤ ਕੀਤਾ ਗਿਆ ਹੈ। ਇਨ੍ਹਾਂ ਕਲੀਨਿਕਾਂ ਵਿੱਚ ਆਉਣ ਵਾਲੇ ਮਰੀਜ਼ਾਂ ਨੂੰ ਡਾਕਟਰੀ ਸਲਾਹ, ਜਾਂਚ, ਲੋੜੀਂਦੀਆਂ ਦਵਾਈਆਂ ਅਤੇ ਵੱਖ-ਵੱਖ ਡਾਇਗਨੋਸਟਿਕ ਟੈਸਟਾਂ ਸਮੇਤ ਸਾਰੀਆਂ ਪ੍ਰਾਇਮਰੀ ਸਿਹਤ ਸੇਵਾਵਾਂ 100 ਫੀਸਦੀ ਮੁਫ਼ਤ ਪ੍ਰਦਾਨ ਕੀਤੀਆਂ ਜਾਂਦੀਆਂ ਹਨ।

ਉਨ੍ਹਾਂ ਕਿਹਾ ਕਿ ਆਮ ਆਦਮੀ ਕਲੀਨਿਕ ਸੂਬੇ ਵਿੱਚ ਪ੍ਰਾਇਮਰੀ ਸਿਹਤ ਪ੍ਰਣਾਲੀ ਨੂੰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾ ਰਹੇ ਹਨ। ਇਨ੍ਹਾਂ ਰਾਹੀਂ ਹਰ ਮਹੀਨੇ 42 ਹਜ਼ਾਰ ਤੋਂ ਵੱਧ ਗਰਭਵਤੀ ਔਰਤਾਂ ਨੂੰ ਗਰਭ ਅਵਸਥਾ ਦੌਰਾਨ ਲੋੜੀਂਦੀਆਂ ਸਿਹਤ ਜਾਂਚਾਂ, ਸਲਾਹ ਅਤੇ ਦੇਖਭਾਲ ਮੁਹੱਈਆ ਕਰਵਾਈ ਜਾਂਦੀ ਹੈ। ਇਸ ਤੋਂ ਇਲਾਵਾ ਸ਼ੂਗਰ ਅਤੇ ਹਾਈ ਬਲੱਡ ਪ੍ਰੈਸ਼ਰ ਵਰਗੀਆਂ ਗੈਰ-ਸੰਚਾਰੀ ਬਿਮਾਰੀਆਂ ਨਾਲ ਪੀੜਤ 1.25 ਲੱਖ ਤੋਂ ਵੱਧ ਮਰੀਜ਼ਾਂ ਨੂੰ ਨਿਯਮਤ ਇਲਾਜ, ਦਵਾਈਆਂ ਅਤੇ ਫਾਲੋ-ਅਪ ਸੇਵਾਵਾਂ ਦਿੱਤੀਆਂ ਜਾ ਰਹੀਆਂ ਹਨ, ਜਿਸ ਨਾਲ ਉਨ੍ਹਾਂ ਦੀ ਸਿਹਤ ਦੀ ਲਗਾਤਾਰ ਨਿਗਰਾਨੀ ਸੰਭਵ ਹੋ ਰਹੀ ਹੈ।

ਸਿਹਤ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਹਰ ਵਰਗ ਤੱਕ ਗੁਣਵੱਤਾ ਭਰੀਆਂ ਅਤੇ ਆਧੁਨਿਕ ਸਿਹਤ ਸੇਵਾਵਾਂ ਪਹੁੰਚਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਕਲੀਨਿਕਾਂ ਰਾਹੀਂ ਲੋਕਾਂ ਦਾ ਸਮਾਂ ਅਤੇ ਪੈਸਾ ਦੋਵੇਂ ਬਚ ਰਹੇ ਹਨ, ਜਦਕਿ ਸਰਕਾਰੀ ਸਿਹਤ ਪ੍ਰਣਾਲੀ 'ਤੇ ਲੋਕਾਂ ਦਾ ਭਰੋਸਾ ਵੀ ਲਗਾਤਾਰ ਮਜ਼ਬੂਤ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਭਵਿੱਖ ਵਿੱਚ ਵੀ ਲੋੜ ਅਨੁਸਾਰ ਹੋਰ ਸਿਹਤ ਸਹੂਲਤਾਂ ਦਾ ਵਿਸਥਾਰ ਕੀਤਾ ਜਾਵੇਗਾ ਤਾਂ ਜੋ ਹਰ ਨਾਗਰਿਕ ਨੂੰ ਸਮੇਂ ਸਿਰ ਅਤੇ ਬਿਹਤਰ ਇਲਾਜ ਮਿਲ ਸਕੇ।

ਇਸ ਮੌਕੇ ਮੌਜੂਦ ਅਧਿਕਾਰੀਆਂ ਅਤੇ ਸਥਾਨਕ ਲੋਕਾਂ ਨੇ ਪੰਜਾਬ ਸਰਕਾਰ ਦੀ ਇਸ ਪਹਿਲ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਆਮ ਆਦਮੀ ਕਲੀਨਿਕ ਲੋਕਾਂ ਲਈ ਵਰਦਾਨ ਸਾਬਤ ਹੋ ਰਹੇ ਹਨ ਅਤੇ ਪਿੰਡਾਂ ਅਤੇ ਸ਼ਹਿਰੀ ਖੇਤਰਾਂ ਵਿੱਚ ਪ੍ਰਾਇਮਰੀ ਸਿਹਤ ਸੇਵਾਵਾਂ ਨੂੰ ਨਵੀਂ ਦਿਸ਼ਾ ਮਿਲੀ ਹੈ।

ਇਸ ਮੌਕੇ ਪਟਿਆਲਾ ਦੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਅਨੁਪ੍ਰਿਤਾ ਜੌਹਲ , ਐਮ ਸੀ ਜਸਬੀਰ ਗਾਂਧੀ, ਦੇਵਿੰਦਰ ਕੌਰ, ਸਿਵਿਲ ਸਰਜਨ ਡਾ. ਸ਼ੈਲੀ ਜੇਟਲੀ, ਐਸ ਐਮ ਓ ਤ੍ਰਿਪੜੀ ਡਾ. ਪਰਨੀਤ ਕੌਰ ਤੋਂ ਇਲਾਵਾ ਸਿਹਤ ਵਿਭਾਗ ਦੇ ਅਧਿਕਾਰੀ ਮੌਜੂਦ ਸਨ।

## ਪਟਿਆਲਾ ਦੇ ਵਿਕਾਸ ਕਾਰਜਾਂ ਵਿੱਚ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ: ਅਜੀਤਪਾਲ ਸਿੰਘ ਕੋਹਲੀ

**ਪਟਿਆਲਾ, 25 ਜੁਲਾਈ**
**-ਛਤਰਪਾਲ ਸਿੰਘ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਆਮ ਆਦਮੀ ਪਾਰਟੀ ਦੇ ਵਿਧਾਇਕ ਸਰਦਾਰ ਅਜੀਤਪਾਲ ਸਿੰਘ ਕੋਹਲੀ ਨੇ ਕਿਹਾ ਹੈ ਕਿ ਪਟਿਆਲਾ ਸ਼ਹਿਰ ਦੇ ਵਿਕਾਸ ਕਾਰਜਾਂ ਵਿੱਚ ਕਿਸੇ ਵੀ ਤਰ੍ਹਾਂ ਦੀ ਕਮੀ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਵਿਕਾਸ ਕਾਰਜਾਂ ਦੀ ਗੁਣਵੱਤਾ ਨਾਲ ਕੋਈ ਸਮਝੌਤਾ ਨਹੀਂ ਕੀਤਾ ਜਾਵੇਗਾ।



ਉਹ ਅੱਜ ਮੇਅਰ ਕੁੰਦਨ ਗੋਗੀਆ ਨਾਲ ਛੋਟਾ ਅਰਾਈ ਮਾਜਰਾ ਵਿਖੇ ਲਗਭਗ 40 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕੀਤੀ ਗਈ ਸੜਕ ਦਾ ਉਦਘਾਟਨ ਕਰਨ ਉਪਰੰਤ ਲੋਕਾਂ ਨੂੰ ਸੰਬੋਧਨ ਕਰ ਰਹੇ ਸਨ।

ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸੂਬੇ ਦੇ ਹਰ ਸ਼ਹਿਰ ਅਤੇ ਪਿੰਡ ਵਿੱਚ ਬਿਨਾਂ ਕਿਸੇ ਭੇਦਭਾਵ ਦੇ ਵਿਕਾਸ ਕਾਰਜ ਕਰਵਾ ਰਹੀ ਹੈ। ਉਨ੍ਹਾਂ ਕਿਹਾ ਕਿ ਪਟਿਆਲਾ ਸ਼ਹਿਰ ਵਿੱਚ ਕਰੋੜਾਂ ਰੁਪਏ ਦੀ ਲਾਗਤ ਨਾਲ ਸੜਕਾਂ, ਗਲੀਆਂ, ਸੀਵਰੇਜ, ਪੀਣ ਵਾਲੇ ਪਾਣੀ ਅਤੇ ਹੋਰ ਬੁਨਿਆਦੀ ਸਹੂਲਤਾਂ ਨਾਲ ਸਬੰਧਤ ਪ੍ਰੋਜੈਕਟ ਜੰਗੀ ਪੱਧਰ 'ਤੇ ਚੱਲ ਰਹੇ ਹਨ।

ਮੇਅਰ ਕੁੰਦਨ ਗੋਗੀਆ ਨੇ ਕਿਹਾ ਕਿ ਲੋਕਾਂ ਦੀਆਂ ਲੋੜਾਂ ਨੂੰ ਧਿਆਨ ਵਿੱਚ ਰੱਖਦਿਆਂ ਹਰ ਵਾਰਡ ਵਿੱਚ ਵਿਕਾਸ ਕਾਰਜਾਂ ਨੂੰ ਪਹਿਲ ਦੇ ਆਧਾਰ 'ਤੇ ਕਰਵਾਇਆ ਜਾ ਰਿਹਾ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਇਹ ਰਫ਼ਤਾਰ ਇਸੇ ਤਰ੍ਹਾਂ ਜਾਰੀ ਰਹੇਗੀ।

ਇਸ ਮੌਕੇ ਅਧਿਕਾਰੀਆਂ ਨੇ ਵਿਧਾਇਕ ਨੂੰ ਭਰੋਸਾ ਦਿਵਾਇਆ ਕਿ ਸਾਰੇ ਵਿਕਾਸ ਕਾਰਜ ਨਿਰਧਾਰਿਤ ਮਾਪਦੰਡਾਂ ਅਨੁਸਾਰ ਅਤੇ ਸਮੇਂ ਸਿਰ ਮੁਕੰਮਲ ਕੀਤੇ ਜਾਣਗੇ, ਤਾਂ ਜੋ ਸ਼ਹਿਰ ਵਾਸੀਆਂ ਨੂੰ ਇਨ੍ਹਾਂ ਦਾ ਪੂਰਾ ਲਾਭ ਮਿਲ ਸਕੇ।

ਇਸ ਮੌਕੇ ਐਕਸੀਅਨ ਨਰਾਇਣ ਦਾਸ, ਕੌਂਸਲਰ ਹਰਪ੍ਰੀਤ ਸਿੰਘ (ਵਾਰਡ ਨੰਬਰ 36), ਜੋਗਿੰਦਰ ਸਿੰਘ (ਪ੍ਰਧਾਨ, ਛੋਟਾ ਅਰਾਈ ਮਾਜਰਾ), ਬਲਰਾਮ ਕੁਮਾਰ, ਬੰਟੀ, ਰਜਿੰਦਰ, ਸੰਜੂ, ਜਗਤਾਰ, ਮਨਿੰਦਰ ਸਿੰਘ, ਪ੍ਰੀਤਕਮਲ ਸਿੰਘ, ਜੱਗਾ ਅਤੇ ਵਿਜੇ ਸਮੇਤ ਹੋਰ ਪਤਵੰਤੇ ਵੀ ਹਾਜ਼ਰ ਸਨ।

## ਪੰਜਾਬ ਦੇ ਰਾਜਪਾਲ ਨੇ 16ਵੀਂ ਪੰਜਾਬ ਵਿਧਾਨ ਸਭਾ ਦਾ 13ਵਾਂ ਇਜਲਾਸ ਸੱਦਿਆ



**ਚੰਡੀਗੜ੍ਹ, 25 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਦੇ ਰਾਜਪਾਲ ਵੱਲੋਂ ਸੋਲ੍ਹਵੀਂ ਪੰਜਾਬ ਵਿਧਾਨ ਸਭਾ ਦਾ 13ਵਾਂ ਇਜਲਾਸ ਸੋਮਵਾਰ, 3 ਅਗਸਤ, 2026 ਨੂੰ ਸਵੇਰੇ 11:00 ਵਜੇ ਪੰਜਾਬ ਵਿਧਾਨ ਸਭਾ ਹਾਲ, ਵਿਧਾਨ ਭਵਨ, ਚੰਡੀਗੜ੍ਹ ਵਿਖੇ ਬੁਲਾਇਆ ਗਿਆ ਹੈ।










## ਸੰਪਾਦਕੀ

# ਲੋਕਤੰਤਰ ਦੀ ਤਾਕਤ ਸਿਰਫ਼ ਵੋਟ ਨਹੀਂ, ਸਗੋਂ ਸਹੀ ਵੋਟਰ ਸੂਚੀ ਵੀ ਹੈ

ਭਾਰਤ ਨੂੰ ਦੁਨੀਆ ਦਾ ਸਭ ਤੋਂ ਵੱਡਾ ਲੋਕਤੰਤਰ ਕਿਹਾ ਜਾਂਦਾ ਹੈ। ਪਰ ਲੋਕਤੰਤਰ ਦੀ ਮਜ਼ਬੂਤੀ ਸਿਰਫ਼ ਚੋਣਾਂ ਕਰਵਾਉਣ ਨਾਲ ਨਹੀਂ ਹੁੰਦੀ; ਇਸ ਦੀ ਨੀਂਹ ਇੱਕ ਸਹੀ, ਨਿਰਪੱਖ ਅਤੇ ਅੱਪਡੇਟ ਵੋਟਰ ਸੂਚੀ ’ਤੇ ਟਿਕੀ ਹੁੰਦੀ ਹੈ। ਜੇ ਵੋਟਰ ਸੂਚੀ ਵਿੱਚ ਮ੍ਰਿਤਕ ਵਿਅਕਤੀਆਂ ਦੇ ਨਾਮ ਰਹਿ ਜਾਣ, ਇੱਕ ਹੀ ਵਿਅਕਤੀ ਦੇ ਕਈ ਨਾਮ ਦਰਜ ਹੋਣ ਜਾਂ ਯੋਗ ਨਾਗਰਿਕਾਂ ਦੇ ਨਾਮ ਹੀ ਨਾ ਹੋਣ, ਤਾਂ ਚੋਣ ਪ੍ਰਕਿਰਿਆ ਦੀ ਭਰੋਸੇਯੋਗਤਾ ਪ੍ਰਭਾਵਿਤ ਹੋ ਸਕਦੀ ਹੈ।

SIR ਕੀ ਹੈ ?

Special Intensive Revision (ਵਿਸ਼ੇਸ਼ ਗਹਿਨ ਪੁਨਰਵੀਖਣ) ਇੱਕ ਅਜਿਹੀ ਪ੍ਰਕਿਰਿਆ ਹੈ ਜਿਸ ਰਾਹੀਂ ਵੋਟਰ ਸੂਚੀ ਦੀ ਵਿਸਥਾਰ ਨਾਲ ਜਾਂਚ ਅਤੇ ਅੱਪਡੇਟ ਕੀਤੀ ਜਾਂਦੀ ਹੈ। ਇਸ ਦੌਰਾਨ ਆਮ ਤੌਰ ’ਤੇ ਹੇਠ ਲਿਖੇ ਕੰਮ ਕੀਤੇ ਜਾਂਦੇ ਹਨ:

ਨਵੇਂ ਯੋਗ ਵੋਟਰਾਂ ਦੇ ਨਾਮ ਜੋੜਨਾ।

ਮ੍ਰਿਤਕ ਵਿਅਕਤੀਆਂ ਦੇ ਨਾਮ ਹਟਾਉਣਾ।

ਦੂਜੇ ਸਥਾਨ ’ਤੇ ਚਲੇ ਗਏ ਲੋਕਾਂ ਦੇ ਨਾਮ ਸੋਧਣਾ ਜਾਂ ਹਟਾਉਣਾ।

ਇੱਕ ਤੋਂ ਵੱਧ ਵਾਰ ਦਰਜ ਨਾਮਾਂ ਦੀ ਪਛਾਣ ਕਰਨਾ।

ਪਤੇ, ਉਮਰ ਅਤੇ ਹੋਰ ਵੇਰਵਿਆਂ ਦੀ ਪੁਸ਼ਟੀ ਕਰਨਾ।

ਇਸ ਦਾ ਮੁੱਖ ਉਦੇਸ਼ ਇਹ ਯਕੀਨੀ ਬਣਾਉਣਾ ਹੁੰਦਾ ਹੈ ਕਿ ਇੱਕ ਯੋਗ ਨਾਗਰਿਕ - ਇੱਕ ਵੋਟ - ਇੱਕ ਹੀ ਥਾਂ ਦਾ ਸਿਧਾਂਤ ਲਾਗੂ ਰਹੇ।

SIR ਦੀ ਲੋੜ ਕਿਉਂ ਪੈਂਦੀ ਹੈ ?

ਹਰ ਸਾਲ ਲੱਖਾਂ ਲੋਕ:

18 ਸਾਲ ਦੀ ਉਮਰ ਪੂਰੀ ਕਰਦੇ ਹਨ,

ਇੱਕ ਸ਼ਹਿਰ ਜਾਂ ਰਾਜ ਤੋਂ ਦੂਜੇ ਸਥਾਨ ਵੱਸਦੇ ਹਨ,

ਕੁਝ ਲੋਕਾਂ ਦੀ ਮੌਤ ਹੋ ਜਾਂਦੀ ਹੈ,

ਕਈ ਵਾਰ ਰਿਕਾਰਡ ਵਿੱਚ ਗਲਤੀਆਂ ਵੀ ਰਹਿ ਜਾਂਦੀਆਂ ਹਨ।

ਜੇ ਇਹ ਤਬਦੀਲੀਆਂ ਦਰਜ ਨਾ ਕੀਤੀਆਂ ਜਾਣ, ਤਾਂ ਵੋਟਰ ਸੂਚੀ ਹੌਲੀ-ਹੌਲੀ ਹਕੀਕਤ ਤੋਂ ਦੂਰ ਹੋ ਸਕਦੀ ਹੈ। ਇਸ ਲਈ ਸਮੇਂ-ਸਮੇਂ ’ਤੇ ਗਹਿਨ ਪੁਨਰਵੀਖਣ ਦੀ ਲੋੜ ਪੈਂਦੀ ਹੈ।

-ਛੱਤਰਪਾਲ ਸਿੰਘ

# ਬੇਖ਼ੌਫ਼ ਹੋ ਰਹੀ ਦੇਸ਼ ਦੀ ਅਵਾਮ

**ਜੋਇਆ ਹਸਨ**

ਭਾਰਤੀ ਜਨਤਾ ਪਾਰਟੀ ਦੇ ਹਕੂਮਤੀ ਦੌਰ ਦੌਰਾਨ ਦੇਸ਼ ਵਿੱਚ ਕਈ ਵੱਡੇ ਮੁਜ਼ਾਹਰੇ ਵੇਖਣ ਨੂੰ ਮਿਲੇ ਹਨ ਚਾਹੇ ਉਹ ਨਾਗਰਿਕਤਾ ਸੋਧ ਕਾਨੂੰਨ (ਸੀ ਏ ਏ) ਵਿਰੋਧੀ ਅੰਦੋਲਨ ਹੋਵੇ, ਕਿਸਾਨੀ ਮੋਰਚਾ ਹੋਵੇ ਜਾਂ ਫਿਰ ਹਾਲ ਹੀ ਵਿੱਚ ਨੋਇਡਾ ਵਿੱਚ ਮਜ਼ਦੂਰਾਂ ਵੱਲੋਂ ਕੀਤਾ ਰੋਸ ਮੁਜ਼ਾਹਰਾ। ਪਰ ਕੌਕਰੋਚ ਜਨਤਾ ਪਾਰਟੀ (ਸੀ ਜੇਪੀ) ਦੇ ਰੋਸ ਮੁਜ਼ਾਹਰੇ ਇੱਕ ਵੱਖਰੀ ਕਿਸਮ ਦੀ ਤਬਦੀਲੀ ਵੱਲ ਇਸ਼ਾਰਾ ਕਰਦੇ ਹਨ। ਇਸ ਲਾਮਬੰਦੀ ਦੀ ਚਿੰਗਾਰੀ ਭਾਰਤ ਦੇ ਮੁੱਖ ਜੱਜ (ਸੀ ਜੇ ਆਈ) ਦੀ ਉਸ ਭੱਦੀ ਟਿੱਪਣੀ ਤੋਂ ਭੜਕੀ ਸੀ ਜਿਸ ਵਿੱਚ ਉਨ੍ਹਾਂ ਨੇ ਬੇਰੁਜ਼ਗਾਰ ਨੌਜਵਾਨਾਂ ਦੀ ਤੁਲਨਾ ਕੌਕਰੋਚਾਂ (ਕੀੜੇ ਮਕੌੜਿਆਂ) ਨਾਲ ਕਰ ਦਿੱਤੀ ਸੀ। ਜਦੋਂ ਤੱਕ ਉਹ ਆਪਣੀ ਟਿੱਪਣੀ ’ਤੇ ਸਪੱਸ਼ਟੀਕਰਨ ਦਿੰਦੇ ਉਦੋਂ ਤੱਕ ਇਹ ਵਿਰੋਧ ਲੱਖਾਂ ਲੋਕਾਂ ਨਾਲ ਜੁੜੀ ਇੱਕ ਵੱਡੀ ਮੁਹਿੰਮ ਦਾ ਰੂਪ ਧਾਰ ਚੁੱਕਾ ਸੀ। ਮੁੱਖ ਤੌਰ ’ਤੇ ਵਿਦਿਆਰਥੀਆਂ ਅਤੇ ਨੌਜਵਾਨਾਂ ਦੁਆਰਾ ਚਲਾਈ ਗਈ ਇਸ ਮੁਹਿੰਮ ਨੇ ਇੱਕ ਅਜਿਹਾ ਸੁਭਾਵਿਕ ਰੂਪ ਧਾਰਨ ਕਰ ਲਿਆ ਜਿਸ ਨੇ ਇਸ ਨੂੰ ਪਹਿਲਾਂ ਵਾਲੇ ਅੰਦੋਲਨਾਂ ਨਾਲੋਂ ਬਿਲਕੁਲ ਵੱਖਰਾ ਕਰ ਦਿੱਤਾ।

ਪਹਿਲੇ ਜਨ-ਅੰਦੋਲਨਾਂ ਤੋਂ ਉਲਟ ਸੀ ਜੇ ਪੀ ਕਿਸੇ ਸਥਾਪਤ ਜਥੇਬੰਦਕ ਢਾਂਚੇ ਵਿੱਚੋਂ ਨਹੀਂ ਸਗੋਂ ਇੰਟਰਨੈੱਟ ਉੱਤੇ ਵਿਅੰਗ ਦੇ ਰੂਪ ਵਿੱਚ ਚਲਾਈ ਇੱਕ ਅਜਿਹੀ ਮੁਹਿੰਮ ਵਿੱਚੋਂ ਉੱਭਰੀ ਜਿਸ ਨੇ ਭਾਰਤ ਦੇ ਸੋਸ਼ਲ ਮੀਡੀਆ ਦੇ ਤਾਣੇ-ਬਾਣੇ ਉੱਤੇ ਭਾਜਪਾ ਦੇ ਚੱਲੇ ਆ ਰਹੇ ਗ਼ਲਬੇ ਨੂੰ ਝੰਜੋੜ ਕੇ ਰੱਖ ਦਿੱਤਾ। ਇੰਸਟਾਗ੍ਰਾਮ ਰੀਲਾਂ, ਯੂਟਿਊਬ ਸ਼ਾਰਟਸ, ਐਕਸ (ਟਵਿੱਟਰ) ਥ੍ਰੈੱਡਸ ਅਤੇ ਇੰਟਰਨੈੱਟ ਦੇ ਹਾਸ-ਵਿਅੰਗ ਦੀ ਭਾਸ਼ਾ ਬੋਲਦਿਆਂ ਇਸ ਮੁਹਿੰਮ ਨੇ ਇਹ ਸਾਬਤ ਕਰ ਦਿੱਤਾ ਕਿ ਕਦੇ-ਕਦੇ ਮੀਮਜ਼ ਵੀ ਪ੍ਰਾਪੇਗੰਡਾ ’ਤੇ ਭਾਰੂ ਪੈ ਸਕਦੇ ਹਨ ਅਤੇ ਧਾਰਦਾਰ ਵਿਅੰਗ ਤਿੱਖੇ ਤੋਂ ਤਿੱਖੇ ਸਿਆਸੀ ਏਜੰਡੇ ਨੂੰ ਵੀ ਲੀਹੋਂ ਲਾਹ ਸਕਦਾ ਹੈ। ਹਾਲਾਂਕਿ ਇਸ ਦੀ ਅਸਲ ਵਿਲੱਖਣਤਾ ਡਿਜੀਟਲ ਲਾਮਬੰਦੀ ਨੂੰ ਜ਼ਮੀਨੀ ਪੱਧਰ ’ਤੇ ਇੱਕ ਸਥਾਈ ਸਿਆਸੀ ਅੰਦੋਲਨ ਵਿੱਚ ਬਦਲਣ ਵਿੱਚ ਸੀ। ਜੰਤਰ-ਮੰਤਰ ’ਤੇ ਮਹੀਨਾ ਭਰ ਚੱਲਿਆ ਧਰਨਾ, ਵਾਤਾਵਰਨ ਪ੍ਰੇਮੀ ਤੇ ਸਿੱਖਿਆ ਸ਼ਾਸਤਰੀ ਸੋਨਮ ਵਾਂਗਚੁਕ ਵੱਲੋਂ ਖੱਬੇ-ਪੱਖੀ ਜਥੇਬੰਦੀਆਂ ਦੇ ਵਿਦਿਆਰਥੀਆਂ ਨਾਲ ਮਿਲ ਕੇ ਕੀਤੀ ਭੁੱਖ ਹੜਤਾਲ ਅਤੇ ਇਸ ਦੇ ਸਿੱਟੇ ਵਜੋਂ ਕੀਤਾ ਗਿਆ ਸੰਸਦ ਮਾਰਚ, ਇੰਟਰਨੈੱਟ ਦੇ ਐਲਗੋਰਿਦਮ ਤੋਂ ਸ਼ੁਰੂ ਹੋ ਕੇ ਸੜਕਾਂ ਤੱਕ ਪੁੱਜਣ ਦਾ ਅਜਿਹਾ ਫ਼ੇਰਬਦਲ ਸੀ, ਜਿਸ ਦਾ ਸਰਕਾਰ ਅੰਦਾਜ਼ਾ ਵੀ ਨਹੀਂ ਸੀ ਲਗਾ ਸਕੀ।

ਇਸ ਤੋਂ ਬਾਅਦ ਜੋ ਵੀ ਘਟਨਾਕ੍ਰਮ ਵਾਪਰਿਆ ਉਸ ਨੂੰ ਸਮਝਣ ਲਈ ਸਰਕਾਰ ਦੇ ਇਸੇ ਗ਼ਲਤ ਅੰਦਾਜ਼ੇ ਨੂੰ ਸਮਝਣਾ ਬੇਹੱਦ ਜ਼ਰੂਰੀ ਹੈ। ਦਰਅਸਲ ਨੌਜਵਾਨਾਂ ਦਾ ਇਹ ਰੋਸ ਕੋਈ ਨਵਾਂ ਨਹੀਂ ਸੀ। ਵਾਰ-ਵਾਰ ਪੇਪਰ ਲੀਕ ਹੋਣ, ਲਟਕਦੀਆਂ ਭਰਤੀਆਂ ਅਤੇ ਲਗਾਤਾਰ ਵਧਦੀ ਬੇਰੁਜ਼ਗਾਰੀ ਨੇ ਨਿਰਪੱਖ ਮੌਕੇ ਪ੍ਰਦਾਨ ਕਰਨ ਦੀ ਸਰਕਾਰ ਦੀ ਸਮਰੱਥਾ ਤੋਂ ਨੌਜਵਾਨਾਂ ਦਾ ਭਰੋਸਾ ਹੌਲੀ-ਹੌਲੀ ਤੋੜ ਦਿੱਤਾ ਸੀ। ਵਿਰੋਧੀ ਧਿਰਾਂ ਵੱਲੋਂ ਇਨ੍ਹਾਂ ਮੁੱਦਿਆਂ ਨੂੰ ਵਾਰ-ਵਾਰ ਉਭਾਰਿਆ ਗਿਆ ਸੀ ਪਰ ਸਰਕਾਰ ਸ਼ਾਇਦ ਇਸ ਭਰਮ ਵਿੱਚ ਸੀ ਕਿ ਉਹ ਇਨ੍ਹਾਂ ਨੂੰ ਸਿਆਸੀ ਤੌਰ ’ਤੇ ਆਸਾਨੀ ਨਾਲ ਕਾਬੂ ਕਰ ਲਵੇਗੀ। ਸਰਕਾਰ ਇਹ ਅੰਦਾਜ਼ਾ ਲਗਾਉਣ ਵਿੱਚ ਬਿਲਕੁਲ ਨਾਕਾਮ ਰਹੀ ਕਿ ਚਿਰਾਂ ਤੋਂ ਪਨਪ ਰਿਹਾ ਇਹ ਰੋਸ ਇਕੱਠਾ ਹੋ ਕੇ ਇੱਕ ਵਿਆਪਕ ਨੌਜਵਾਨ ਅੰਦੋਲਨ ਦਾ ਰੂਪ ਧਾਰਨ ਕਰ ਲਵੇਗਾ। ਕਾਂਗਰਸ ਅਤੇ ਹੋਰ ਵਿਰੋਧੀ ਧਿਰਾਂ ਦੇ ਇਸ ਅੰਦੋਲਨ ਦੇ ਪੱਖ ਵਿੱਚ ਨਿੱਤਰਨ ਨਾਲ ਇਹ ਜਲਦੀ ਹੀ ਸਿੱਖਿਆ ਮੰਤਰੀ ਦੇ ਅਸਤੀਫ਼ੇ ਦੀ ਮੰਗ ਦੀਆਂ ਹੱਦਾਂ ਪਾਰ ਕਰਦਾ ਹੋਇਆ ਪ੍ਰਧਾਨ ਮੰਤਰੀ ਅਤੇ ਉਨ੍ਹਾਂ ਦੀ ਸਰਕਾਰ ਲਈ ਇੱਕ ਸਿੱਧੀ ਸਿਆਸੀ ਚੁਣੌਤੀ ਵਿੱਚ ਤਬਦੀਲ ਹੋ ਗਿਆ।

ਸ਼ੁਰੂਆਤ ਵਿੱਚ ਸਰਕਾਰ ਦਾ ਰਵੱਈਆ ਬਹੁਤ ਨਾਪ-ਤੋਲ ਕੇ ਵਰਤਿਆ ਗਿਆ ਸੰਜਮ ਸੀ। ਜਦੋਂ ਸੀ ਜੇ ਪੀ ਦਾ ਸੰਸਥਾਪਕ ਅਭਿਜੀਤ ਦੀਪਕੇ ਬੋਸਟਨ ਤੋਂ ਭਾਰਤ ਪਹੁੰਚਿਆ ਤਾਂ ਉਸ ਨੂੰ ਹਵਾਈ ਅੱਡੇ ਤੋਂ ਸਿੱਧਾ ਜੰਤਰ-ਮੰਤਰ ਜਾ ਕੇ ਧਰਨਾ ਸ਼ੁਰੂ ਕਰਨ ਦੀ ਇਜਾਜ਼ਤ ਦੇ ਦਿੱਤੀ ਗਈ।



ਜਿਹੜੀ ਸਰਕਾਰ ਜਥੇਬੰਦਕ ਅੰਦੋਲਨਾਂ ਪ੍ਰਤੀ ਸ਼ਾਇਦ ਹੀ ਕਦੇ ਸਬਰ-ਸੰਤੋਖ ਵਿਖਾਉਂਦੀ ਹੈ, ਉਸ ਦਾ ਅਜਿਹਾ ਵਰਤਾਰਾ ਹੈਰਾਨਕੁਨ ਸੀ। ਇਸ ਤੋਂ ਬਾਅਦ ਕਈ ਸ਼ਹਿਰਾਂ ਵਿੱਚ ਰੋਸ ਮੁਜ਼ਾਹਰੇ ਹੋਏ ਜਦਕਿ 20 ਜੂਨ ਤੋਂ ਜੰਤਰ-ਮੰਤਰ ’ਤੇ ਸ਼ੁਰੂ ਹੋਇਆ ਧਰਨਾ ਬਿਨਾਂ ਕਿਸੇ ਫ਼ੌਜੀ ਜਬਰ ਦੇ ਲਗਾਤਾਰ ਚਾਰ ਹਫ਼ਤੇ ਚੱਲਦਾ ਰਿਹਾ, ਜਦਕਿ ਸਰਕਾਰ ਆਮ ਤੌਰ ’ਤੇ ਜ਼ਿਆਦਾਤਰ ਅੰਦੋਲਨਾਂ ਨੂੰ ਤੁਰੰਤ ਸਖ਼ਤੀ ਨਾਲ ਕੁਚਲ ਦੇਣ ਲਈ ਜਾਣੀ ਜਾਂਦੀ ਹੈ। ਜ਼ਿਆਦਾਤਰ ਲੋਕਾਂ ਨੂੰ ਸਰਕਾਰ ਵੱਲੋਂ ਦਿਖਾਇਆ ਅਜਿਹਾ ਜੇਰਾ ਸਮਝ ਨਹੀਂ ਪਿਆ। ਪਰ ਵਧੇਰੇ ਢੁਕਵੀਂ ਗੱਲ ਇਹ ਜਾਪਦੀ ਹੈ ਕਿ ਇਹ ਫ਼ੌਜੀ ਜਬਰ ਕਰਨ ਤੋਂ ਬਚਣ ਦਾ ਇੱਕ ਰਣਨੀਤਕ ਫ਼ੈਸਲਾ ਸੀ ਤਾਂ ਜੋ ਪ੍ਰਤੀਯੋਗੀ ਪ੍ਰੀਖਿਆਵਾਂ ਦੀ ਵਾਰ-ਵਾਰ ਹੁੰਦੀ ਬਦਇੰਤਜ਼ਾਮੀ ਵਿਰੁੱਧ ਲੋਕਾਂ ਦਾ ਗੁੱਸਾ ਹੌਲੀ-ਹੌਲੀ ਆਪੇ ਹੀ ਠੰਢਾ ਪੈ ਜਾਵੇ। ਇਸ ਦੇ ਨਾਲ ਹੀ ਵਿਰੋਧੀ ਧਿਰ, ਖ਼ਾਸ ਕਰਕੇ ਕਾਂਗਰਸ ਪਾਰਟੀ ਨੂੰ ਇਸ ਮੁੱਦੇ ਦੀ ਸਿਆਸੀ ਅਗਵਾਈ ਹਥਿਆਉਣ ਅਤੇ ਇਸ ਦੇ ਦੁਆਲੇ ਲੋਕਾਂ ਨੂੰ ਲਾਮਬੰਦ ਕਰਨ ਦਾ ਮੌਕਾ ਨਾ ਮਿਲ ਸਕੇ।

ਸਰਕਾਰ ਦਾ ਇਹ ਅੰਦਾਜ਼ਾ ਪੂਰੀ ਤਰ੍ਹਾਂ ਗ਼ਲਤ ਸਾਬਤ ਹੋਇਆ। ਜਿਵੇਂ ਹੀ ਸੰਸਦ ਦਾ ਮੌਨਸੂਨ ਇਜਲਾਸ ਸ਼ੁਰੂ ਹੋਇਆ ਤਾਂ ਇੱਕ ਸੀਮਤ ਜਿਹੇ ਵਿਦਿਆਰਥੀ ਅੰਦੋਲਨ ਵਜੋਂ ਸ਼ੁਰੂ ਹੋਈ ਇਹ ਮੁਹਿੰਮ ਦੇਸ਼ ਵਿਆਪੀ ਜਨ-ਲਾਮਬੰਦੀ ਦਾ ਰੂਪ ਧਾਰਨ ਕਰ ਗਈ ਜਿਸ ਵਿੱਚ ਸਿੱਖਿਆ ਪ੍ਰਬੰਧ ਅਤੇ ਹੋਰ ਅਹਿਮ ਰਾਸ਼ਟਰੀ ਮੁੱਦਿਆਂ ’ਤੇ ਸਰਕਾਰ ਦੀ ਕਾਰਗੁਜ਼ਾਰੀ ਪ੍ਰਤੀ ਵਿਆਪਕ ਰੋਸ ਉੱਭਰ ਕੇ ਸਾਹਮਣੇ ਆਇਆ। ਸੰਸਦ ਮਾਰਚ ਨੇ ਸਰਕਾਰ ਦੇ ਇਸ ਗ਼ਲਤ ਅੰਦਾਜ਼ੇ ਦੀ ਪੋਲ ਖੋਲ੍ਹ ਕੇ ਰੱਖ ਦਿੱਤੀ ਜਿਸ ਵਿੱਚ ਦੇਸ਼ ਭਰ ਤੋਂ ਅਣਗਿਣਤ ਲੋਕਾਂ ਨੇ ਸ਼ਮੂਲੀਅਤ ਕੀਤੀ।

ਸਰਕਾਰ ਨੇ ਨਾ ਤਾਂ ਸੋਨਮ ਵਾਂਗਚੁਕ ਨਾਲ ਅਤੇ ਨਾ ਹੀ ਵਿਦਿਆਰਥੀਆਂ ਨਾਲ ਕੋਈ ਗੱਲਬਾਤ ਕੀਤੀ। ਇਸ ਦੇ ਉਲਟ 19 ਜੁਲਾਈ ਨੂੰ ਦਿੱਲੀ ਪੁਲੀਸ ਨੇ ਵਾਂਗਚੁਕ ਨੂੰ ਜੰਤਰ-ਮੰਤਰ ਤੋਂ ਜ਼ਬਰਦਸਤੀ ਹਟਾ ਦਿੱਤਾ। ਅਗਲੇ ਹੀ ਦਿਨ ਕੇਂਦਰੀ ਦਿੱਲੀ ਵਿੱਚ ਮੁਕੰਮਲ ਇੰਟਰਨੈੱਟ ਠੱਪ ਹੋਣ ਅਤੇ ਧਾਰਾ 144 ਲਾਗੂ ਹੋਣ ਦੇ ਬਾਵਜੂਦ ਪ੍ਰਦਰਸ਼ਨਕਾਰੀਆਂ ਨੇ ਸੰਸਦ ਵੱਲ ਮਾਰਚ ਕੀਤਾ। ਪੁਲੀਸ ਨੇ ਅੰਦੋਲਨਕਾਰੀਆਂ ਨੂੰ ਰੋਕਣ ਲਈ ਬੇਲੋੜਾ ਬਲ ਪ੍ਰਯੋਗ ਕੀਤਾ, ਸ਼ਾਂਤਮਈ ਢੰਗ ਨਾਲ ਅੱਗੇ ਵਧਣ ਦੀ ਕੋਸ਼ਿਸ਼ ਕਰ ਰਹੇ ਵਿਦਿਆਰਥੀਆਂ ਨੂੰ ਧੱਕੇ ਮਾਰੇ ਗਏ, ਧੂਹ ਕੇ ਸੁੱਟਿਆ ਗਿਆ, ਲਾਠੀਚਾਰਜ ਕੀਤਾ ਗਿਆ ਅਤੇ ਅੱਥਰੂ ਗੈਸ ਦੇ ਗੋਲੇ ਛੱਡੇ ਗਏ। ਖ਼ਬਰਾਂ ਮੁਤਾਬਿਕ ਪੁਲੀਸ ਵੱਲੋਂ ਸ਼ੌਕ ਬੈਟਨ (ਕਰੰਟ ਵਾਲੀਆਂ ਡਾਂਗਾਂ) ਅਤੇ ਪੈਲੇਟ ਗੰਨ ਦੀ ਵਰਤੋਂ ਵੀ ਕੀਤੀ ਗਈ ਅਤੇ ਵਿਦਿਆਰਥੀਆਂ ਨੂੰ ਹਿਰਾਸਤ ਵਿੱਚ ਲਿਆ ਗਿਆ। ਪਰ ਇਸ ਤਿੱਖੇ ਜਬਰ ਤੋਂ ਬਾਅਦ ਸਰਕਾਰ ਨੇ ਅਗਲੇ ਹੀ ਦਿਨ ਪ੍ਰਦਰਸ਼ਨਕਾਰੀਆਂ ਨੂੰ ਜੰਤਰ-ਮੰਤਰ ’ਤੇ ਮੁੜ ਧਰਨਾ ਦੇਣ ਦੀ ਇਜਾਜ਼ਤ ਦੇ ਦਿੱਤੀ, ਯਾਨੀ ਸਰਕਾਰ ਮੁੜ ਆਪਣੀ ਉਸੇ ਨੀਤੀ ’ਤੇ ਪਰਤ ਆਈ ਕਿ ਅੰਦੋਲਨ ਨੂੰ ਚੱਲਣ ਦਿੱਤਾ ਜਾਵੇ ਤਾਂ ਜੋ ਇਹ ਹੌਲੀ-ਹੌਲੀ ਆਪੇ ਹੀ ਮੱਠਾ ਪੈ ਜਾਵੇ।

ਪਰ ਇਸ ਤੋਂ ਵੀ ਵੱਧ ਧਿਆਨ ਖਿੱਚਣ ਵਾਲੀ ਗੱਲ ਇਹ ਸੀ ਕਿ ਨੌਜਵਾਨ ਪ੍ਰਦਰਸ਼ਨਕਾਰੀ ਬੇਹੱਦ ਬੇਖ਼ੌਫ਼ ਰਹੇ। ਇਹ ਇਸ ਗੱਲ ਵੱਲ ਇਸ਼ਾਰਾ ਕਰਦਾ ਹੈ ਕਿ ਜਿਸ ਡਰ ਨੇ ਅਕਸਰ ਆਮ ਲੋਕਾਂ ਦੇ ਵਿਰੋਧ ਪ੍ਰਦਰਸ਼ਨਾਂ ਨੂੰ ਦਬਾ ਕੇ ਰੱਖਿਆ ਸੀ, ਉਹ ਹੁਣ ਭਾਰਤ ਦੇ ਨੌਜਵਾਨਾਂ ਦੇ ਇੱਕ ਵੱਡੇ ਹਿੱਸੇ ਅੰਦਰੋਂ ਖ਼ਤਮ ਹੁੰਦਾ ਜਾਪਦਾ ਹੈ, ਖ਼ਾਸ ਕਰਕੇ ਉਨ੍ਹਾਂ ਨੌਜਵਾਨਾਂ ਵਿੱਚ ਜਿਨ੍ਹਾਂ ਨੂੰ ਭਾਜਪਾ ਫ਼ਿਰਕੂ ਜਾਂ ਕਿਸੇ ਹੋਰ ਪਛਾਣ-ਆਧਾਰਿਤ ਬਦਨਾਮੀ ਦੇ ਕੇ ਆਸਾਨੀ ਨਾਲ ਖਾਰਜ ਨਹੀਂ ਕਰ ਸਕਦੀ। ਮੀਡੀਆ ਰਿਪੋਰਟਾਂ ਮੁਤਾਬਿਕ ਇਨ੍ਹਾਂ ਵਿੱਚੋਂ ਕਈ ਵਿਦਿਆਰਥੀ ਅਤੇ ਉਨ੍ਹਾਂ ਦੇ ਪਰਿਵਾਰ ਖ਼ੁਦ ਭਾਜਪਾ ਦੇ ਵੋਟਰ ਹਨ। ਜੇਕਰ ਅਜਿਹਾ ਹੈ ਤਾਂ ਇਹ ਇੱਕ ਅਹਿਮ ਸਿਆਸੀ ਤਬਦੀਲੀ ਦਾ ਸੰਕੇਤ ਹੈ। ਤਾਕਤ ਦਾ ਮੁਜ਼ਾਹਰਾ ਕਰਨ ਵਾਲੀਆਂ ਸਰਕਾਰਾਂ ਕਾਫ਼ੀ ਹੱਦ ਤੱਕ ਇਸ ਖ਼ਿਆਲ ’ਤੇ ਪਲਦੀਆਂ ਹਨ ਕਿ ਉਨ੍ਹਾਂ ਖ਼ਿਲਾਫ਼ ਆਵਾਜ਼ ਚੁੱਕਣਾ ਫਜ਼ੂਲ ਹੈ। ਪਰ ਜਦੋਂ ਇਹ ਧਾਰਨਾ ਕਮਜ਼ੋਰ ਪੈਣ ਲੱਗਦੀ ਹੈ ਤਾਂ ਜਬਰ-ਜ਼ੁਲਮ ਉਹ ਸਿਆਸੀ ਅਸਰ ਪੈਦਾ ਨਹੀਂ ਕਰ ਪਾਉਂਦਾ ਜੋ ਉਹ ਕਦੇ ਕਰਦਾ ਸੀ।

ਜਮਹੂਰੀਅਤ ਵਿੱਚ ਸਰਕਾਰਾਂ ਲਈ ਪ੍ਰਦਰਸ਼ਨਕਾਰੀਆਂ ਨਾਲ ਸਹਿਮਤ ਹੋਣਾ ਜ਼ਰੂਰੀ ਨਹੀਂ ਹੁੰਦਾ ਪਰ ਉਹ ਉਨ੍ਹਾਂ ਦੇ ਵਿਰੋਧ ਕਰਨ ਦੇ ਹੱਕ ਦਾ ਸਤਿਕਾਰ ਕਰਨ ਅਤੇ ਉਨ੍ਹਾਂ ਨਾਲ ਗੱਲਬਾਤ ਕਰਨ ਲਈ ਵਚਨਬੱਧ ਹੁੰਦੀਆਂ ਹਨ। ਪਰ ਇਹ ਪਾੜਾ ਹੌਲੀ-ਹੌਲੀ ਮਿਟਦਾ ਜਾ ਰਿਹਾ ਹੈ। ਇਸ ਸਰਕਾਰ ਦੇ ਰਾਜ ਵਿੱਚ ਅਸਹਿਮਤੀ ਨੂੰ ਅਕਸਰ ਅਮਨ-ਕਾਨੂੰਨ ਦੀ ਸਮੱਸਿਆ, ਸ਼ਾਂਤਮਈ ਇਕੱਠ ਨੂੰ ਅਰਾਜਕਤਾ ਅਤੇ ਆਲੋਚਨਾ ਨੂੰ ਗੱਦਾਰੀ ਮੰਨ ਲਿਆ ਜਾਂਦਾ ਹੈ। ਹਾਲਾਂਕਿ ਇਤਿਹਾਸ ਗਵਾਹ ਹੈ ਕਿ ਹਕੂਮਤਾਂ ਅਕਸਰ ਉਨ੍ਹਾਂ ਸ਼ਕਤੀਆਂ ਨੂੰ ਹੀ ਹੋਰ ਮਜ਼ਬੂਤ ਕਰ ਦਿੰਦੀਆਂ ਹਨ ਜਿਨ੍ਹਾਂ ਨੂੰ ਉਹ ਦਬਾਉਣਾ ਚਾਹੁੰਦੀਆਂ ਹਨ। ਵਿਸ਼ਾਲ ਅਤੇ ਖਿੰਡੇ-ਪੁੰਡੇ ਵਿਦਿਆਰਥੀ ਅੰਦੋਲਨ ਨਾਲ ਬਿਲਕੁਲ ਅਜਿਹਾ ਹੀ ਹੋਇਆ, ਜਿਸ ਨੇ ਸਰਕਾਰ ਦੇ ਦਬਦਬੇ ਵਾਲੇ ਭਰਮ ਦੀ ਫੂਕ ਕੱਢ ਦਿੱਤੀ ਅਤੇ ਇੱਕ ਸੀਮਤ ਮੰਗ ਨੂੰ ਪੂਰੇ ਦੇਸ਼ ਦਾ ਜਮਹੂਰੀ ਅੰਦੋਲਨ ਬਣਾ ਦਿੱਤਾ।

ਇਹ ਅੰਦੋਲਨ ਹੁਣ ਸਿਰਫ਼ ਪ੍ਰੀਖਿਆਵਾਂ ਦੇ ਪ੍ਰਬੰਧਨ ਤੱਕ ਸੀਮਤ ਨਹੀਂ ਰਹਿ ਗਏ ਸਗੋਂ ਇਹ ਮੌਜੂਦਾ ਸਰਕਾਰੀ ਢਾਂਚੇ ਦੀਆਂ ਵੱਡੀਆਂ ਨਾਕਾਮੀਆਂ ਦੀ ਤਸਵੀਰ ਬਣ ਚੁੱਕੇ ਹਨ। 20 ਜੁਲਾਈ ਨੂੰ ਜਦੋਂ ਹਜ਼ਾਰਾਂ ਦੀ ਗਿਣਤੀ ’ਚ ਲੋਕ ਜੰਤਰ-ਮੰਤਰ ’ਤੇ ਇਕੱਠੇ ਹੋਏ ਤਾਂ ਇਹ ਮੁਹਿੰਮ ਸੀ ਜੇ ਪੀ ਦੇ ਦਾਇਰੇ ਤੋਂ ਕਿਤੇ ਅੱਗੇ ਲੰਘ ਚੁੱਕੀ ਸੀ। ਇਹ ਡੂੰਘੀ ਹੁੰਦੀ ਆਰਥਿਕ ਅਸੁਰੱਖਿਆ, ਸਿੱਖਿਆ ਦੇ ਘਟਦੇ ਮੌਕਿਆਂ ਅਤੇ ਹੁਕਮਰਾਨੀ ਦੇ ਵਿਆਪਕ ਸੰਕਟ ਖ਼ਿਲਾਫ਼ ਲੋਕਾਂ ਦੇ ਆਪ-ਮੁਹਾਰੇ ਗੁੱਸੇ ਦਾ ਪ੍ਰਗਟਾਵਾ ਬਣ ਗਈ। ਪ੍ਰਦਰਸ਼ਨਾਂ ਨੇ ਆਪਣਾ ਇੱਕ ਵੱਖਰਾ ਰੂਪ ਧਾਰਨ ਕਰ ਲਿਆ ਸੀ, ਸੀ ਜੇ ਪੀ ਤਾਂ ਸਿਰਫ਼ ਇੱਕ ਜ਼ਰੀਆ ਬਣ ਕੇ ਰਹਿ ਗਈ ਸੀ। ਜੋ ਮੁਹਿੰਮ ਇੰਟਰਨੈੱਟ ’ਤੇ ਇੱਕ ਆਨਲਾਈਨ ਪਹਿਲਕਦਮੀ ਵਜੋਂ ਸ਼ੁਰੂ ਹੋਈ ਸੀ ਉਸ ਨੇ ਇੱਕ ਬਹੁਤ ਵੱਡੇ ਵਿਦਿਆਰਥੀ ਉਭਾਰ ਦਾ ਰੂਪ ਲੈ ਲਿਆ, ਜਿਸ ਦੀ ਅਗਵਾਈ ਕਿਸੇ ਇੱਕ ਸੰਗਠਨ ਨਾਲੋਂ ਜ਼ਿਆਦਾ ਨੌਜਵਾਨਾਂ ਦੀ ਸਾਂਝੀ ਨਿਰਾਸ਼ਾ ਕਰ ਰਹੀ ਸੀ ਜਿਸ ਨੂੰ ਇੱਕ ਸਾਂਝਾ ਸਿਆਸੀ ਮੰਚ ਮਿਲ ਗਿਆ ਸੀ।

ਹੁਣ ਸਰਕਾਰ ਇਸ ਉਬਾਲ ਨੂੰ ਜਬਰ-ਜ਼ੁਲਮ ਨਾਲ ਨਹੀਂ ਨੱਪ ਸਕਦੀ ਸੀ ਅਤੇ ਨਾ ਹੀ ਪੇਪਰ ਲੀਕ ਮੁੜ ਨਾ ਹੋਣ ਦੇ ਨਿਯਮਤ ਬਹਾਨਿਆਂ ਤੇ ਦਿਲਾਸਿਆਂ ਨਾਲ ਲੋਕਾਂ ਦਾ ਧਿਆਨ ਭਟਕਾ ਸਕਦੀ ਸੀ। ਇਹ ਅੰਦੋਲਨ ਤੁਰੰਤ ਕੋਈ ਸਰਕਾਰੀ ਨੀਤੀ ਬਦਲਵਾ ਸਕਦਾ ਹੈ ਜਾਂ ਨਹੀਂ ਇਹ ਤਾਂ ਪਤਾ ਨਹੀਂ ਪਰ ਇਸ ਨੇ ਇਹ ਤਾਂ ਸਾਫ਼ ਕਰ ਦਿੱਤਾ ਹੈ ਕਿ ਸੁਚੱਜੇ ਸ਼ਾਸਨ ਅਤੇ ਸਿੱਖਿਆ ਸੁਧਾਰਾਂ ਬਾਰੇ ਸਰਕਾਰ ਦੇ ਦਾਅਵਿਆਂ ਨੂੰ ਵੰਗਾਰਿਆ ਜਾ ਸਕਦਾ ਹੈ। ਸਭ ਤੋਂ ਵੱਡੀ ਗੱਲ ਇਹ ਹੈ ਕਿ ਇਹ ਪ੍ਰਦਰਸ਼ਨ ਦਿਖਾਉਂਦੇ ਹਨ ਕਿ ਜਿਸ ਖ਼ੌਫ਼ ਦੇ ਮਾਹੌਲ ਨੇ ਲੰਮੇ ਸਮੇਂ ਤੋਂ ਲੋਕਾਂ ਦੀਆਂ ਵਿਰੋਧੀ ਸੁਰਾਂ ਨੂੰ ਦਬਾ ਕੇ ਰੱਖਿਆ ਸੀ, ਹੁਣ ਉਸ ਦਾ ਸਿਆਸੀ ਡੰਡਾ ਪਹਿਲਾਂ ਵਾਂਗ ਨਹੀਂ ਚੱਲਣ ਵਾਲਾ।

## ਲਾਇਨਜ਼ ਕਲੱਬ ਨਾਭਾ ਦੇ ਅਹੁਦੇਦਾਰਾਂ ਵੱਲੋਂ ਵਿਧਾਇਕ ਦੇਵ ਮਾਨ ਨਾਲ ਕੀਤੀ ਮੀਟਿੰਗ



**ਨਾਭਾ, 25 ਜੁਲਾਈ**
**-ਹਰਸ਼ਪ੍ਰੀਤ ਕੌਰ-**

ਲਾਇਨਜ਼ ਕਲੱਬ ਨਾਭਾ ਦੇ ਅਹੁਦੇਦਾਰਾਂ ਵੱਲੋਂ ਅੱਜ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਦੇ ਦਫ਼ਤਰ ਵਿਖੇ ਸ਼ਿਸ਼ਟਾਚਾਰ ਮੁਲਾਕਾਤ ਕੀਤੀ ਗਈ। ਇਸ ਮੌਕੇ ਲਾਇਨਜ਼ ਕਲੱਬ ਨਾਭਾ ਦੇ ਪ੍ਰਧਾਨ ਅਮਰੀਕ ਸਿੰਘ ਗਿੱਲ, ਵਾਈਸ ਪ੍ਰਧਾਨ ਸੋਮ ਨਾਥ ਢੱਲ,ਕੈਸ਼ੀਅਰ ਭਗਵੰਤ ਸਿੰਗਲਾ,ਰਮਨ ਸਿੰਗਲਾ,ਨਗਰ ਕੌਂਸਲ ਨਾਭਾ ਦੇ ਵਾਈਸ ਪ੍ਰਧਾਨ ਕਮਲ ਕੁਮਾਰ ਰਾਜੂ ਅਤੇ ਅਨਮੋਲ ਸਿੰਘ ਹਾਜ਼ਰ ਸਨ,ਮੁਲਾਕਾਤ ਦੌਰਾਨ ਲਾਇਨਜ਼ ਕਲੱਬ ਵੱਲੋਂ ਚਲਾਈਆਂ ਜਾ ਰਹੀਆਂ ਲੋਕ ਭਲਾਈ ਦੀਆਂ ਗਤੀਵਿਧੀਆਂ ਬਾਰੇ ਜਾਣਕਾਰੀ ਸਾਂਝੀ ਕੀਤੀ ਗਈ। ਪ੍ਰਧਾਨ ਅਮਰੀਕ ਸਿੰਘ ਗਿੱਲ ਨੇ ਦੱਸਿਆ ਕਿ ਲਾਇਨਜ਼ ਕਲੱਬ ਨਾਭਾ ਹਮੇਸ਼ਾ ਸਮਾਜ ਸੇਵਾ ਦੇ ਕਾਰਜਾਂ ਵਿੱਚ ਅਗਵਾਈ ਕਰਦਾ ਆ ਰਿਹਾ ਹੈ। ਕਲੱਬ ਵੱਲੋਂ ਸਮੇਂ-ਸਮੇਂ ’ਤੇ ਅੱਖਾਂ ਦੇ ਮੁਫ਼ਤ ਜਾਂਚ ਕੈਂਪ, ਸਕੂਲਾਂ ਵਿੱਚ ਵਾਟਰ ਕੂਲਰ ਲਗਾਉਣ, ਲੋੜਵੰਦ ਪਰਿਵਾਰਾਂ ਦੀ ਸਹਾਇਤਾ ਅਤੇ ਹੋਰ ਭਲਾਈ ਦੇ ਕਾਰਜ ਕੀਤੇ ਜਾਂਦੇ ਹਨ। ਉਨ੍ਹਾਂ ਕਿਹਾ ਕਿ ਵਾਤਾਵਰਨ ਦੀ ਸੰਭਾਲ ਅਤੇ ਹਰਿਆਵਲੀ ਨੂੰ ਉਤਸ਼ਾਹਿਤ ਕਰਨ ਲਈ ਕਲੱਬ ਵੱਲੋਂ ਨਵੇਂ ਪੌਦੇ ਲਗਾਉਣ ਦੀ ਵਿਸ਼ੇਸ਼ ਮੁਹਿੰਮ ਵੀ ਸ਼ੁਰੂ ਕੀਤੀ ਗਈ ਹੈ, ਜਿਸ ਤਹਿਤ ਵੱਖ-ਵੱਖ ਥਾਵਾਂ ’ਤੇ ਵੱਡੇ ਪੱਧਰ ’ਤੇ ਰੁੱਖ ਲਗਾਏ ਜਾਣਗੇ।

ਇਸ ਮੌਕੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਲਾਇਨਜ਼ ਕਲੱਬ ਨਾਭਾ ਵੱਲੋਂ ਕੀਤੇ ਜਾ ਰਹੇ ਸਮਾਜ ਸੇਵੀ ਕਾਰਜਾਂ ਦੀ ਸ਼ਲਾਘਾ ਕਰਦਿਆਂ ਭਵਿੱਖ ਵਿੱਚ ਹਰ ਸੰਭਵ ਸਹਿਯੋਗ ਦਾ ਭਰੋਸਾ ਦਿੱਤਾ। ਕਲੱਬ ਦੇ ਅਹੁਦੇਦਾਰਾਂ ਨੇ ਵੀ ਸਮਾਜ ਭਲਾਈ ਅਤੇ ਲੋਕ ਸੇਵਾ ਦੇ ਕੰਮਾਂ ਵਿੱਚ ਮਿਲ ਕੇ ਹੋਰ ਵਧੀਆ ਢੰਗ ਨਾਲ ਕੰਮ ਕਰਨ ਦੀ ਵਚਨਬੱਧਤਾ ਪ੍ਰਗਟਾਈ ਇਸ ਮੌਕੇ ਉਨਾਂ ਦੇ ਨਾਲ ਤੇਜਿੰਦਰ ਸਿੰਘ ਖਹਿਰਾ ਡਾਇਰੈਕਟਰ , ਧਰਮਿੰਦਰ ਸਿੰਘ ਸੁਖੇਵਾਲ ਸੀਨੀਅਰ ਆਗੂ , ਸਿਮਰਨ ਅੜਕ ਚੌਹਾਨ, ਭੁਪਿੰਦਰ ਸਿੰਘ ਕੱਲਰ ਮਾਜਰੀ ਵਾਇਸ ਚੇਅਰਮੈਨ ?, ਸੁਖਦੀਪ ਸਿੰਘ ਖਹਿਰਾ , ਜਸਵੀਰ ਸਿੰਘ ਵਜੀਦਪੁਰ ਅਤੇ ਹੋਰ ਅਹੁਦੇਦਾਰਾਂ ਮੌਜੂਦ ਸਨ।

## ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਸੁਰਜੀਤ ਸਿੰਘ ਰੱਖੜਾ ਨੇ ਸ਼ਰਧਾਲੂਆਂ ਦੀਆਂ ਬੱਸਾਂ ਕੀਤੀਆਂ ਰਵਾਨਾ



**ਸਮਾਣਾ 25 ਜੁਲਾਈ**
**-ਵਿਸ਼ਾਲ ਗੁਪਤਾ-**

ਸਾਬਕਾ ਕੈਬਨਿਟ ਮੰਤਰੀ ਅਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਸੁਰਜੀਤ ਸਿੰਘ ਰੱਖੜਾ ਵੱਲੋਂ ਅੱਜ ਹਲਕਾ ਸਮਾਣਾ ਦੇ ਪਿੰਡ ਸਦਰਪੁਰਾ, ਲਲੋਛੀ ਅਤੇ ਤਰੋੜਾ ਖੁਰਦ ਤੋਂ ਪੰਜਾਬ ਸਰਕਾਰ ਦੀ ‘ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ’ ਤਹਿਤ ਸ਼ਰਧਾਲੂਆਂ ਦੀਆਂ ਬੱਸਾਂ ਨੂੰ ਹਰੀ ਝੰਡੀ ਦੇ ਕੇ ਵੱਖ-ਵੱਖ ਪਵਿੱਤਰ ਧਾਰਮਿਕ ਅਸਥਾਨਾਂ ਦੇ ਦਰਸ਼ਨਾਂ ਲਈ ਰਵਾਨਾ ਕੀਤਾ ਗਿਆ।

ਇਸ ਮੌਕੇ ਸੁਰਜੀਤ ਸਿੰਘ ਰੱਖੜਾ ਨੇ ਕਿਹਾ ਕਿ ਮਾਨਯੋਗ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਸੂਬਾ ਵਾਸੀਆਂ ਦੀਆਂ ਧਾਰਮਿਕ ਭਾਵਨਾਵਾਂ ਦਾ ਸਤਿਕਾਰ ਕਰਦਿਆਂ ਉਨ੍ਹਾਂ ਨੂੰ ਮੁਫ਼ਤ ਅਤੇ ਸਨਮਾਨ ਨਾਲ ਤੀਰਥ ਯਾਤਰਾ ਦੀ ਸਹੂਲਤ ਪ੍ਰਦਾਨ ਕਰ ਰਹੀ ਹੈ।

ਉਨ੍ਹਾਂ ਕਿਹਾ ਕਿ ਇਹ ਯੋਜਨਾ ਖ਼ਾਸ ਕਰਕੇ ਉਨ੍ਹਾਂ ਸ਼ਰਧਾਲੂਆਂ ਲਈ ਵਰਦਾਨ ਸਾਬਤ ਹੋ ਰਹੀ ਹੈ, ਜੋ ਕਿਸੇ ਕਾਰਨ ਕਰਕੇ ਆਪਣੇ ਧਾਰਮਿਕ ਅਸਥਾਨਾਂ ਦੇ ਦਰਸ਼ਨ ਨਹੀਂ ਕਰ ਸਕਦੇ ਸਨ।

ਸ. ਰੱਖੜਾ ਨੇ ਕਿਹਾ ਕਿ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਨਾ ਸਿਰਫ਼ ਸ਼ਰਧਾਲੂਆਂ ਦੀ ਆਸਥਾ ਦਾ ਸਨਮਾਨ ਕਰਦੀ ਹੈ, ਸਗੋਂ ਸਮਾਜ ਵਿੱਚ ਸੇਵਾ, ਸਾਂਝ, ਆਪਸੀ ਭਾਈਚਾਰੇ ਅਤੇ ਧਾਰਮਿਕ ਸਦਭਾਵਨਾ ਨੂੰ ਵੀ ਹੋਰ ਮਜ਼ਬੂਤ ਕਰ ਰਹੀ ਹੈ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਰਾਹੀਂ ਸ਼ਰਧਾਲੂਆਂ ਨੂੰ ਮੁਫ਼ਤ, ਸੁਰੱਖਿਅਤ ਅਤੇ ਸਨਮਾਨਜਨਕ ਤੀਰਥ ਯਾਤਰਾ ਦੀ ਸਹੂਲਤ ਪ੍ਰਦਾਨ ਕੀਤੀ ਜਾ ਰਹੀ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਮਾਨ ਸਰਕਾਰ ਲੋਕਾਂ ਦੀ ਆਸਥਾ ਅਤੇ ਭਲਾਈ ਨਾਲ ਜੁੜੀਆਂ ਯੋਜਨਾਵਾਂ ਨੂੰ ਪੂਰੀ ਤਨਦੇਹੀ ਨਾਲ ਅੱਗੇ ਵਧਾਉਂਦੀ ਰਹੇਗੀ। ਇਸ ਮੌਕੇ ਸਾਬਕਾ ਚੇਅਰਮੈਨ ਜਗਰੂਪ ਸਿੰਘ, ਸੰਦੀਪ ਸਿੰਘ ਝੰਡੀ, ਇਕਬਾਲ ਸਿੰਘ ਰਣਵੀਰਪੁਰਾ, ਜਗਜੀਤ ਸਿੰਘ ਵਿਰਕ, ਰਣਜੀਤ ਸਿੰਘ ਰਿੰਕੂ, ਬੰਟੀ ਗੱਜੂਮਾਜਰਾ, ਸਦਰਪੁਰਾ ਤੋਂ ਸਰਪੰਚ ਗੁਰਧਿਆਨ ਸਿੰਘ, ਹਰਪਿਆਰ ਸਿੰਘ, ਹਰਪ੍ਰੀਤ ਸਿੰਘ, ਜਗਜੀਤ ਸਿੰਘ, ਤੀਰਥ ਸਿੰਘ, ਅਮਿਤ ਸਿੰਘ, ਮੱਘਰ ਸਿੰਘ , ਕੌਰ ਸਿੰਘ, ਨੈਬ ਸਿੰਘ, ਗਿਆਨ ਕੌਰ, ਹਰਦੀਪ ਕੌਰ, ਗੁਰਮੀਤ ਕੌਰ, ਭੁਪਿੰਦਰ ਕੌਰ, ਤਰੋੜਾ ਖੁਰਦ ਤੋਂ ਸਰਪੰਚ ਜਗਤਾਰ ਸਿੰਘ, ਗਰੀਬ ਨਾਥ, ਜੋਗਿੰਦਰ ਸਿੰਘ, ਸਾਬਕਾ ਸਰਪੰਚ ਤਰਸੇਮ ਲਾਲ, ਪਰਮਜੀਤ ਕੌਰ, ਗੁਰਮੇਲ ਕੌਰ, ਗੁਰਜੰਟ ਸਿੰਘ, ਭਗਵਾਨ ਸਿੰਘ, ਹਰਪਾਲ ਸਿੰਘ ਅਤੇ ਲਲੋਛੀ ਤੋਂ ਸਰਪੰਚ ਸੱਤਪਾਲ ਸਿੰਘ, ਕਾਲਾ, ਸੁਖਵਿੰਦਰ ਸਿੰਘ, ਬਲਬੀਰ ਸਿੰਘ, ਲਖਵਿੰਦਰ ਸਿੰਘ, ਸਾਬਕਾ ਸਰਪੰਚ ਜੋਗਿੰਦਰ ਸਿੰਘ, ਮੱਲ ਸਿੰਘ, ਗੁਰਜੰਟ ਸਿੰਘ, ਸੁਖਪਾਲ ਸਿੰਘ, ਜਸਪਾਲ ਸਿੰਘ ਕਰਨੈਲ ਸਿੰਘ ਤੇ ਤਰੀਥ ਯਾਤਰਾ ’ਤੇ ਜਾ ਰਹੇ ਸ਼ਰਧਾਲੂਆਂ ਹਾਜ਼ਰ ਸਨ।

## ਵਰਖਾ ਰੁੱਤ ਵਿਚ ਬਣੋ ਰੁੱਖ ਮਿੱਤਰ ਮੁਹਿੰਮ ਤਹਿਤ ਵੱਧ ਤੋਂ ਵੱਧ ਬੂਟੇ ਲਗਾਕੇ ਉਹਨਾਂ ਦੀ ਸਾਂਭ ਸੰਭਾਲ ਕੀਤੀ ਜਾਵੇ : ਸੁਖਜਿੰਦਰ ਬਾਜਵਾ

**ਪਟਿਆਲਾ, 25 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ ਵੱਲੋਂ ਯੂਥ ਫੈਡਰੇਸ਼ਨ ਆਫ ਇੰਡੀਆ, ਪਾਵਰ ਹਾਊਸ ਯੂਥ ਕਲੱਬ, ਯੁਵਕ ਸੇਵਾਵਾਂ ਕਲੱਬ ਦੀਪ ਨਗਰ ਦੇ ਸਹਿਯੋਗ ਨਾਲ ਡਾਇਰੈਕਟਰ ਜਨਰਲ ਆਫ਼ ਪੁਲਿਸ ਗੌਰਵ ਯਾਦਵ, ਸਪੈਸ਼ਲ ਡਾਇਰੈਕਟਰ ਜਨਰਲ ਆਫ਼ ਪੁਲਿਸ ਕਾਮਿਊਨਿਟੀ ਅਫੇਅਰ ਡਵੀਜ਼ਨ ਪੰਜਾਬ ਗੁਰਪ੍ਰੀਤ ਕੌਰ ਦਿਓ , ਡੀ ਆਈ ਜੀ ਪਟਿਆਲਾ ਰੇਂਜ ਕੁਲਦੀਪ ਸਿੰਘ ਚਾਹਲ, ਐਸ ਐਸ ਪੀ ਪਟਿਆਲਾ ਵਰੁਣ ਸ਼ਰਮਾ, ਐਸ ਪੀ ਹੈਡਕੁਆਰਟਰ -ਕਮ- ਜ਼ਿਲ੍ਹਾ ਕਮਾਊਨਿਟੀ ਅਫੇਅਰ ਅਫ਼ਸਰ ਪਟਿਆਲਾ ਵੈਭਵ ਚੋਧਰੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਵਾਤਾਵਰਣ ਦੀ ਸੰਭਾਲ ਅਤੇ ਹਰਿਆਲੀ ਨੂੰ ਵਧਾਉਣ ਦੇ ਮਕਸਦ ਨਾਲ ਇਸ ਵਰਖਾ ਰੁੱਤ ਵਿੱਚ ‘ਬਣੋ ਰੁੱਖ ਮਿੱਤਰ’ ਮੁਹਿੰਮ ਤਹਿਤ ਵੱਖ ਵੱਖ ਥਾਵਾਂ ਉਪਰ ਬੂਟੇ ਲਗਾਉਣ ਲਈ ਸੁਖਜਿੰਦਰ ਸਿੰਘ ਬਾਜਵਾ ਇੰਚਾਰਜ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ,ਏ ਐਸ ਆਈ ਭੁਪਿੰਦਰ ਸਿੰਘ ਇੰਚਾਰਜ ਸਾਂਝ ਕੇਂਦਰ ਸਿਟੀ 1 , ਸਟੇਟ ਐਵਾਰਡੀ ਪਰਮਿੰਦਰ ਭਲਵਾਨ ਮੈਂਬਰ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ, ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਸਾਝ ਕੇਂਦਰ, ਵਰਿੰਦਰ ਸਿੰਘ ਖਰੋੜ ਨੇ ਸ਼ਿਰਕਤ ਕੀਤੀ। ਇਸ ਮੌਕੇ ਸੁਖਜਿੰਦਰ ਸਿੰਘ ਬਾਜਵਾ ਅਤੇ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਨੇ ਕਿਹਾ ਕਿ ਵਰਖਾ ਰੁੱਤ ਰੁੱਖ ਲਗਾਉਣ ਲਈ ਸਭ ਤੋਂ ਉੱਤਮ ਸਮਾਂ ਹੁੰਦਾ ਹੈ। ਇਸ ਮੌਸਮ ਵਿੱਚ ਲਗਾਏ ਗਏ ਬੂਟਿਆਂ ਦੇ ਵਧਣ-ਫੁੱਲਣ ਦੀ ਸੰਭਾਵਨਾ 90 ਪ੍ਰਤੀਸ਼ਤ ਤੋਂ ਵੱਧ ਹੁੰਦੀ ਹੈ ਕਿਉਂਕਿ ਮਿੱਟੀ ਵਿੱਚ ਨਮੀ ਹੁੰਦੀ ਹੈ ਅਤੇ ਪਾਣੀ ਦੀ ਕਮੀ ਨਹੀਂ ਹੁੰਦੀ। ਇਸ ਲਈ ਇਸ ਵਾਰ ਇਹ ਫੈਸਲਾ ਕੀਤਾ ਗਿਆ ਹੈ ਕਿ ਸਿਰਫ ਰੁੱਖ ਲਗਾ ਕੇ ਫੋਟੋ ਖਿਚਵਾਉਣ ਤੱਕ ਸੀਮਤ ਨਾ ਰਹਿ ਕੇ, ਹਰ ਵਿਅਕਤੀ ਨੂੰ ਇੱਕ ਰੁੱਖ ਦਾ ਮਿੱਤਰ ਬਣਾਇਆ ਜਾਵੇਗਾ। ਉਹਨਾਂ ਕਿਹਾ ਕਿ ਇੱਕ ਵਿਅਕਤੀ, ਇੱਕ ਰੁੱਖ, ਇੱਕ ਦੋਸਤੀ: ਇਸ ਮੁਹਿੰਮ ਤਹਿਤ ਹਰ ਭਾਗੀਦਾਰ ਨੂੰ ਘੱਟੋ-ਘੱਟ ਇੱਕ ਬੂਟਾ ਗੋਦ ਲੈਣ ਅਤੇ ਇੱਕ ਸਾਲ ਤੱਕ ਉਸਦੀ ਦੇਖਭਾਲ ਕਰਨ ਦੀ ਸਹੁੰ ਚੁਕਾਈ ਜਾਵੇਗੀ। ਉਸ ਬੂਟੇ ਨੂੰ ਉਸ ਮਿੱਤਰ ਦੇ ਨਾਮ ਨਾਲ ਜਾਣਿਆ ਜਾਵੇਗਾ। ਉਹਨਾਂ ਨੇ ਕਿਹਾ ਕਿ ਇਸ ਵਾਰ ਵਿਦੇਸ਼ੀ ਅਤੇ ਦਿਖਾਵੇ ਵਾਲੇ ਬੂਟਿਆਂ ਦੀ ਥਾਂ ਨਿੰਮ, ਬੋਹੜ, ਪਿੱਪਲ, ਜਾਮੁਨ, ਅੰਬ, ਅਰਜੁਨ, ਸੁਹੰਜਨਾ ਵਰਗੇ ਦੇਸੀ ਅਤੇ ਛਾਂਦਾਰ, ਫਲਦਾਰ ਬੂਟੇ ਲਗਾਉਣ @ਤੇ ਜ਼ੋਰ ਦਿੱਤਾ ਜਾਵੇਗਾ, ਜੋ ਵਾਤਾਵਰਣ ਅਤੇ ਜੈਵ ਵਿਭਿੰਨਤਾ ਲਈ ਵਧੇਰੇ ਲਾਹੇਵੰਦ ਹਨ।




ਇਸ ਮੌਕੇ ਉਹਨਾਂ ਨੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਵਧ ਰਿਹਾ ਪ੍ਰਦੂਸ਼ਣ, ਡਿੱਗ ਰਿਹਾ ਧਰਤੀ ਹੇਠਲਾ ਪਾਣੀ ਅਤੇ ਵਧ ਰਹੀ ਗਰਮੀ ਦੀ ਸਭ ਤੋਂ ਵੱਡੀ ਵਜ੍ਹਾ ਰੁੱਖਾਂ ਦੀ ਅੰਨ੍ਹੇਵਾਹ ਕਟਾਈ ਹੈ। ਜੇਕਰ ਅਸੀਂ ਹੁਣ ਵੀ ਨਾ ਸੰਭਲੇ ਤਾਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਸਾਹ ਲੈਣ ਲਈ ਸਾਫ ਹਵਾ ਵੀ ਨਸੀਬ ਨਹੀਂ ਹੋਵੇਗੀ। ਰੁੱਖ ਹੀ ਸਾਡੇ ਸੱਚੇ ਮਿੱਤਰ ਹਨ ਜੋ ਬਿਨਾਂ ਕੁਝ ਲਏ ਸਾਨੂੰ ਆਕਸੀਜਨ, ਛਾਂ, ਫਲ ਅਤੇ ਮੀਂਹ ਦਿੰਦੇ ਹਨ।ਇਸ ਮੌਕੇ ਉਹਨਾਂ ਸਾਰੇ ਸ਼ਹਿਰ ਵਾਸੀਆਂ, ਕਲੱਬਾਂ, ਵਪਾਰ ਮੰਡਲਾਂ ਅਤੇ ਕਿਸਾਨ ਵੀਰਾਂ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਇਸ ਮੁਹਿੰਮ ਦਾ ਹਿੱਸਾ ਬਣਨ। ਆਓ, ਇਸ ਵਰਖਾ ਰੁੱਤ ਵਿੱਚ ਅਸੀਂ ਸਹੁੰ ਚੁੱਕੀਏ ਕਿ ਅਸੀਂ ਘੱਟੋ-ਘੱਟ ਇੱਕ ਰੁੱਖ ਜ਼ਰੂਰ ਲਗਾਵਾਂਗੇ ਅਤੇ ਉਸਨੂੰ ਆਪਣੇ ਬੱਚੇ ਵਾਂਗ ਪਾਲ ਕੇ ਵੱਡਾ ਕਰਾਂਗੇ। ਕਿਉਂਕਿ ਇੱਕ ਰੁੱਖ ਲਗਾਉਣਾ ਸੌ ਸੁੱਖਾਂ ਦੀ ਨੀਂਹ ਰੱਖਣ ਦੇ ਬਰਾਬਰ ਹੈ।

## ਧਰਮਿੰਦਰ ਪ੍ਰਧਾਨ ਦਾ ਅਸਤੀਫ਼ਾ ਵਿਦਿਆਰਥੀਆਂ ਦੀ ਜਿੱਤ; ਹੁਣ ਮੋਦੀ ਦੇਸ਼ ਤੋਂ ਮੰਗਣ ਮੁਆਫ਼ੀ: ਕਾਂਗਰਸ

### ‘ਨੀਟ ਪੇਪਰ ਲੀਕ ਮਾਮਲੇ ’ਚ ਹੰਕਾਰੀ ਸਰਕਾਰ ਨੂੰ ਝੁਕਣਾ ਪਿਆ; ਹਿੰਸਕ ਪੁਲਿਸ ਕਾਰਵਾਈ ਲਈ PM ਦੇਣ ਸਪੱਸ਼ਟੀਕਰਨ’: ਖੜਗੇ ਤੇ ਰਾਹੁਲ ਗਾਂਧੀ



**ਨਵੀਂ ਦਿੱਲੀ, 25 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਕਾਂਗਰਸ ਪਾਰਟੀ ਨੇ ਕੇਂਦਰੀ ਸਿੱਖਿਆ ਮੰਤਰੀ ਧਰਮੇਂਦਰ ਪ੍ਰਧਾਨ ਦੇ ਅਸਤੀਫ਼ੇ ਦਾ ਸਵਾਗਤ ਕਰਦਿਆਂ ਇਸ ਨੂੰ ਨੀਟ (NEET) ਪੇਪਰ ਲੀਕ ਖ਼ਿਲਾਫ਼ ਸੰਘਰਸ਼ ਕਰ ਰਹੇ ਲੱਖਾਂ ਵਿਦਿਆਰਥੀਆਂ ਦੀ ਵੱਡੀ ਜਿੱਤ ਕਰਾਰ ਦਿੱਤਾ ਹੈ। ਹਾਲਾਂਕਿ, ਪਾਰਟੀ ਨੇ ਸਪੱਸ਼ਟ ਕੀਤਾ ਹੈ ਕਿ ਜਵਾਬਦੇਹੀ ਦੀ ਇਹ ਲੜਾਈ ਅਜੇ ਖ਼ਤਮ ਨਹੀਂ ਹੋਈ ਹੈ। ਕਾਂਗਰਸ ਨੇ ਮੰਗ ਕੀਤੀ ਹੈ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇਸ਼ ਦੇ ਭਵਿੱਖ ਨਾਲ ਹੋਏ ਖਿਲਵਾੜ ਲਈ ਨੌਜਵਾਨਾਂ ਤੋਂ ਮਾਫ਼ੀ ਮੰਗਣ ਅਤੇ ਪ੍ਰਦਰਸ਼ਨਕਾਰੀ ਵਿਦਿਆਰਥੀਆਂ ’ਤੇ ਹੋਏ ਪੁਲੀਸ ਤੱਸ਼ਦਦ ਲਈ ਜ਼ਿੰਮੇਵਾਰਾਂ ਖ਼ਿਲਾਫ਼ ਸਖ਼ਤ ਕਾਰਵਾਈ ਕਰਨ। ਕਾਂਗਰਸ ਪ੍ਰਧਾਨ ਮੱਲਿਕਾਰਜੁਨ ਖੜਗੇ ਨੇ ਕਿਹਾ ਕਿ ਆਖ਼ਰਕਾਰ ਵਿਦਿਆਰਥੀਆਂ ਦੀ ਆਵਾਜ਼ ਨੇ ਇੱਕ ‘ਅਹੰਕਾਰੀ ਸਰਕਾਰ’ ਦੇ ਕੰਨਾਂ ਤੱਕ ਪਹੁੰਚ ਕੇ ਉਨ੍ਹਾਂ ਨੂੰ ਝੁਕਣ ਲਈ ਮਜ਼ਬੂਰ ਕਰ ਦਿੱਤਾ। ਉਨ੍ਹਾਂ ਕਿਹਾ ਕਿ ਇਹ ਅਸਤੀਫ਼ਾ ਪ੍ਰਧਾਨ ਮੰਤਰੀ ਮੋਦੀ ਦੀ ਜ਼ਿੱਦ ’ਤੇ ਸੱਚ ਦੀ ਜਿੱਤ ਹੈ ਅਤੇ ਉਨ੍ਹਾਂ ਲੱਖਾਂ ਪਰਿਵਾਰਾਂ ਦਾ ਇਨਸਾਫ਼ ਹੈ ਜਿਨ੍ਹਾਂ ਦੇ ਬੱਚਿਆਂ ਨੇ ਖ਼ਰਾਬ ਪ੍ਰੀਖਿਆ ਪ੍ਰਣਾਲੀ ਕਾਰਨ ਆਪਣੀਆਂ ਜਾਨਾਂ ਗੁਆਈਆਂ ਹਨ। ਖੜਗੇ ਨੇ ਮੰਗ ਕੀਤੀ ਕਿ ਅੰਦੋਲਨ ਦੌਰਾਨ ਵਿਦਿਆਰਥੀਆਂ ’ਤੇ ਲਾਠੀਚਾਰਜ ਅਤੇ ਪੈਲੇਟ ਗਨ ਚਲਾਉਣ ਵਾਲੇ ਅਧਿਕਾਰੀਆਂ ’ਤੇ ਤੁਰੰਤ ਮੁਕੱਦਮਾ ਦਰਜ ਕੀਤਾ ਜਾਵੇ। ਕਾਂਗਰਸ ਦੇ ਜਨਰਲ ਸਕੱਤਰ (ਸੰਗਠਨ) ਕੇ. ਸੀ. ਵੇਣੂਗੋਪਾਲ ਨੇ ਅਸਤੀਫ਼ੇ ਨੂੰ ‘ਭਾਰਤ ਦੇ ਯੂਥ ਦੀ ਜਿੱਤ’ ਦੱਸਦਿਆਂ ਕਿਹਾ ਕਿ ਰਾਹੁਲ ਗਾਂਧੀ ਸ਼ੁਰੂ ਤੋਂ ਹੀ ਵਿਦਿਆਰਥੀਆਂ ਦੇ ਨਾਲ ਚਟਾਨ ਵਾਂਗ ਖੜ੍ਹੇ ਰਹੇ ਹਨ। ਉਨ੍ਹਾਂ ਕਿਹਾ ਕਿ ਜਦੋਂ ਤੱਕ ਪ੍ਰਦਰਸ਼ਨਕਾਰੀ ਵਿਦਿਆਰਥੀਆਂ ’ਤੇ ਹਮਲਾ ਕਰਨ ਵਾਲਿਆਂ ਵਿਰੁੱਧ ਕਾਰਵਾਈ ਨਹੀਂ ਹੁੰਦੀ ਅਤੇ ਪ੍ਰਧਾਨ ਮੰਤਰੀ ਮਾਫ਼ੀ ਨਹੀਂ ਮੰਗਦੇ, ਉਦੋਂ ਤੱਕ ਕਾਂਗਰਸ ਦਾ ਇਹ ਸੰਘਰਸ਼ ਜਾਰੀ ਰਹੇਗਾ। ਦੂਜੇ ਪਾਸੇ, ਕਾਂਗਰਸ ਦੇ ਰਾਜ ਸਭਾ ਮੈਂਬਰ ਅਤੇ ਸੰਚਾਰ ਵਿਭਾਗ ਦੇ ਇੰਚਾਰਜ ਜੈਰਾਮ ਰਮੇਸ਼ ਨੇ ਦੋਸ਼ ਲਗਾਇਆ ਕਿ ਪ੍ਰਧਾਨ ਮੰਤਰੀ ਸਿੱਖਿਆ ਮੰਤਰੀ ਨੂੰ ਬਚਾਉਣ ਦੀ ਕੋਸ਼ਿਸ਼ ਕਰ ਰਹੇ ਸਨ, ਪਰ ਵਿਦਿਆਰਥੀਆਂ ਦੇ ਅਟੱਲ ਦਬਾਅ ਨੇ ਸਰਕਾਰ ਨੂੰ ਇਹ ਕਦਮ ਚੁੱਕਣ ਲਈ ਮਜ਼ਬੂਰ ਕੀਤਾ। ਰਮੇਸ਼ ਨੇ ਦੋਸ਼ ਲਾਇਆ ਕਿ ਧਰਮੇਂਦਰ ਪ੍ਰਧਾਨ ਨੇ ਹਮੇਸ਼ਾ ਪੇਪਰ ਲੀਕ ਨੂੰ ਮਹਿਜ਼ ‘ਗੜਬੜੀ’ ਦੱਸ ਕੇ ਮਾਮਲੇ ਨੂੰ ਰਫ਼ਾ-ਦਫ਼ਾ ਕਰਨ ਦੀ ਕੋਸ਼ਿਸ਼ ਕੀਤੀ ਅਤੇ ਸੰਸਦੀ ਕਮੇਟੀ ਦੀਆਂ ਸੁਧਾਰ ਸਿਫ਼ਾਰਸ਼ਾਂ ਨੂੰ ਵੀ ਅਣਦੇਖਾ ਕੀਤਾ।

Shaheedeazamnews.com
ਖ਼ਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ:
9814632807

Shaheed-e-Azam Printed, published and owned by Harjinder Chaudhary printed at Raftaar Printing Press, Factory Area, Patiala and published at Office Shaheed-e-Azam, Dukhniwaran Chowk Patiala.
Editor : Chhatarpal Singh
PRGI (RNI) Regd. No. 42354

ਨੋਟ : ਸੰਪਾਦਕ ਸਿਰਫ਼ ਪੀ ਆਰ ਬੀ ਐਕਟ ਅਧੀਨ ਖ਼ਬਰਾਂ ਲਈ ਜ਼ਿੰਮੇਵਾਰ ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ਼ ਪਟਿਆਲਾ ਅਦਾਲਤ ’ਚ ਹੀ ਹੋਵੇਗਾ।

Shaheed-e-Azam, Daily Punjabi Newspaper, Patiala
Editor-in-Chief : Prabhjit Singh
Editor : Chhatarpal Singh
Contact : 93165-23260, 98146-32807
Email : seanewspatiala@gmail.com
www.shaheedeazamnews.com
For Advertisement : 93165-23260, 98146-32807



# ਪੌਲੀਟਿਕਸ



## ਰੋਟਰੀ ਕਲੱਬ ਨਾਭਾ ਗ੍ਰੇਟਰ ਵੱਲੋਂ ਸਰਕਾਰੀ ਹਾਈ ਸਕੂਲ ਬਨੇਰਾ ਖੁਰਦ ਨੂੰ ਪਾਣੀ ਦੀ ਟੈਂਕੀ ਭੇਟ

**ਨਾਭਾ, 25 ਜੁਲਾਈ**
**-ਹਰਸ਼ਪ੍ਰੀਤ ਕੌਰ-**

ਸਮਾਜ ਸੇਵਾ ਅਤੇ ਸਿੱਖਿਆ ਦੇ ਖੇਤਰ ਵਿੱਚ ਲਗਾਤਾਰ ਸ਼ਲਾਘਾਯੋਗ ਯੋਗਦਾਨ ਪਾ ਰਹੇ ਰੋਟਰੀ ਕਲੱਬ ਨਾਭਾ ਗ੍ਰੇਟਰ ਵੱਲੋਂ ਸ਼੍ਰੀ ਮਨੋਜ ਸਿੰਗਲਾ, ਸਕੱਤਰ ਰੋਟਰੀ ਕਲੱਬ ਨਾਭਾ ਗ੍ਰੇਟਰ ਦੀ ਸਪੁੱਤਰੀ ਹਰਸ਼ਿਤਾ ਸਿੰਗਲਾ ਦੇ ਜਨਮ ਦਿਵਸ ਦੇ ਸ਼ੁਭ ਮੌਕੇ 'ਤੇ ਸਰਕਾਰੀ ਹਾਈ ਸਕੂਲ ਬਨੇੜਾ ਖੁਰਦ ਨੂੰ ਵਿਦਿਆਰਥੀਆਂ ਦੀ ਸਹੂਲਤ ਲਈ ਇੱਕ ਪਾਣੀ ਦੀ ਟੈਂਕੀ ਭੇਟ ਕੀਤੀ ਗਈ। ਇਸ ਉਪਰਾਲੇ ਦਾ ਉਦੇਸ਼ ਵਿਦਿਆਰਥੀਆਂ ਨੂੰ ਸਾਫ਼-ਸੁਥਰਾ ਪੀਣ ਵਾਲਾ ਪਾਣੀ ਉਪਲਬਧ ਕਰਵਾਉਣ ਦੇ ਨਾਲ-ਨਾਲ ਸਮਾਜ ਵਿੱਚ ਸੇਵਾ ਅਤੇ ਸਾਂਝੇਦਾਰੀ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਨਾ ਹੈ।

ਇਸ ਮੌਕੇ ਰੋਟਰੀ ਕਲੱਬ ਨਾਭਾ ਗ੍ਰੇਟਰ ਦੇ ਪ੍ਰਧਾਨ ਸ਼੍ਰੀ ਭੂਪੇਸ਼ ਸਿੰਗਲਾ, ਸਾਬਕਾ ਪ੍ਰਧਾਨ ਸ਼੍ਰੀ ਭੂਪੇਸ਼ ਬਾਂਸਲ, ਕੈਸ਼ੀਅਰ ਸ਼੍ਰੀ ਤੇਜ ਬਾਂਸਲ ਅਤੇ ਕਲੱਬ ਦੇ ਸਤਿਕਾਰਯੋਗ ਮੈਂਬਰ ਸ਼੍ਰੀ ਲਲਿਤ ਸ਼ਰਮਾ, ਸ਼੍ਰੀ ਵਿਵੇਕ ਖੰਨਾ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

ਸਮਾਗਮ ਦੌਰਾਨ ਪ੍ਰਧਾਨ ਸ਼੍ਰੀ ਭੂਪੇਸ਼ ਸਿੰਗਲਾ, ਸ਼੍ਰੀ ਵਿਵੇਕ ਖੰਨਾ ਅਤੇ ਸ਼੍ਰੀ ਲਲਿਤ ਸ਼ਰਮਾ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਮਿਹਨਤ, ਅਨੁਸ਼ਾਸਨ ਅਤੇ ਲਗਨ ਨਾਲ ਪੜ੍ਹਾਈ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਜੀਵਨ ਵਿੱਚ ਸਫਲਤਾ ਪ੍ਰਾਪਤ ਕਰਨ ਲਈ ਉੱਚੇ ਟੀਚੇ ਨਿਰਧਾਰਿਤ ਕਰਨ, ਅਧਿਆਪਕਾਂ ਦਾ ਸਤਿਕਾਰ ਕਰਨ ਅਤੇ ਸਮੇਂ ਦੀ ਕਦਰ ਕਰਨ ਦੀ ਬਹੁਤ ਲੋੜ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਚੰਗੇ ਨਾਗਰਿਕ ਬਣਨ, ਨੈਤਿਕ ਕਦਰਾਂ-ਕੀਮਤਾਂ ਨੂੰ ਅਪਣਾਉਣ ਅਤੇ ਹਰ ਖੇਤਰ ਵਿੱਚ ਬਿਹਤਰੀਨ ਪ੍ਰਦਰਸ਼ਨ ਕਰਨ ਲਈ ਉਤਸ਼ਾਹਿਤ ਕੀਤਾ।

ਰੋਟਰੀ ਕਲੱਬ ਨਾਭਾ ਗ੍ਰੇਟਰ ਪਿਛਲੇ ਕਈ ਸਾਲਾਂ ਤੋਂ ਸਿੱਖਿਆ ਅਤੇ ਸਮਾਜ ਭਲਾਈ ਦੇ ਖੇਤਰ ਵਿੱਚ ਸਰਗਰਮ ਭੂਮਿਕਾ ਨਿਭਾ ਰਿਹਾ ਹੈ। ਕਲੱਬ ਵੱਲੋਂ ਸਮੇਂ-ਸਮੇਂ 'ਤੇ ਸਰਕਾਰੀ ਸਕੂਲਾਂ ਵਿੱਚ ਬੁਨਿਆਦੀ ਸਹੂਲਤਾਂ ਵਿੱਚ ਸੁਧਾਰ, ਪੀਣ ਵਾਲੇ ਪਾਣੀ ਦੀਆਂ ਸਹੂਲਤਾਂ, ਸਿਹਤ ਜਾਂਚ ਕੈਂਪ, ਰੁੱਖ ਲਗਾਉਣ ਦੀਆਂ ਮੁਹਿੰਮਾਂ, ਵਿਦਿਆਰਥੀਆਂ ਨੂੰ ਲੋੜੀਂਦੀ ਸਮੱਗਰੀ ਦੀ ਵੰਡ, ਕਰੀਅਰ ਮਾਰਗਦਰਸ਼ਨ ਅਤੇ ਹੋਰ ਅਨੇਕਾਂ ਲੋਕ ਭਲਾਈ ਦੇ ਕਾਰਜ ਕੀਤੇ ਜਾਂਦੇ ਹਨ। ਕਲੱਬ ਦਾ ਮੁੱਖ ਉਦੇਸ਼ ਸਿੱਖਿਆ ਦੀ ਗੁਣਵੱਤਾ ਵਿੱਚ ਸੁਧਾਰ ਲਿਆਉਣਾ ਅਤੇ ਵਿਦਿਆਰਥੀਆਂ ਨੂੰ ਬਿਹਤਰ ਸਿੱਖਣ ਦਾ ਮਾਹੌਲ ਪ੍ਰਦਾਨ ਕਰਨਾ ਹੈ।

ਇਸ ਮੌਕੇ ਸਰਕਾਰੀ ਹਾਈ ਸਕੂਲ ਬਨੇੜਾ ਖੁਰਦ ਦੇ ਮੁੱਖ ਅਧਿਆਪਕ ਸ਼੍ਰੀ ਕੁਲਵੀਰ ਸਿੰਘ ਨੇ ਰੋਟਰੀ ਕਲੱਬ ਨਾਭਾ ਗ੍ਰੇਟਰ ਦੇ ਸਮੂਹ ਅਹੁਦੇਦਾਰਾਂ ਅਤੇ ਮੈਂਬਰਾਂ ਦਾ ਇਸ ਸ਼ਲਾਘਾਯੋਗ ਉਪਰਾਲੇ ਲਈ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਬੇਟੀ ਹਰਸ਼ਿਤਾ ਸਿੰਗਲਾ ਨੂੰ ਜਨਮ ਦਿਵਸ ਦੀਆਂ ਹਾਰਦਿਕ ਵਧਾਈਆਂ ਅਤੇ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਸਮਾਜ ਸੇਵਾ ਨਾਲ ਜੁੜਿਆ ਇਹ ਉਪਰਾਲਾ ਹੋਰਨਾਂ ਲਈ ਵੀ ਪ੍ਰੇਰਣਾਦਾਇਕ ਹੈ। ਮੁੱਖ ਅਧਿਆਪਕ ਨੇ ਇਹ ਵੀ ਆਸ ਪ੍ਰਗਟਾਈ ਕਿ ਰੋਟਰੀ ਕਲੱਬ ਨਾਭਾ ਗ੍ਰੇਟਰ ਭਵਿੱਖ ਵਿੱਚ ਵੀ ਸਕੂਲ ਨਾਲ ਇਸੇ ਤਰ੍ਹਾਂ ਜੁੜਿਆ ਰਹੇਗਾ ਅਤੇ ਸਕੂਲ ਦੇ ਸਰਵਪੱਖੀ ਵਿਕਾਸ, ਵਿਦਿਆਰਥੀਆਂ ਦੀ ਭਲਾਈ ਅਤੇ ਬੁਨਿਆਦੀ ਸਹੂਲਤਾਂ ਦੇ ਹੋਰ ਸੁਧਾਰ ਲਈ ਆਪਣਾ ਸਹਿਯੋਗ ਜਾਰੀ ਰੱਖੇਗਾ। ਉਨ੍ਹਾਂ ਕਿਹਾ ਕਿ ਸਕੂਲ ਪ੍ਰਸ਼ਾਸਨ ਅਤੇ ਰੋਟਰੀ ਕਲੱਬ ਦੀ ਇਹ ਸਾਂਝ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਲਈ ਇੱਕ ਮਜ਼ਬੂਤ ਕਦਮ ਸਾਬਤ ਹੋਵੇਗੀ।

ਸਮਾਗਮ ਦੇ ਅੰਤ ਵਿੱਚ ਸਕੂਲ ਸਟਾਫ਼, ਵਿਦਿਆਰਥੀਆਂ ਅਤੇ ਪਤਵੰਤਿਆਂ ਨੇ ਰੋਟਰੀ ਕਲੱਬ ਨਾਭਾ ਗ੍ਰੇਟਰ ਦੇ ਇਸ ਸਮਾਜ ਭਲਾਈ ਦੇ ਕਾਰਜ ਦੀ ਭਰਪੂਰ ਸ਼ਲਾਘਾ ਕੀਤੀ ਅਤੇ ਕਲੱਬ ਨੂੰ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।

## ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਪਿੰਡ ਚਾਸਵਾਲ, ਸਕਰਾਲੀ ਅਤੇ ਜਾਤੀਵਾਲ ਤੋਂ ਤਿੰਨ ਬੱਸਾਂ ਰਵਾਨਾ



**ਨਾਭਾ, 25 ਜੁਲਾਈ**
**-ਹਰਸ਼ਪ੍ਰੀਤ ਕੌਰ-**

ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਚਲਾਈ ਜਾ ਰਹੀ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਅੱਜ ਹਲਕਾ ਨਾਭਾ ਦੇ ਪਿੰਡ ਚਾਸਵਾਲ, ਸਕਰਾਲੀ ਅਤੇ ਜਾਤੀਵਾਲ ਤੋਂ ਬੱਸ ਨੰਬਰ 84, 85 ਅਤੇ 86 ਨੂੰ ਸ਼ਰਧਾਲੂਆਂ ਨਾਲ ਰਵਾਨਾ ਕੀਤਾ ਗਿਆ। ਇਸ ਮੌਕੇ ਨਾਭਾ ਦੇ ਵਿਧਾਇਕ ਸ. ਗੁਰਦੇਵ ਸਿੰਘ ਦੇਵ ਮਾਨ ਨੇ ਯਾਤਰੀਆਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਪੰਜਾਬ ਸਰਕਾਰ ਹਰ ਵਰਗ ਦੀਆਂ ਧਾਰਮਿਕ ਭਾਵਨਾਵਾਂ ਦਾ ਸਤਿਕਾਰ ਕਰਦੀ ਹੈ ਅਤੇ ਇਸੇ ਉਦੇਸ਼ ਨਾਲ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਸ਼ੁਰੂ ਕੀਤੀ ਗਈ ਹੈ।ਵਿਧਾਇਕ ਦੇਵ ਮਾਨ ਨੇ ਕਿਹਾ ਕਿ ਇਸ ਯੋਜਨਾ ਤਹਿਤ ਸ਼ਰਧਾਲੂਆਂ ਲਈ ਆਵਾਜਾਈ, ਰਿਹਾਇਸ਼, ਭੋਜਨ ਅਤੇ ਹੋਰ ਲੋੜੀਂਦੀਆਂ ਸਹੂਲਤਾਂ ਦਾ ਪ੍ਰਬੰਧ ਪੰਜਾਬ ਸਰਕਾਰ ਵੱਲੋਂ ਕੀਤਾ ਜਾਂਦਾ ਹੈ। ਯਾਤਰਾ ਪੂਰੀ ਕਰਨ ਉਪਰੰਤ ਹਰ ਸ਼ਰਧਾਲੂ ਨੂੰ ਸਤਿਕਾਰ ਵਜੋਂ ਪ੍ਰਸ਼ਾਦ ਵੀ ਭੇਟ ਕੀਤਾ ਜਾਂਦਾ ਹੈ , ਉਨ੍ਹਾਂ ਦੱਸਿਆ ਕਿ ਯਾਤਰਾ ਦੌਰਾਨ ਸ਼ਰਧਾਲੂਆਂ ਨੂੰ ਸ੍ਰੀ ਹਰਿਮੰਦਰ ਸਾਹਿਬ (ਸ੍ਰੀ ਦਰਬਾਰ ਸਾਹਿਬ), ਸ੍ਰੀ ਰਾਮ ਤੀਰਥ, ਸ੍ਰੀ ਦੁਰਗਿਆਨਾ ਮੰਦਿਰ (ਅੰਮ੍ਰਿਤਸਰ) ਦੇ ਦਰਸ਼ਨ ਕਰਵਾਏ ਜਾਂਦੇ ਹਨ। ਇਸ ਤੋਂ ਇਲਾਵਾ ਵਾਹਗਾ ਬਾਰਡਰ ਵਿਖੇ ਭਾਰਤ-ਪਾਕਿਸਤਾਨ ਸਰਹੱਦ 'ਤੇ ਹੋਣ ਵਾਲੀ ਪ੍ਰਸਿੱਧ ਬੀਟਿੰਗ ਰਿਟਰੀਟ (ਪਰੇਡ) ਵੀ ਵਿਖਾਈ ਜਾਂਦੀ ਹੈ, ਜਿਸ ਨਾਲ ਸ਼ਰਧਾਲੂਆਂ ਨੂੰ ਧਾਰਮਿਕ ਅਤੇ ਦੇਸ਼ਭਗਤੀ ਦਾ ਵਿਲੱਖਣ ਅਨੁਭਵ ਪ੍ਰਾਪਤ ਹੁੰਦਾ ਹੈ।ਇਸ ਮੌਕੇ ਵਿਧਾਇਕ ਦੇਵ ਮਾਨ ਨੇ ਯਾਤਰਾ 'ਤੇ ਜਾ ਰਹੇ ਸਮੂਹ ਸ਼ਰਧਾਲੂਆਂ ਨੂੰ ਸੁਖਦ, ਸੁਰੱਖਿਅਤ ਅਤੇ ਆਧਿਆਤਮਿਕ ਯਾਤਰਾ ਲਈ ਦਿਲੋਂ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਪੰਜਾਬ ਸਰਕਾਰ ਲੋਕ ਭਲਾਈ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਹਰ ਪੰਜਾਬੀ ਦੀ ਸੇਵਾ ਅਤੇ ਸਤਿਕਾਰ ਲਈ ਲਗਾਤਾਰ ਕੰਮ ਕਰ ਰਹੀ ਹੈ , ਇਸ ਮੌਕੇ ਤੇਜਿੰਦਰ ਸਿੰਘ ਖਹਿਰਾ (ਡਾਇਰੈਕਟਰ), ਧਰਮਿੰਦਰ ਸਿੰਘ ਸੁਖੇਵਾਲ (ਸੀਨੀਅਰ ਆਗੂ), ਮਨਪ੍ਰੀਤ ਸਿੰਘ ਧਾਰੋਕੀ (ਪ੍ਰਧਾਨ ਟਰੱਕ ਯੂਨੀਅਨ), ਸਿਮਰਨਜੀਤ ਸਿੰਘ ਅੜਕ ਚੋਹਾਨ, ਭੁਪਿੰਦਰ ਸਿੰਘ ਕੱਲਰ ਮਾਜਰੀ (ਵਾਈਸ ਚੇਅਰਮੈਨ), ਬਲਵੀਰ ਸਿੰਘ ਖੱਟੜਾ (ਸੀਨੀਅਰ ਆਗੂ), ਅੰਗਰੇਜ਼ ਸਿੰਘ (ਸਰਪੰਚ), ਅਵਤਾਰ ਸਿੰਘ, ਰਣਵੀਰ ਸਿੰਘ, ਪਿਰਥੀ ਚੰਦ, ਗੁਰਲਾਲ ਸਿੰਘ, ਜਸਵੀਰ ਸਿੰਘ ਵਜੀਦਪੁਰ, ਸੁਖਦੀਪ ਸਿੰਘ ਖਹਿਰਾ, ਮਨਜੋਤ ਸਿੰਘ ਲੱਧਾਹੇੜੀ (ਯੂਥ ਪ੍ਰਧਾਨ) ਸਮੇਤ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

## ਆਯੁਸ਼ਮਾਨ ਆਰੋਗਿਆ ਕੇਂਦਰਾਂ ਰਾਹੀਂ ਸਿਹਤ ਸੇਵਾਵਾਂ ਦੇ ਦਾਇਰੇ ਵਿੱਚ ਹੋਇਆ ਵਾਧਾ



**ਮਲੇਰਕੋਟਲਾ, 25 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਅਵਾਮ ਨੂੰ ਘਰ ਦੇ ਨੇੜੇ ਮੁਢਲੀ ਸਿਹਤ ਸੇਵਾਵਾਂ ਉਪਲਬੱਧ ਕਰਵਾਉਣ ਦੇ ਉਦੇਸ਼ ਨਾਲ ਵਿਧਾਇਕ ਮਾਲੇਰਕੋਟਲਾ ਜਮੀਲ ਉਰ ਰਹਿਮਾਨ ਵੱਲੋਂ ਜ਼ਿਲ੍ਹੇ ਦੇ 15ਵੇਂ ਆਯੂਸ਼ਮਾਨ ਆਰੋਗਿਆ ਕੇਂਦਰ ਦਾ ਰਸਮੀ ਉਦਘਾਟਨ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨੇ ਆਯੂਸ਼ ਕੇਂਦਰ ਦੀਆਂ ਸਹੂਲਤਾਂ ਦਾ ਜਾਇਜ਼ਾ ਲੈਂਦਿਆਂ ਸਿਹਤ ਵਿਭਾਗ ਦੇ ਯਤਨਾਂ ਦੀ ਸ਼ਲਾਘਾ ਕੀਤੀ।

ਵਿਧਾਇਕ ਮਾਲੇਰਕੋਟਲਾ ਨੇ ਕਿਹਾ ਕਿ ਪੰਜਾਬ ਸਰਕਾਰ ਹਰ ਨਾਗਰਿਕ ਨੂੰ ਮਿਆਰੀ ਸਿਹਤ ਸੇਵਾਵਾਂ ਉਪਲਬੱਧ ਕਰਵਾਉਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਆਯੂਸ਼ਮਾਨ ਆਰੋਗਿਆ ਕੇਂਦਰਾਂ ਰਾਹੀਂ ਆਮ ਲੋਕਾਂ ਨੂੰ ਪ੍ਰਾਇਮਰੀ ਸਿਹਤ ਸੇਵਾਵਾਂ, ਵੱਖ-ਵੱਖ ਬਿਮਾਰੀਆਂ ਦੀ ਜਾਂਚ, ਮੁਫ਼ਤ ਦਵਾਈਆਂ, ਸਿਹਤ ਸਬੰਧੀ ਸਲਾਹ-ਮਸ਼ਵਰਾ ਅਤੇ ਰੋਕਥਾਮ ਸਬੰਧੀ ਜਾਣਕਾਰੀ ਇੱਕੋ ਛੱਤ ਹੇਠ ਮਿਲ ਰਹੀ ਹੈ।

ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਨ੍ਹਾਂ ਸੇਵਾਵਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ ਅਤੇ ਨਿਯਮਿਤ ਸਿਹਤ ਜਾਂਚ ਕਰਵਾ ਕੇ ਸਿਹਤਮੰਦ ਜੀਵਨ ਸ਼ੈਲੀ ਅਪਣਾਉਣ।

ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ ਪਹਿਲਾਂ ਤੋਂ ਚੱਲ ਰਹੇ 14 ਆਯੂਸ਼ਮਾਨ ਆਰੋਗਿਆ ਕੇਂਦਰਾਂ ਰਾਹੀਂ ਹੁਣ ਤੱਕ ਲਗਭਗ 02 ਲੱਖ 12 ਹਜ਼ਾਰ 597 ਲੋਕ ਸਿਹਤ ਸੇਵਾਵਾਂ ਦਾ ਲਾਭ ਲੈ ਚੁੱਕੇ ਹਨ, ਜਦਕਿ ਕਰੀਬ 01 ਲੱਖ ਤੋਂ ਵੱਧ ਵੱਖ-ਵੱਖ ਲੈਬ ਟੈਸਟ ਕੀਤੇ ਜਾ ਚੁੱਕੇ ਹਨ। ਉਨ੍ਹਾਂ ਕਿਹਾ ਕਿ ਇਹ ਆਯੂਸ਼ਮਾਨ ਕੇਂਦਰ ਲੋਕਾਂ ਨੂੰ ਸਮੇਂ ਸਿਰ ਇਲਾਜ ਅਤੇ ਰੋਗਾਂ ਦੀ ਰੋਕਥਾਮ ਲਈ ਮਹੱਤਵਪੂਰਨ ਭੂਮਿਕਾ ਨਿਭਾ ਰਹੇ ਹਨ।

ਇਸ ਮੌਕੇ ਜ਼ਿਲ੍ਹਾ ਪਰਿਵਾਰ ਭਲਾਈ ਅਫ਼ਸਰ ਡਾ. ਸੀਮਾ ਜੱਸਲ, ਜ਼ਿਲ੍ਹਾ ਹਸਪਤਾਲ ਦੇ ਸੀਨੀਅਰ ਮੈਡੀਕਲ ਅਫ਼ਸਰ ਡਾ. ਸੁਖਵਿੰਦਰ ਸਿੰਘ, ਸਿਹਤ ਵਿਭਾਗ ਦੇ ਡਾਕਟਰ, ਐਮ.ਸੀ ਫਾਰੂਕ ਅਹਿਮਦ, ਅਸ਼ਰਫ, ਅਜਹਰ ਮੁਨੀਮ, ਹਾਜੀ ਨੂਰਦੀਨ, ਚੌਧਰੀ ਬਸ਼ੀਰ, ਮੁਹੰਮਦ ਹਨੀਫ, ਮੁਹੰਮਦ ਜਮੀਲ, ਮੁਹੰਮਦ ਜਮੀਲ ਦਾਰਾ, ਅਸ਼ਰਫ ਅਬਦੁੱਲਾ, ਚੌਧਰੀ ਜਹੀਰ, ਇਮਰਾਨ ਕਿੱਸਨ, ਯੂਨਿਸ ਭੋਲਾ, ਸਟਾਫ ਮੈਂਬਰ ਅਤੇ ਮੁਹੱਲਾ ਨਿਵਾਸੀ ਹਾਜ਼ਰ ਸਨ।

## ਐਲ. ਈ. ਡੀ. ਵੈਨ ਰਾਹੀਂ ਲੋਕਾਂ ਤੱਕ ਪਹੁੰਚਾਇਆ ਜਾ ਰਿਹਾ ਹੈ ਸ਼੍ਰੀ ਗੁਰੂ ਰਵਿਦਾਸ ਜੀ ਦਾ ਸੰਦੇਸ਼

**ਤਹਿਗੜ੍ਹ ਸਾਹਿਬ/ਅਮਲੋਹ, 25 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਸਰਕਾਰ ਵੱਲੋਂ ਸ਼੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਚਲਾਈ ਜਾ ਰਹੀ ਰਾਜ ਪੱਧਰੀ ਜਾਗਰੂਕਤਾ ਮੁਹਿੰਮ ਤਹਿਤ ਐਲ. ਈ. ਡੀ. ਵੈਨ ਵੱਲੋਂ ਬੀਤੀ ਸ਼ਾਮ ਬਲਾਕ ਅਮਲੋਹ ਦੇ ਪਿੰਡ ਤੰਦਾਬੱਧਾ ਖੁਰਦ, ਕੋਟਲੀ ਅਤੇ ਬਲਾਕ ਸਰਹਿੰਦ ਦੇ ਪਿੰਡ ਜਖਵਾਲੀ ਅਤੇ ਜਾਗੋ ਚਨਾਰਥਲ ਵਿਖੇ ਪਹੁੰਚ ਕੇ ਪਿੰਡ ਵਾਸੀਆਂ ਨੂੰ ਸ਼੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਬਾਣੀ ਅਤੇ ਉਪਦੇਸ਼ਾਂ ਬਾਰੇ ਜਾਣੂ ਕਰਵਾਇਆ ਗਿਆ। ਮਿਤੀ 26 ਜੁਲਾਈ ਨੂੰ ਬਲਾਕ ਸਰਹਿੰਦ ਦੇ ਪਿੰਡ ਪੋਲਾ,ਬਹਿਲੋਲਪੁਰ,ਬਲਾਕ ਅਮਲੋਹ ਦੇ ਪਿੰਡ ਸ਼ੇਰਗੜ੍ਹ ਅਤੇ ਕੰਜਾਰੀ ਵਿੱਚ ਦਸਤਾਵੇਜ਼ੀ ਫ਼ਿਲਮ ਦਿਖਾਈ ਜਾਵੇਗੀ।

ਪਿੰਡ-ਪਿੰਡ ਡਾਕੂਮੈਂਟਰੀ ਵੈਨਾਂ ਰਾਹੀਂ ਅੱਧੇ ਘੰਟੇ ਦੀ ਸ਼੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਫਲਸਫੇ ਅਤੇ ਉਨ੍ਹਾਂ ਵੱਲੋਂ ਦਿੱਤੇ ਮਨੁੱਖਤਾ, ਸਮਾਨਤਾ, ਸਮਾਜਿਕ ਨਿਆਂ, ਸੇਵਾ, ਭਾਈਚਾਰੇ ਅਤੇ ਸਦਭਾਵਨਾ ਦੇ ਸਰਬਵਿਆਪੀ ਸੰਦੇਸ਼ ਨੂੰ ਦਰਸਾਉਂਦੀ ਡਾਕੂਮੈਂਟਰੀ ਦਾ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ, ਜਿਸ ਵਿੱਚ ਪਿੰਡ ਵਾਸੀਆਂ ਨੂੰ ਗੁਰੂ ਸਾਹਿਬ ਦੇ ਮਹਾਨ ਜੀਵਨ ਦਰਸ਼ਨ, ਸਮਾਜ ਸੁਧਾਰਕ ਵਿਚਾਰਾਂ ਅਤੇ ਸਮਾਜ ਵਿੱਚ ਬਰਾਬਰੀ ਤੇ ਮਨੁੱਖੀ ਅਧਿਕਾਰਾਂ ਲਈ ਉਨ੍ਹਾਂ ਦੇ ਯੋਗਦਾਨ ਬਾਰੇ ਜਾਣੂ ਕਰਵਾਇਆ ਜਾ ਰਿਹਾ ਹੈ।

ਇਸ ਦੌਰਾਨ ਪਿੰਡ ਵਾਸੀਆਂ ਨੇ ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੀਆਂ ਜਾਗਰੂਕਤਾ ਮੁਹਿੰਮਾਂ ਰਾਹੀਂ ਸ਼੍ਰੀ ਗੁਰੂ ਰਵਿਦਾਸ ਜੀ ਦੀਆਂ ਮਹਾਨ ਸਿੱਖਿਆਵਾਂ ਅਤੇ ਮਨੁੱਖਤਾ ਦੇ ਸੰਦੇਸ਼ ਨੂੰ ਆਮ ਲੋਕਾਂ, ਵਿਸ਼ੇਸ਼ ਤੌਰ ਤੇ ਨੌਜਵਾਨ ਪੀੜ੍ਹੀ ਤੱਕ ਪ੍ਰਭਾਵਸ਼ਾਲੀ ਢੰਗ ਨਾਲ ਪਹੁੰਚਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਦੀ ਬਾਣੀ ਅੱਜ ਵੀ ਸਮਾਜ ਨੂੰ ਸੱਚ, ਸਮਾਨਤਾ ਅਤੇ ਆਪਸੀ ਸਤਿਕਾਰ ਦਾ ਰਾਹ ਦਿਖਾਉਂਦੀ ਹੈ, ਜਿਸ ਨਾਲ ਸਮਾਜ ਵਿੱਚ ਭਾਈਚਾਰਾ ਅਤੇ ਸਦਭਾਵਨਾ ਹੋਰ ਮਜ਼ਬੂਤ ਹੋਵੇਗੀ।

## 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪਿੰਡ ਗੱਗੜਪੁਰ ਵਿਖੇ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਜੀਵਨ 'ਤੇ ਅਧਾਰਿਤ ਡਾਕੂਮੈਂਟਰੀ ਦਿਖਾਈ

**ਸੰਗਰੂਰ, 25 ਜੁਲਾਈ**
**ਜਗਦੇਵ ਰੰਚਨਾਂ**

ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਚਲਾਈ ਜਾ ਰਹੀ ਵਿਸ਼ੇਸ਼ ਜਾਗਰੂਕਤਾ ਮੁਹਿੰਮ ਤਹਿਤ ਪਿੰਡ ਗੱਗੜਪੁਰ ਵਿਖੇ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਜੀਵਨ, ਉਪਦੇਸ਼ਾਂ ਅਤੇ ਸਮਾਜ ਨੂੰ ਦਿੱਤੇ ਅਮੁੱਲੇ ਯੋਗਦਾਨ 'ਤੇ ਅਧਾਰਿਤ ਡਾਕੂਮੈਂਟਰੀ ਦਾ ਪ੍ਰਦਰਸ਼ਨ ਕੀਤਾ ਗਿਆ।

ਇਸ ਮੌਕੇ ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ ਨੇ ਡਾਕੂਮੈਂਟਰੀ ਵੇਖਦਿਆਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਜੀਵਨ ਸੰਘਰਸ਼, ਮਨੁੱਖਤਾ, ਸਮਾਨਤਾ, ਭਾਈਚਾਰਕ ਸਾਂਝ ਅਤੇ ਸਮਾਜਿਕ ਨਿਆਂ ਦੇ ਸੰਦੇਸ਼ ਨੂੰ ਨੇੜਿਓਂ ਜਾਣਿਆ।

ਪਿੰਡ ਦੇ ਸਰਪੰਚ ਕੁਲਵਿੰਦਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸ਼ਰਧਾ ਅਤੇ ਸਤਿਕਾਰ ਨਾਲ ਮਨਾਉਂਦਿਆਂ ਉਨ੍ਹਾਂ ਦੇ ਜੀਵਨ ਅਤੇ ਸਿੱਖਿਆਵਾਂ ਨੂੰ ਘਰ-ਘਰ ਤੱਕ ਪਹੁੰਚਾਉਣ ਲਈ ਇਹ ਵਿਲੱਖਣ ਉਪਰਾਲਾ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਦਾ ਸਮਾਨਤਾ, ਭਾਈਚਾਰੇ ਅਤੇ ਮਨੁੱਖਤਾ ਦਾ ਸੰਦੇਸ਼ ਅੱਜ ਵੀ ਸਮਾਜ ਲਈ ਉਤਨਾ ਹੀ ਪ੍ਰਸੰਗਿਕ ਹੈ।

ਉਨ੍ਹਾਂ ਪਿੰਡ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਅਤੇ ਸਮਾਜ ਵਿੱਚ ਆਪਸੀ ਪਿਆਰ, ਸਦਭਾਵਨਾ ਅਤੇ ਬਰਾਬਰੀ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਨ ਲਈ ਯੋਗਦਾਨ ਪਾਉਣ।

## ਵਿਧਾਇਕ ਨਰਿੰਦਰ ਕੌਰ ਭਰਾਜ ਨੇ ਬਨਾਸਰ ਬਾਗ ਵਿਖੇ 138.75 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਦਿਵਿਆਂਗ: ਅਨੁਕੂਲ ਪਾਰਕ ਦਾ ਨੀਂਹ ਪੱਥਰ ਰੱਖਿਆ

**ਸੰਗਰੂਰ, 25 ਜੁਲਾਈ**
**ਜਗਦੇਵ ਰੰਚਨਾਂ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸ਼ਹਿਰਾਂ ਵਿੱਚ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਅਤੇ ਹਰ ਵਰਗ ਲਈ ਬਿਹਤਰ ਜਨਤਕ ਸਹੂਲਤਾਂ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਵਿਕਾਸ ਕਾਰਜ ਲਗਾਤਾਰ ਜਾਰੀ ਹਨ। ਇਸੇ ਲੜੀ ਤਹਿਤ ਅੱਜ ਹਲਕਾ ਸੰਗਰੂਰ ਦੀ ਵਿਧਾਇਕ ਸ਼੍ਰੀਮਤੀ ਨਰਿੰਦਰ ਕੌਰ ਭਰਾਜ ਵੱਲੋਂ ਬਨਾਸਰ ਬਾਗ ਵਿਖੇ 138.75 ਲੱਖ ਰੁਪਏ ਦੀ ਲਾਗਤ ਨਾਲ ਉਸਾਰੇ ਜਾਣ ਵਾਲੇ ਦਿਵਿਆਂਗ-ਅਨੁਕੂਲ ਪਾਰਕ ਦੀ ਉਸਾਰੀ ਦਾ ਨੀਂਹ ਪੱਥਰ ਰੱਖਿਆ ਗਿਆ। ਇਸ ਮੌਕੇ ਨਗਰ ਕੌਂਸਲ ਸੰਗਰੂਰ ਦੇ ਪ੍ਰਧਾਨ ਸ. ਭੁਪਿੰਦਰ ਸਿੰਘ ਨਹਿਲ ਵੀ ਹਾਜ਼ਰ ਸਨ।



ਇਸ ਮੌਕੇ ਸੰਬੋਧਨ ਕਰਦਿਆਂ ਵਿਧਾਇਕ ਨਰਿੰਦਰ ਕੌਰ ਭਰਾਜ ਨੇ ਕਿਹਾ ਕਿ ਪੰਜਾਬ ਸਰਕਾਰ ਸਮਾਜ ਦੇ ਹਰ ਵਰਗ ਦੇ ਲੋਕਾਂ ਲਈ ਸਮਾਨ ਮੌਕੇ ਅਤੇ ਬਿਹਤਰ ਬੁਨਿਆਦੀ ਸਹੂਲਤਾਂ ਯਕੀਨੀ ਬਣਾਉਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਦਿਵਿਆਂਗਜਨਾਂ ਨੂੰ ਵੀ ਜਨਤਕ ਥਾਵਾਂ 'ਤੇ ਬਿਨਾਂ ਕਿਸੇ ਰੁਕਾਵਟ ਦੇ ਪਹੁੰਚ ਅਤੇ ਮਨੋਰੰਜਨ ਦੀਆਂ ਸਹੂਲਤਾਂ ਮਿਲਣੀਆਂ ਚਾਹੀਦੀਆਂ ਹਨ। ਇਸੇ ਉਦੇਸ਼ ਨਾਲ ਸੰਗਰੂਰ ਵਿਖੇ ਇਹ ਵਿਸ਼ੇਸ਼ ਦਿਵਿਆਂਗ-ਅਨੁਕੂਲ ਪਾਰਕ ਵਿਕਸਤ ਕੀਤਾ ਜਾ ਰਿਹਾ ਹੈ।

ਉਨ੍ਹਾਂ ਦੱਸਿਆ ਕਿ ਇਸ ਪਾਰਕ ਵਿੱਚ ਦਿਵਿਆਂਗਜਨਾਂ ਲਈ ਵਿਸ਼ੇਸ਼ ਰੈਂਪ, ਵੀਲ੍ਹਚੇਅਰ ਅਨੁਕੂਲ ਟਰੈਕ, ਟੈਕਟਾਈਲ ਪਾਥਵੇਅ, ਦਿਵਿਆਂਗ-ਅਨੁਕੂਲ ਝੂਲੇ ਅਤੇ ਹੋਰ ਲੋੜੀਂਦੀਆਂ ਸਹੂਲਤਾਂ ਉਪਲਬਧ ਕਰਵਾਈਆਂ ਜਾਣਗੀਆਂ। ਇਸ ਤੋਂ ਇਲਾਵਾ ਪਾਰਕ ਵਿੱਚ ਹਰਿਆਵਲ ਨੂੰ ਪ੍ਰੋਤਸਾਹਨ ਦੇਣ ਲਈ ਲੈਂਡਸਕੇਪਿੰਗ, ਸੁੰਦਰ ਲਾਨ, ਬੈਠਣ ਲਈ ਆਧੁਨਿਕ ਬੈਂਚਾਂ ਅਤੇ ਲੋੜੀਂਦੀ ਲਾਈਟਿੰਗ ਦਾ ਪ੍ਰਬੰਧ ਵੀ ਕੀਤਾ ਜਾਵੇਗਾ।

ਵਿਧਾਇਕ ਨੇ ਕਿਹਾ ਕਿ ਇਹ ਪਾਰਕ ਦਿਵਿਆਂਗਜਨਾਂ ਦੇ ਨਾਲ-ਨਾਲ ਬਜ਼ੁਰਗਾਂ, ਬੱਚਿਆਂ ਅਤੇ ਹੋਰ ਸ਼ਹਿਰ ਵਾਸੀਆਂ ਲਈ ਵੀ ਸਿਹਤਮੰਦ ਅਤੇ ਮਨੋਰੰਜਕ ਮਾਹੌਲ ਪ੍ਰਦਾਨ ਕਰੇਗਾ। ਉਨ੍ਹਾਂ ਕਿਹਾ ਕਿ ਸੰਗਰੂਰ ਸ਼ਹਿਰ ਦੇ ਸਰਬਪੱਖੀ ਵਿਕਾਸ ਲਈ ਪੰਜਾਬ ਸਰਕਾਰ ਵੱਲੋਂ ਲਗਾਤਾਰ ਵਿਕਾਸ ਪ੍ਰੋਜੈਕਟਾਂ ਨੂੰ ਮਨਜ਼ੂਰੀ ਦਿੱਤੀ ਜਾ ਰਹੀ ਹੈ, ਜਿਨ੍ਹਾਂ ਨਾਲ ਸ਼ਹਿਰ ਦੀ ਨੁਹਾਰ ਵਿੱਚ ਹੋਰ ਸੁਧਾਰ ਆ ਰਿਹਾ ਹੈ।

ਨਗਰ ਕੌਂਸਲ ਸੰਗਰੂਰ ਦੇ ਪ੍ਰਧਾਨ ਸ. ਭੁਪਿੰਦਰ ਸਿੰਘ ਨਹਿਲ ਨੇ ਕਿਹਾ ਕਿ ਪਾਰਕ ਦਾ ਨਿਰਮਾਣ ਉੱਚ ਗੁਣਵੱਤਾ ਦੇ ਮਾਪਦੰਡਾਂ ਅਨੁਸਾਰ ਨਿਰਧਾਰਿਤ ਸਮੇਂ ਅੰਦਰ ਮੁਕੰਮਲ ਕੀਤਾ ਜਾਵੇਗਾ ਤਾਂ ਜੋ ਲੋਕਾਂ ਨੂੰ ਜਲਦੀ ਤੋਂ ਜਲਦੀ ਇਸ ਦਾ ਲਾਭ ਮਿਲ ਸਕੇ। ਇਸ ਮੌਕੇ ਨਗਰ ਕੌਂਸਲ ਦੇ ਅਧਿਕਾਰੀ, ਕੌਂਸਲਰ, ਆਮ ਆਦਮੀ ਪਾਰਟੀ ਦੇ ਆਗੂ, ਵਰਕਰ ਅਤੇ ਵੱਡੀ ਗਿਣਤੀ ਵਿੱਚ ਸ਼ਹਿਰ ਵਾਸੀ ਹਾਜ਼ਰ ਸਨ।

## ਵਾਲਮੀਕਿ ਭਾਈਚਾਰੇ ਨੇ ਲਾਹੌਰੀ ਗੇਟ ਚੌਂਕ ਵਿਖੇ ਰੋਸ ਪ੍ਰਦਰਸ਼ਨ ਕਰ ਡੀ.ਐਸ.ਪੀ., ਐਸ.ਐਚ.ਓ. ਦਾ ਫੂਕਿਆ ਸਾਂਝਾ ਪੁਤਲ



**ਪਟਿਆਲਾ, 25 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਭਗਵਾਨ ਵਾਲਮੀਕਿ ਸੇਵਾ ਮੰਚ ਵੱਲੋਂ ਪ੍ਰਧਾਨ ਰਾਜੇਸ਼ ਬੱਗਣ ਭਾਰਤੀਯ ਵਾਲਮੀਕਿ ਧਰਮ ਸਮਾਜ (ਭਾਵਾਧਸ) ਦੇ ਰਾਸ਼ਟਰੀ ਕਾਰਜਕਾਰੀ ਮੈਂਬਰ ਨਰੇਸ਼ ਕੁਮਾਰ ਨਿੰਦੀ, ਭਾਵਾਧਸ (ਭੀਮ) ਦੇ ਜਿਲਾ ਪ੍ਰਧਾਨ ਅਰੁਣ ਧਾਲੀਵਾਲ ਅਤੇ ਆਦਿ ਧਰਮ ਸਮਾਜ ਦੇ ਜਿਲਾ ਪ੍ਰਧਾਨ ਲਵਲੀ ਅਛੂਤ ਦੀ ਅਗਵਾਈ ਵਿੱਚ ਬਰਨਾਲਾ ਵਿਖੇ ਆਪਣੀ ਜਾਇਜ ਤੇ ਲੰਮੇ ਤੋਂ ਲਟਕਦੀਆਂ ਮੰਗਾਂ ਨੂੰ ਲੈ ਕੇ ਸ਼ਾਤੀ ਪੂਰਵਕ ਧਰਨਾ ਦੇ ਰਹੇ ਸਫਾਈ ਕਰਮਚਾਰੀਆਂ ਤੇ ਪੁਲਿਸ ਵਲੋਂ ਕੀਤੇ ਗਏ ਕਥਿਤ ਲਾਠੀਚਾਰਜ ਦੇ ਮਾਮਲੇ ਦੇ ਵਿਰੋਧ ਵਿੱਚ ਲਾਹੌਰੀ ਗੇਟ ਚੌਂਕ ਵਿਖੇ ਰੋਸ ਮਾਰਚ ਕੱਢਿਆ ਗਿਆ। ਜਿੱਥੇ ਕਿ ਭਗਵੰਤ ਮਾਨ ਮੁੱਖ ਮੰਤਰੀ ਪੰਜਾਬ ਅਤੇ ਬਰਨਾਲਾ ਦੇ ਡੀ.ਐਸ.ਪੀ. ਸਤਵੀਰ ਸਿੰਘ ਬੈਂਸ, ਐਸ.ਐਚ.ਓ. ਦਾ ਇੱਕ ਸਾਂਝਾ ਪੁੱਤਲਾ ਫੂਕਿਆ ਗਿਆ। ਜਿਸ ਮੌਕੇ ਤੇ ਸਫਾਈ ਸੇਵਕ ਯੂਨੀਅਨ ਪੰਜਾਬ ਦੇ ਜਿਲਾ ਪ੍ਰਧਾਨ ਸੁਨੀਲ ਬੁੱਡਲਾਨ, ਸ਼ੱਮੀ ਸੌਦੇ, ਵਿਜੇ ਸੰਗਰ ਅਤੇ ਐਸ.ਸੀ.ਬੀ.ਸੀ. ਇੰਪਲਾਈਜ਼ ਯੂਨੀਅਨ ਦੇ ਪ੍ਰਧਾਨ ਜਤਿੰਦਰ ਧਾਰੀਵਾਲ ਵਲੋਂ ਸ਼ਮੂਲੀਅਤ ਕੀਤੀ ਗਈ। ਇਸ ਦੌਰਾਨ ਇਸ ਘਟਨਾ ਦੇ ਸਬੰਧ ਵਿੱਚ ਪ੍ਰਧਾਨ ਰਾਜੇਸ਼ ਬੱਗਣ, ਨਰੇਸ਼ ਕੁਮਾਰ ਨਿੰਦੀ, ਅਰੁਣ ਧਾਲੀਵਾਲ, ਲਵਲੀ ਅਛੂਤ ਅਤੇ ਸੁਨੀਲ ਬੁੱਢਲਾਨ ਨੇ ਪੰਜਾਬ ਸਰਕਾਰ ਅਤੇ ਬਰਨਾਲ ਪੁਲਿਸ ਪ੍ਰਸ਼ਾਸ਼ਨ ਪ੍ਰਤੀ ਭਾਰੀ ਰੋਸ ਜਾਹਿਰ ਕਰਦਿਆਂ ਕਿਹਾ ਕਿ ਬਰਨਾਲਾ ਦੇ ਧਰਨਾਕਾਰੀ ਸਫਾਈ ਕਰਮਚਾਰੀਆਂ ਤੇ ਪੁਲਿਸ ਵਲੋਂ ਬੇਰਹਿਮੀ ਨਾਲ ਕੀਤੀ ਗਈ ਮਾਰਕੁੱਟ ਦੌਰਾਨ 19 ਸਫਾਈ ਕਰਮਚਾਰੀ ਗੰਭੀਰ ਜਖਮੀ ਹੋਏ ਹਨ, ਜਿਨ੍ਹਾਂ ਵਿੱਚ ਬਜੁਰਗ, ਨੌਜਵਾਨ ਅਤੇ ਮਹਿਲਾਵਾਂ ਸ਼ਾਮਲ ਹਨ। ਪੁਲਿਸ ਤਸੱਦਦ ਤੋਂ ਮਹਿਲਾਵਾ ਜਦੋਂ ਆਪਣੀ ਜਾਨਾ ਬਚਾਉਣ ਲਈ ਦੁਕਾਨਾਂ ਅਤੇ ਨਜਦੀਕ ਦੀ ਇੱਕ ਧਰਮਸ਼ਾਲਾ ਅੰਦਰ ਦਾਖਲ ਹੋਈਆਂ ਤਾਂ ਡੀ.ਐਸ.ਪੀ. ਸਤਵੀਰ ਸਿੰਘ, ਐਸ.ਐਚ.ਓ. ਤੇ ਹੋਰ ਪੁਲਿਸ ਕਰਮਚਾਰੀਆਂ ਵਲੋਂ ਇਨ੍ਹਾਂ ਮਹਿਲਾਵਾਂ ਤੇ ਅਣਮਨੁੱਖੀ ਜਾਨ ਲੇਵਾ ਮਾਰਕੁੱਟ ਕੀਤੀ ਗਈ।

## ਮਿਸਲ ਸਤਲੁਜ ਪਾਰਟੀ ਨੂੰ ਮਲੇਰਕੋਟਲਾ ਵਿੱਚ ਮਿਲਿਆ ਮਜ਼ਬੂਤ ਜਨ ਸਮਰਥਨ: ਅਜੇਪਾਲ ਸਿੰਘ ਬਰਾੜ



**ਮਲੇਰਕੋਟਲਾ, 25 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮਿਸਲ ਸਤਲੁਜ ਪਾਰਟੀ ਵੱਲੋਂ ਪੰਜਾਬ ਭਰ ਵਿੱਚ ਆਪਣੇ ਜਥੇਬੰਦਕ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਅਤੇ ਲੋਕਾਂ ਨਾਲ ਸਿੱਧਾ ਸੰਪਰਕ ਵਧਾਉਣ ਦੇ ਉਦੇਸ਼ ਨਾਲ ਮਿਸਲ ਸਤਲੁਜ ਪਾਰਟੀ ਵੱਲੋਂ ਲਗਾਤਾਰ ਮੈਂਬਰਸ਼ਿਪ ਮੁਹਿੰਮ ਚਲਾਈ ਜਾ ਰਹੀ ਹੈ। ਇਸ ਮੁਹਿੰਮ ਤਹਿਤ ਪੰਜਾਬ ਦੇ ਵੱਖ-ਵੱਖ ਸ਼ਹਿਰਾਂ, ਪਿੰਡਾਂ ਅਤੇ ਕਸਬਿਆਂ ਵਿੱਚ ਸਮਾਜ ਦੇ ਵੱਖ-ਵੱਖ ਖੇਤਰਾਂ ਵਿੱਚ ਨਾਮਣਾ ਖੱਟਣ ਵਾਲੀਆਂ ਸ਼ਖਸੀਅਤਾਂ ਪਾਰਟੀ ਨਾਲ ਜੁੜ ਰਹੀਆਂ ਹਨ।

ਮਿਸਲ ਸਤਲੁਜ ਪਾਰਟੀ ਦੇ ਪ੍ਰਧਾਨ ਸਰਦਾਰ ਅਜੈਪਾਲ ਸਿੰਘ ਬਰਾੜ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਮਲੇਰਕੋਟਲਾ ਵਿੱਚ ਮਿਸਲ ਸਤਲੁਜ ਪਾਰਟੀ ਦੀਆਂ ਨੀਤੀਆਂ ਅਤੇ ਲੋਕ ਪੱਖੀ ਸੋਚ ਪ੍ਰਤੀ ਲੋਕਾਂ ਵਿੱਚ ਕਾਫ਼ੀ ਉਤਸ਼ਾਹ ਅਤੇ ਭਰਵਾਂ ਸਮਰਥਨ ਦੇਖਣ ਨੂੰ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਇਲਾਕੇ ਦੇ ਨੌਜਵਾਨ, ਸਮਾਜਸੇਵੀ ਅਤੇ ਵੱਖ-ਵੱਖ ਵਰਗਾਂ ਦੇ ਨੁਮਾਇੰਦੇ ਵੱਡੀ ਗਿਣਤੀ ਵਿੱਚ ਮਿਸਲ ਸਤਲੁਜ ਨਾਲ ਜੁੜ ਰਹੇ ਹਨ।

ਉਨ੍ਹਾਂ ਦੱਸਿਆ ਕਿ ਅੱਜ ਮਲੇਰਕੋਟਲਾ ਵਿਖੇ ਧਰਮਿੰਦਰ ਸਿੰਘ ਕਾਲਾ ਸਰਪੰਚ ਮਲੇਰਕੋਟਲਾ ,ਮਿੰਦਰ ਸਿੰਘ, ਅਰਸ਼ ਖਾਨ, ਗੀਤਿੰਦਰ ਸਿੰਘ ਮਲੇਰਕੋਟਲਾ, ਹੈਦਰ ਸਈਦ, ਦਵਿੰਦਰਜੀਤ ਸਿੰਘ ਸਰਾਓ, ਦਵਿੰਦਰ ਢਾਲੀਵਾਲ, ਜਗਵੀਰ ਸਿੰਘ ਰਾਣੂ, ਨਾਨਕਵੀਰ ਸਿੰਘ, ਚਮਕੌਰ ਸਿੰਘ ਚੱਕ, ਸ਼ਕੀਲ ਮਲੇਰਕੋਟਲਾ, ਰਾਹੁਲ ਸ਼ਰਮਾ, ਰਣਜੀਤ ਸਿੰਘ ਅਤੇ ਬਲਰਾਜ ਧੂਰੀ ਨੇ ਆਪਣੇ ਸਾਥੀਆਂ ਸਮੇਤ ਮਿਸਲ ਸਤਲੁਜ ਪਾਰਟੀ ਵਿੱਚ ਸ਼ਮੂਲੀਅਤ ਕੀਤੀ।

ਇਸ ਮੌਕੇ ਸਰਦਾਰ ਅਜੇਪਾਲ ਸਿੰਘ ਬਰਾੜ ਨੇ ਨਵੇਂ ਸਾਥੀਆਂ ਦਾ ਨਿੱਘਾ ਸਵਾਗਤ ਕਰਦਿਆਂ ਕਿਹਾ ਕਿ ਮਿਸਲ ਸਤਲੁਜ ਪਾਰਟੀ ਵਿੱਚ ਸਮਾਜ ਦੇ ਹਰ ਵਰਗ ਦੀ ਸ਼ਮੂਲੀਅਤ ਇਸ ਗੱਲ ਦਾ ਪ੍ਰਮਾਣ ਹੈ ਕਿ ਲੋਕ ਪੰਜਾਬ ਦੇ ਹੱਕਾਂ, ਨੌਜਵਾਨਾਂ ਦੇ ਭਵਿੱਖ ਅਤੇ ਪੰਜਾਬ ਦੇ ਸਰਵਪੱਖੀ ਵਿਕਾਸ ਲਈ ਇੱਕ ਮਜ਼ਬੂਤ ਅਤੇ ਇਮਾਨਦਾਰ ਬਦਲ ਦੀ ਭਾਲ ਕਰ ਰਹੇ ਹਨ।

ਉਨ੍ਹਾਂ ਵਿਸ਼ਵਾਸ ਪ੍ਰਗਟ ਕੀਤਾ ਕਿ ਨਵੇਂ ਸਾਥੀਆਂ ਦੇ ਪਾਰਟੀ ਨਾਲ ਜੁੜਨ ਨਾਲ ਮਿਸਲ ਸਤਲੁਜ ਦਾ ਜਥੇਬੰਦਕ ਢਾਂਚਾ ਹੋਰ ਮਜ਼ਬੂਤ ਹੋਵੇਗਾ ਅਤੇ ਮਲੇਰਕੋਟਲਾ ਸਮੇਤ ਪੂਰੇ ਪੰਜਾਬ ਵਿੱਚ ਪਾਰਟੀ ਦੀਆਂ ਲੋਕ ਪੱਖੀ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਉਣ ਵਿੱਚ ਮਹੱਤਵਪੂਰਨ ਯੋਗਦਾਨ ਮਿਲੇਗਾ। ਉਨ੍ਹਾਂ ਕਿਹਾ ਕਿ ਮਿਸਲ ਸਤਲੁਜ ਪੰਜਾਬ ਦੀ ਤਰੱਕੀ, ਨੌਜਵਾਨਾਂ ਨੂੰ ਰੁਜ਼ਗਾਰ, ਕਿਸਾਨਾਂ ਦੀ ਖੁਸ਼ਹਾਲੀ ਅਤੇ ਸਮਾਜਿਕ ਏਕਤਾ ਲਈ ਪੂਰੀ ਵਚਨਬੱਧਤਾ ਨਾਲ ਕੰਮ ਕਰਦੀ ਰਹੇਗੀ।


SEA DESIGN COMPANY
Customized and Designer

- Wedding Invitations - Shagan Envelop
- Wedding Boxes & Cards - Sahi Chithi
(MDF/Acrylic/Foldable Boxes)

98881-88887, 93577-77786

Shaheed-e-Azam
PRINTING PRESS
WORLDWIDE SHIPPING SERVICE

★ Business Cards ★ Books & Note Books
★ Flyers & Broucher ★ Diaries
★ Poster ★ Carry Bags

Opp. Gurudwara Dukhniwaran Sahib Srihind Road, Patiala

## ਪੰਜਾਬ ਸਰਕਾਰ ਵੱਲੋਂ ਵਿਦਿਆਰਥਣਾਂ ਦੀ ਸ਼ਿਕਾਇਤ 'ਤੇ ਅਧਿਆਪਕ ਮੁਅੱਤਲ

# ਵਿਦਿਆਰਥੀਆਂ ਦੀ ਸੁਰੱਖਿਆ, ਮਾਣ-ਸਨਮਾਨ ਅਤੇ ਮਾਨਸਿਕ ਸਿਹਤ ਨਾਲ ਕੋਈ ਸਮਝੌਤਾ ਨਹੀਂ ਕੀਤਾ ਜਾ ਸਕਦਾ: ਹਰਜੋਤ ਸਿੰਘ ਬੈਂਸ

**ਚੰਡੀਗੜ੍ਹ 25 ਜੁਲਾਈ**
**-ਜੀ. ਐਸ. ਤੁੰਗ-**

ਵਿਦਿਆਰਥਣਾਂ ਵੱਲੋਂ ਗਲ਼ਤ ਵਿਵਹਾਰ ਅਤੇ ਧਮਕੀਆਂ ਦੇਣ ਦੀ ਸ਼ਿਕਾਇਤ 'ਤੇ ਤੁਰੰਤ ਕਾਰਵਾਈ ਕਰਦਿਆਂ ਪੰਜਾਬ ਸਕੂਲ ਸਿੱਖਿਆ ਵਿਭਾਗ ਵੱਲੋਂ ਅੱਜ ਮੋਗਾ ਜ਼ਿਲ੍ਹੇ ਦੇ ਪਿੰਡ ਮੋਠਾਂਵਾਲੀ ਦੇ ਸਰਕਾਰੀ ਮਿਡਲ ਸਕੂਲ ਵਿੱਚ ਤਾਇਨਾਤ ਸਮਾਜਿਕ ਸਿੱਖਿਆ ਅਧਿਆਪਕ ਨੂੰ ਮੁਅੱਤਲ ਕਰ ਦਿੱਤਾ ਗਿਆ ਹੈ।

ਇਹ ਕਾਰਵਾਈ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੇ ਨਿਰਦੇਸ਼ਾਂ 'ਤੇ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ), ਮੋਗਾ ਵੱਲੋਂ ਪੇਸ਼ ਕੀਤੀ ਗਈ ਮੁੱਢਲੀ ਰਿਪੋਰਟ ਉਪਰੰਤ ਕੀਤੀ ਗਈ ਹੈ।

ਛੇਵੀਂ ਅਤੇ ਅੱਠਵੀਂ ਜਮਾਤ ਦੀਆਂ ਵਿਦਿਆਰਥਣਾਂ ਨੇ ਦੋਸ਼ ਲਗਾਇਆ ਸੀ ਕਿ ਉਕਤ ਅਧਿਆਪਕ ਨੇ ਉਨ੍ਹਾਂ ਨੂੰ ਗਲਤ ਢੰਗ ਨਾਲ ਛੂਹਿਆ ਅਤੇ ਉਨ੍ਹਾਂ ਨੂੰ ਧਮਕੀ ਦਿੱਤੀ ਕਿ ਜੇਕਰ ਇਸ ਹਰਕਤ ਬਾਰੇ ਕਿਸੇ ਨੂੰ ਦੱਸਿਆ ਤਾਂ ਉਨ੍ਹਾਂ ਨੂੰ ਫੇਲ੍ਹ ਕਰ ਦਿੱਤਾ ਜਾਵੇਗਾ।

ਇਸ ਘਟਨਾ 'ਤੇ ਡੂੰਘੀ ਚਿੰਤਾ ਪ੍ਰਗਟ ਕਰਦਿਆਂ, ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਵਿੱਚ ਪੜ੍ਹਦੇ ਹਰ ਬੱਚੇ ਦੀ ਸੁਰੱਖਿਆ ਅਤੇ ਤੰਦਰੁਸਤੀ ਨੂੰ ਪ੍ਰਮੁੱਖ ਤਰਜੀਹ ਦਿੱਤੀ



ਜਾਂਦੀ ਹੈ। ਸਿੱਖਿਆ ਮੰਤਰੀ ਨੇ ਕਿਹਾ, ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ ਹਰੇਕ ਵਿਦਿਆਰਥੀ ਦੀ ਸੁਰੱਖਿਆ, ਮਾਣ-ਸਨਮਾਨ ਅਤੇ ਮਾਨਸਿਕ ਸਿਹਤ ਨਾਲ ਕੋਈ ਸਮਝੌਤਾ ਨਹੀਂ ਕੀਤਾ ਜਾ ਸਕਦਾ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਬੱਚਿਆਂ ਨੂੰ ਧਮਕਾਉਣ ਜਾਂ ਨੁਕਸਾਨ ਪਹੁੰਚਾਉਣ ਲਈ ਆਪਣੇ ਅਹੁਦੇ ਦੀ ਦੁਰਵਰਤੋਂ ਕਰਨ ਵਾਲੇ ਕਿਸੇ ਵੀ ਅਧਿਆਪਕ ਨੂੰ ਬਖ਼ਸ਼ਿਆ ਨਹੀਂ ਜਾਵੇਗਾ। ਇਸ ਮਾਮਲੇ ਦੀ ਸਮਾਂਬੱਧ ਜਾਂਚ ਦੇ ਹੁਕਮ ਦਿੱਤੇ ਗਏ ਹਨ ਅਤੇ ਦੋਸ਼ ਸਾਬਤ ਹੋਣ 'ਤੇ ਸਖ਼ਤ ਕਾਰਵਾਈ ਕੀਤੀ ਜਾਵੇਗੀ।

ਉਨ੍ਹਾਂ ਕਿਹਾ ਕਿ ਸਕੂਲ ਸਿੱਖਿਆ ਵਿਭਾਗ ਸੂਬੇ ਭਰ ਦੇ ਹਰੇਕ ਸਰਕਾਰੀ ਸਕੂਲ ਵਿੱਚ ਵਿਦਿਆਰਥੀਆਂ ਲਈ ਸੁਰੱਖਿਅਤ ਅਤੇ ਸੁਖਾਵਾਂ ਮਾਹੌਲ ਯਕੀਨੀ ਬਣਾਉਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਦੀ ਸੁਰੱਖਿਆ ਨਾਲ ਸਬੰਧਤ ਕਿਸੇ ਵੀ ਸ਼ਿਕਾਇਤ ਨਾਲ ਤਰੁੰਤ ਅਤੇ ਸਖ਼ਤੀ ਨਾਲ ਨਜਿੱਠਿਆ ਜਾਵੇਗਾ।

ਮੁਅੱਤਲੀ ਦੌਰਾਨ ਮੁਲਜ਼ਮ ਨੂੰ ਸੇਵਾ ਨਿਯਮਾਂ ਅਨੁਸਾਰ ਗੁਜ਼ਾਰਾ ਭੱਤਾ ਮਿਲੇਗਾ। ਦਫਤਰ ਜ਼ਿਲ੍ਹਾ ਸਿੱਖਿਆ ਅਧਿਕਾਰੀ (ਸੈਕੰਡਰੀ), ਮੋਗਾ ਨੂੰ ਉਸ ਦਾ ਮੁੱਖ ਦਫ਼ਤਰ ਨਿਰਧਾਰਤ ਕੀਤਾ ਗਿਆ ਹੈ ਜਿੱਥੇ ਉਸਨੂੰ ਅਗਲੇ ਹੁਕਮਾਂ ਤੱਕ ਰੋਜ਼ਾਨਾ ਆਪਣੀ ਹਾਜ਼ਰੀ ਲਗਾਉਣੀ ਪਵੇਗੀ।

# ਫਸਲੀ ਮਸ਼ੀਨਾਂ 'ਤੇ ਸਬਸਿਡੀ ਲਈ ਅਰਜ਼ੀਆਂ 3 ਅਗਸਤ ਤੱਕ: ਮੁੱਖ ਖੇਤੀਬਾੜੀ ਅਫਸਰ

**ਪਟਿਆਲਾ, 25 ਜੁਲਾਈ**
**-ਬਲਜੀਤ ਸਰਨਾ-**

ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪੰਜਾਬ ਵੱਲੋਂ ਫਸਲਾਂ ਦੀ ਰਹਿੰਦ-ਖੂੰਹਦ ਦੇ ਸੁਚੱਜੇ ਪ੍ਰਬੰਧਨ ਲਈ ਵਰਤੀਆਂ ਜਾਣ ਵਾਲੀਆਂ ਮਸ਼ੀਨਾਂ 'ਤੇ ਸਬਸਿਡੀ ਦੇਣ ਦੀ ਪ੍ਰਕਿਰਿਆ ਮੁੜ ਸ਼ੁਰੂ ਕਰ ਦਿੱਤੀ ਗਈ ਹੈ। ਇਸ ਸਬੰਧੀ ਮੁੱਖ ਖੇਤੀਬਾੜੀ ਅਫ਼ਸਰ, ਪਟਿਆਲਾ ਡਾ. ਦਾਰਾ ਸਿੰਘ ਨੇ ਦੱਸਿਆ ਕਿ ਕਿਸਾਨ ਵਿਭਾਗ ਦੇ ਪੋਰਟਲ ਰਾਹੀਂ 3 ਅਗਸਤ, 2026 ਸ਼ਾਮ 5:00 ਵਜੇ ਤੱਕ ਆਨਲਾਈਨ ਅਰਜ਼ੀਆਂ ਦੇ ਸਕਦੇ ਹਨ।

ਉਨ੍ਹਾਂ ਦੱਸਿਆ ਕਿ ਨਿੱਜੀ ਕਿਸਾਨਾਂ ਨੂੰ ਸਕੀਮ ਦੀਆਂ ਗਾਈਡਲਾਈਨਾਂ ਅਨੁਸਾਰ ਫਸਲੀ ਰਹਿੰਦ-ਖੂੰਹਦ ਪ੍ਰਬੰਧਨ ਲਈ ਵਰਤੀਆਂ ਜਾਣ ਵਾਲੀਆਂ ਮਸ਼ੀਨਾਂ 'ਤੇ 50 ਫ਼ੀਸਦੀ ਸਬਸਿਡੀ ਦਿੱਤੀ ਜਾਵੇਗੀ। ਇਸ ਤੋਂ ਇਲਾਵਾ ਕਸਟਮ ਹਾਇਰਿੰਗ ਸੈਂਟਰ (ਸੀ.ਐਚ.ਸੀ.) ਅਤੇ ਪੈਡੀ ਸਪਲਾਈ ਚੇਨ ਸੈਂਟਰ (ਪੀ.ਐੱਸ.ਸੀ.) ਸਥਾਪਤ ਕਰਨ ਲਈ ਕੇਵਲ ਸੋਸਾਇਟੀਆਂ ਨੂੰ ਹੀ ਸਬਸਿਡੀ ਦਾ ਲਾਭ ਮਿਲੇਗਾ। ਡਾ. ਦਾਰਾ ਸਿੰਘ



ਨੇ ਦੱਸਿਆ ਕਿ ਇਸ ਸਕੀਮ ਅਧੀਨ ਸੁਪਰ ਸੀਡਰ, ਹੈਪੀ ਸੀਡਰ, ਸਮਾਰਟ ਸੀਡਰ, ਸੁਪਰ ਐਸ.ਐਮ.ਐਸ., ਜ਼ੀਰੋ ਟਿੱਲ ਡਰਿੱਲ, ਬੇਲਰ, ਰੇਕ, ਮਲਚਰ, ਉਲਟਾਵੇਂ ਪਲਾਓ ਅਤੇ ਮਲਟੀ ਕਰਾਪ ਸੁਪਰ ਸੀਡਰ ਸਮੇਤ ਕਈ ਆਧੁਨਿਕ ਖੇਤੀ ਮਸ਼ੀਨਾਂ 'ਤੇ ਸਬਸਿਡੀ ਉਪਲਬਧ ਹੈ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਫਸਲਾਂ ਦੀ ਰਹਿੰਦ-ਖੂੰਹਦ ਨੂੰ ਅੱਗ ਲਗਾਉਣ ਦੀ ਬਜਾਏ ਇਨ੍ਹਾਂ ਮਸ਼ੀਨਾਂ ਦੀ ਵਰਤੋਂ ਕਰਕੇ ਇਸ ਦਾ ਵਿਗਿਆਨਕ ਢੰਗ ਨਾਲ ਪ੍ਰਬੰਧਨ ਕਰਨ, ਤਾਂ ਜੋ ਵਾਤਾਵਰਣ ਪ੍ਰਦੂਸ਼ਣ ਨੂੰ ਰੋਕਣ ਦੇ ਨਾਲ-ਨਾਲ ਲਾਹੇਵੰਦ ਜੀਵ-ਜੰਤੂਆਂ ਦੀ ਸੁਰੱਖਿਆ ਵੀ ਯਕੀਨੀ ਬਣਾਈ ਜਾ ਸਕੇ।

ਉਨ੍ਹਾਂ ਦੱਸਿਆ ਕਿ ਪੋਰਟਲ 'ਤੇ ਅਪਲਾਈ ਕਰਨ ਦੌਰਾਨ ਕਿਸੇ ਵੀ ਤਰ੍ਹਾਂ ਦੀ ਸਮੱਸਿਆ ਆਉਣ 'ਤੇ ਕਿਸਾਨ ਆਪਣੇ ਸਬੰਧਤ ਬਲਾਕ ਦੇ ਅਧਿਕਾਰੀਆਂ ਨਾਲ ਸੰਪਰਕ ਕਰ ਸਕਦੇ ਹਨ। ਬਲਾਕ ਪਟਿਆਲਾ ਲਈ ਡਾ. ਗੁਰਮੀਤ ਸਿੰਘ (97791-60950), ਬਲਾਕ ਨਾਭਾ ਲਈ ਡਾ. ਜੁਪਿੰਦਰ ਸਿੰਘ ਗਿੱਲ (97805-60004), ਬਲਾਕ ਭੁਨਰਹੇੜੀ ਲਈ ਡਾ. ਮਨਦੀਪ ਸਿੰਘ (70092-27488), ਬਲਾਕ ਸਮਾਣਾ ਲਈ ਡਾ. ਸਤੀਸ਼ ਕੁਮਾਰ (97589-00047), ਬਲਾਕ ਰਾਜਪੁਰਾ ਲਈ ਡਾ. ਜੁਪਿੰਦਰ ਸਿੰਘ ਪੰਨੂੰ (73070-59201) ਅਤੇ ਬਲਾਕ ਘਨੌਰ ਲਈ ਡਾ. ਰਣਜੋਧ ਸਿੰਘ (99883-12299) ਨਾਲ ਸੰਪਰਕ ਕੀਤਾ ਜਾ ਸਕਦਾ ਹੈ।

# ਧਾਰਮਿਕ ਸਮਾਗਮ 'ਏਕ ਸ਼ਾਮ ਭਗਵਾਨ ਸ਼ਿਵ ਕੇ ਨਾਮ' ਦੀਆਂ ਤਿਆਰੀਆਂ ਜ਼ੋਰਾਂ 'ਤੇ



**ਪਟਿਆਲਾ, 25 ਜੁਲਾਈ**
**-ਅਰਸ਼ਦੀਪ ਸਿੰਘ-**

ਪੰਜਾਬ ਸਰਕਾਰ ਵੱਲੋਂ ਭਗਵਾਨ ਸ਼ਿਵ ਜੀ ਦੀ ਮਹਿਮਾ ਨੂੰ ਸਮਰਪਿਤ ਵਿਸ਼ਾਲ ਧਾਰਮਿਕ ਸਮਾਗਮ 28 ਜੁਲਾਈ ਨੂੰ 'ਏਕ ਸ਼ਾਮ ਭਗਵਾਨ ਸ਼ਿਵ ਕੇ ਨਾਮ' ਆਤਮਾ ਰਾਮ ਕੁਮਾਰ ਸਭਾ ਗਰਾਊਂਡ, ਪਟਿਆਲਾ ਵਿਖੇ ਕਰਵਾਇਆ ਜਾ ਰਿਹਾ ਹੈ। ਇਸ ਸਮਾਗਮ ਦੀਆਂ ਤਿਆਰੀਆਂ ਦਾ ਜਾਇਜ਼ਾ ਆਮ ਆਦਮੀ ਪਾਰਟੀ ਦੇ ਸ਼ਹਿਰੀ ਜ਼ਿਲ੍ਹਾ ਪ੍ਰਧਾਨ ਅਤੇ ਚੇਅਰਮੈਨ, ਜ਼ਿਲ੍ਹਾ ਯੋਜਨਾ ਕਮੇਟੀ ਤੇਜਿੰਦਰ ਮਹਿਤਾ ਅਤੇ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਅਨੁਪ੍ਰਿਤਾ ਜੌਹਲ ਨੇ ਲਿਆ। ਉਨ੍ਹਾਂ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਕੇ ਸਮਾਗਮ ਨਾਲ ਸਬੰਧਤ ਪ੍ਰਬੰਧਾਂ ਦੀ ਵਿਸਥਾਰ ਨਾਲ ਸਮੀਖਿਆ ਕੀਤੀ ਅਤੇ ਹਰ ਵਿਭਾਗ ਨੂੰ ਆਪਣੀਆਂ ਜ਼ਿੰਮੇਵਾਰੀਆਂ ਸਮੇਂ ਸਿਰ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਨਿਭਾਉਣ ਦੀਆਂ ਹਦਾਇਤਾਂ ਦਿੱਤੀਆਂ।

ਇਸ ਮੌਕੇ ਤੇਜਿੰਦਰ ਮਹਿਤਾ ਨੇ ਕਿਹਾ ਕਿ ਪੰਜਾਬ ਸਰਕਾਰ ਧਾਰਮਿਕ ਅਤੇ ਸੱਭਿਆਚਾਰਕ ਵਿਰਾਸਤ ਨੂੰ ਪ੍ਰਫੁੱਲਤ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਇਸ ਵਿਸ਼ਾਲ ਸਮਾਗਮ ਦੌਰਾਨ ਸ਼ਰਧਾਲੂਆਂ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਨਾ ਆਵੇ, ਇਸ ਲਈ ਹਰ ਲੋੜੀਂਦੀ ਸਹੂਲਤ ਯਕੀਨੀ ਬਣਾਈ ਜਾ ਰਹੀ ਹੈ। ਉਨ੍ਹਾਂ ਨੇ ਅਧਿਕਾਰੀਆਂ ਨੂੰ ਸੁਰੱਖਿਆ, ਟ੍ਰੈਫਿਕ ਪ੍ਰਬੰਧਨ, ਸਫ਼ਾਈ, ਬਿਜਲੀ, ਪੀਣ ਵਾਲੇ ਪਾਣੀ, ਪਾਰਕਿੰਗ ਅਤੇ ਐਮਰਜੈਂਸੀ ਸਿਹਤ ਸੇਵਾਵਾਂ ਦੇ ਪੁਖ਼ਤਾ ਪ੍ਰਬੰਧ ਕਰਨ ਲਈ ਕਿਹਾ।

ਵਧੀਕ ਡਿਪਟੀ ਕਮਿਸ਼ਨਰ ਅਨੁਪ੍ਰਿਤਾ ਜੌਹਲ ਨੇ ਦੱਸਿਆ ਕਿ ਸਮਾਗਮ ਵਿੱਚ ਆਉਣ ਵਾਲੇ ਸ਼ਰਧਾਲੂਆਂ ਦੀ ਸਹੂਲਤ ਲਈ ਸਾਰੇ ਵਿਭਾਗਾਂ ਵਿਚਕਾਰ ਆਪਸੀ ਤਾਲਮੇਲ ਨਾਲ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਵੱਲੋਂ ਸੁਰੱਖਿਆ ਦੇ ਪੁਖ਼ਤਾ ਇੰਤਜ਼ਾਮ, ਆਵਾਜਾਈ ਦੀ ਸੁਚਾਰੂ ਵਿਵਸਥਾ, ਮੈਡੀਕਲ ਟੀਮਾਂ ਦੀ ਤਾਇਨਾਤੀ, ਸਫ਼ਾਈ ਅਤੇ ਹੋਰ ਬੁਨਿਆਦੀ ਸਹੂਲਤਾਂ ਨੂੰ ਯਕੀਨੀ ਬਣਾਇਆ ਜਾਵੇਗਾ ਤਾਂ ਜੋ ਸਮਾਗਮ ਸ਼ਾਂਤੀਪੂਰਨ ਅਤੇ ਸਫ਼ਲਤਾਪੂਰਵਕ ਸੰਪੰਨ ਹੋ ਸਕੇ। ਇਸ ਮੌਕੇ ਜੁਆਇੰਟ ਕਮਿਸ਼ਨਰ ਹਰਜੋਤ ਕੌਰ, ਜੁਆਇੰਟ ਕਮਿਸ਼ਨਰ ਨਗਰ ਨਿਗਮ ਮਨਰੀਤ ਰਾਣਾ, ਸਿਵਿਲ ਸਰਜਨ ਸ਼ੈਲੀ ਜੇਟਲੀ, ਐਸ ਪੀ ਪਲਵਿੰਦਰ ਸਿੰਘ ਚੀਮਾ ਤੋਂ ਇਲਾਵਾ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।

# ਮਾਛੀਵਾੜਾ ਇਲਾਕੇ ਵਿੱਚ ਅਵਾਰਾ ਕੁੱਤਿਆਂ ਦਾ ਕਹਿਰ ਜਾਰੀ, 8 ਬੱਕਰੀਆਂ ਤੇ 15 ਮੁਰਗੀਆਂ ਨੋਚ ਕੇ ਮਾਰੀਆਂ

**ਮਾਛੀਵਾੜਾ ਸਾਹਿਬ, 25 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਆਏ ਦਿਨ ਪੰਜਾਬ ਭਰ ਵਿੱਚ ਅਵਾਰਾ ਕੁੱਤਿਆਂ ਦੁਆਰਾ ਕੀਤੇ ਜਾਂਦੇ ਜਾਨੀ ਅਤੇ ਮਾਲੀ ਨੁਕਸਾਨ ਦੀਆਂ ਖ਼ਬਰਾਂ ਅਖ਼ਬਾਰਾਂ ਦੀਆਂ ਸੁਰਖੀਆਂ ਬਣਦੀਆਂ ਹਨ,ਪਰ ਇਨ੍ਹਾਂ ਅਵਾਰਾ ਕੁੱਤਿਆਂ ਦੀ ਨਸਬੰਦੀ ਜਾਂ ਕੋਈ ਠੋਸ ਪ ?ਬੰਧ ਕਰਨ ਵਿਚ ਵਿਭਾਗ ਕਾਮਯਾਬ ਨਹੀਂ ਹੋ ਰਿਹਾ।ਮਾਛੀਵਾੜਾ ਇਲਾਕੇ ਦੇ ਪਿੰਡਾਂ 'ਚ ਖੂੰਖਾਰ ਅਵਾਰਾ ਕੁੱਤਿਆਂ ਦਾ ਆਤੰਕ ਲਗਾਤਾਰ ਵੱਧਦਾ ਜਾ ਰਿਹਾ ਹੈ। ਕੁਝ ਸਮਾਂ ਪਹਿਲਾਂ ਸਤਲੁਜ ਦਰਿਆ ਨਾਲ ਲਗਦੇ ਮਿਲਕੋਵਾਲ, ਮੁਜੱਫਰਵਾਲ ਪਿੰਡ ਕੋਲ ਅਵਾਰਾ ਕੁੱਤਿਆਂ ਦੁਆਰਾ ਛੋਟੀ ਬੱਚੀ ਨੂੰ ਨੋਚ ਨੋਚ ਖਾਧਾ ਸੀ, ਫਿਰ ਪਿੰਡ ਲੁਬਾਣਗੜ੍ਹ 'ਚ ਬੱਚਿਆਂ ਤੇ ਬਜ਼ੁਰਗਾਂ 'ਤੇ ਹਮਲਾ ਕਰਕੇ ਕਈ ਬਜ਼ੁਰਗਾਂ ਅਤੇ ਬੱਚਿਆਂ ਨੂੰ ਬੁਰੀ ਤਰ੍ਹਾਂ ਜ਼ਖ਼ਮੀ ਕੀਤਾ ਸੀ, ਹੁਣ ਇਨ੍ਹਾਂ ਅਵਾਰਾ ਕੁੱਤਿਆਂ ਨੇ ਨਜ਼ਦੀਕੀ ਪਿੰਡ ਰਾਮਗੜ੍ਹ 'ਚ ਇਕ ਗਰੀਬ ਬਜ਼ੁਰਗ ਜੋੜੇ ਦੀਆਂ 8 ਬੱਕਰੀਆਂ ਤੋਂ 15 ਮੁਰਗੀਆਂ ਨੋਚ ਕੇ ਮਾਰ ਦਿੱਤੀਆਂ। ਇਸ ਘਟਨਾ ਨਾਲ ਪਿੰਡ 'ਚ ਦਹਿਸ਼ਤ ਦਾ ਮਾਹੌਲ ਹੈ, ਜਦਕਿ ਪੀੜਤ ਪਰਿਵਾਰ ਨੂੰ ਇਕ ਲੱਖ ਰੁਪਏ ਤੋਂ ਵੱਧ ਦਾ ਨੁਕਸਾਨ ਹੋਇਆ ਹੈ। ਪੀੜਤ ਸੁਰਜੀਤ ਕੌਰ ਨੇ ਦੱਸਿਆ ਕਿ ਉਹ ਆਪਣੇ ਪਤੀ ਨਾਲ ਬੱਕਰੀਆਂ ਪਾਲ ਕੇ ਉਨ੍ਹਾਂ ਦਾ ਦੁੱਧ ਵੇਚ ਕੇ ਗੁਜ਼ਾਰਾ ਕਰਦੀ ਹੈ।

ਉਨ੍ਹਾਂ ਨੇ ਕੁਝ ਮੁਰਗੀਆਂ ਵੀ ਪਾਲੀਆਂ ਹੋਈਆਂ ਸਨ । ਦੁਪਹਿਰ ਨੂੰ 3.2 .1 ਉਹ ਪਿੰਡ ਦੇ ਇਕ ਸਮਾਗਮ ਵਿੱਚ ਗਈ ਹੋਈ ਸੀ। ਵਾਪਸ ਆ ਕੇ ਦੇਖਿਆ ਤਾਂ ਬੱਕਰੀਆਂ ਤੇ ਮੁਰਗੀਆਂ ਰੱਖੇ ਕਮਰੇ ਦਾ ਜਾਲੀ ਵਾਲਾ ਦਰਵਾਜ਼ਾ ਟੁੱਟਿਆ ਹੋਇਆ ਸੀ। ਕਮਰੇ ਅੰਦਰ ਜਾ ਕੇ ਦੇਖਿਆ ਤਾਂ 8 ਬੱਕਰੀਆਂ ਤੇ 15 ਮੁਰਗੀਆਂ ਮ੍ਰਿਤਕ ਹਾਲਤ 'ਚ ਪਈਆਂ ਸਨ, ਜਿਨ੍ਹਾਂ ਨੂੰ ਅਵਾਰਾ ਕੁੱਤੇ ਨੋਚ ਚੁੱਕੇ ਸਨ ।

ਸੁਰਜੀਤ ਕੌਰ ਮੁਤਾਬਕ ਇਸ ਘਟਨਾ ਵਿੱਚ ਉਨ੍ਹਾਂ ਦਾ ਕਰੀਬ ਲੱਖ ਰੁਪਏ ਤੋਂ ਵੱਧ ਦਾ ਨੁਕਸਾਨ ਹੋਇਆ ਹੈ।

**ਖੂੰਖਾਰ ਅਵਾਰਾ ਕੁੱਤਿਆਂ ਨੂੰ ਤੁਰੰਤ ਕਾਬੂ ਕਰੇ ਪ੍ਰਸ਼ਾਸਨ : ਸਰਪੰਚ**

ਪਿੰਡ ਦੇ ਸਰਪੰਚ ਕੁਲਵੰਤ ਸਿੰਘ ਨੇ ਕਿਹਾ ਕਿ ਅਵਾਰਾ ਖੂੰਖਾਰ ਕੁੱਤਿਆਂ ਦਾ ਵਧਦਾ ਆਤੰਕ ਹੁਣ ਪਿੰਡ ਵਾਸੀਆਂ ਲਈ ਗੰਭੀਰ ਚਿੰਤਾ ਦਾ ਵਿਸ਼ਾ ਬਣ ਗਿਆ ਹੈ। ਉਨ੍ਹਾਂ ਕਿਹਾ ਕਿ ਅੱਜ ਜਾਨਵਰਾਂ ਨੂੰ ਨਿਸ਼ਾਨਾ ਬਣਾਇਆ ਗਿਆ ਹੈ, ਜੇਕਰ ਸਮੇਂ ਸਿਰ ਕਾਰਵਾਈ ਨਾ ਹੋਈ ਤਾਂ ਭਵਿੱਖ 'ਚ ਬੱਚਿਆਂ, ਬਜ਼ੁਰਗਾਂ ਤੇ ਖੇਤਾਂ 'ਚ ਕੰਮ ਕਰਨ ਵਾਲੇ ਕਿਸਾਨਾਂ ਦੀ ਜਾਨ ਵੀ ਖਤਰੇ 'ਚ ਪੈ ਸਕਦੀ ਹੈ। ਸਰਪੰਚ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਪੀੜਤ ਪਰਿਵਾਰ ਨੂੰ ਬਣਦਾ ਮੁਆਵਜ਼ਾ ਦਿੱਤਾ ਜਾਵੇ ਅਤੇ ਬੇਟ ਖੇਤਰ ਦੇ ਪਿੰਡਾਂ 'ਚ ਘੁੰਮ ਰਹੇ ਖੂੰਖਾਰ ਅਵਾਰਾ ਕੁੱਤਿਆਂ ਨੂੰ ਤੁਰੰਤ ਕਾਬੂ ਕੀਤਾ ਜਾਵੇ ਤਾਂ ਜੋ ਕਿਸੇ ਹੋਰ ਪਰਿਵਾਰ ਨੂੰ ਅਜਿਹੇ ਨੁਕਸਾਨ ਦਾ ਸਾਹਮਣਾ ਨਾ ਕਰਨਾ ਪਵੇ।

# ਅਜਰਾਵਰ ਵਿਖੇ ਜ਼ੋਨਲ ਸਕੂਲ ਖੇਡਾਂ ਕਰਵਾਈਆਂ (ਫੁੱਟਬਾਲ-ਵਾਲੀਬਾਲ ਦੇ ਮੈਚ ਕਰਵਾਏ ਗਏ : ਜਸਵਿੰਦਰ ਚਪੜ੍ਹ



**ਘਨੌਰ, 25 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

– ਸਪੋਰਟਸ ਪਾਲਿਸੀ 2023 – ਸਕੂਲ ਸਿੱਖਿਆ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਗਰਮ ਰੁੱਤ ਜੋਨਲ ਸਕੂਲ ਖੇਡਾਂ– ਸੈਸ਼ਨ 2026 –27 ਦੀਆਂ ਪ੍ਰਧਾਨ ਪ੍ਰਿੰ. ਰਾਜ ਕੁਮਾਰ, ਸਕੱਤਰ ਜਸਵਿੰਦਰ ਸਿੰਘ ਚਪੜ੍ਹ ਸਟੇਟ ਅਵਾਰਡੀ ਦੀ ਯੋਗ ਅਗਵਾਈ ਹੇਠ ਅਜਰਾਵਰ ਦੇ ਖੇਡ ਸਟੇਡੀਅਮ ਵਿਖੇ ਸਰਪੰਚ ਦੀਦਾਰ ਸਿੰਘ ਦੇ ਸਹਿਯੋਗ ਨਾਲ ਫੁੱਟਬਾਲ 17 ਸਾਲ – ਵਾਲੀਬਾਲ 19 ਸਾਲਾ ਮੁੰਡਿਆਂ ਦੇ ਮੈਚ ਕਰਵਾਏ ਗਏ। ਸ. ਹਰਮਹਿੰਦਰ ਸਿੰਘ BSO ਨੇ ਦੱਸਿਆ ਕਿ ਵਾਲੀਬਾਲ ਅਤੇ ਫੁਟਬਾਲ ਵਿਚ ਲਗਭਗ 75 ਟੀਮਾਂ ਭਾਗ ਲੈ ਰਹੀਆਂ ਹਨ। ਵਾਲੀਬਾਲ ਵਿਚ ਕ੍ਰਮਵਾਰ ਮਰਦਾਂਪੁਰ, ਜੈਸਪਰ ਸਕੂਲ, ਕੌਲੀ, ਅਜਰਾਵਰ ਅਤੇ ਫੁੱਟਬਾਲ ਵਿਚ ਬਹਾਦਰਗੜ੍ਹ, ਸੰਤਪਾਲ ਸਕੂਲ, ਸਿੰਘਪੁਰਾ ਸਕੂਲ, ਸ੍ਰੀ ਗੁਰੂ ਹਰਿਕ੍ਰਿਸ਼ਨ ਪਬ . ਸਕੂਲਾਂ ਨੇ ਪਹਿਲੀਆਂ ਪੁਜੀਸ਼ਨਾਂ ਹਾਸਿਲ ਕੀਤੀਆਂ। ਖੇਡ ਸਕੱਤਰ ਜਸਵਿੰਦਰ ਚਪੜ੍ਹ ਨੇ ਹਲਕਾ ਘਨੌਰ ਦੇ ਬੱਚਿਆਂ ਦੇ ਮਾਪਿਆਂ ਨੂੰ ਅਪੀਲ ਕੀਤੀ ਕਿ ਨਸ਼ਿਆਂ ਅਤੇ ਮੋਬਾਇਲ ਵਰਗੀਆਂ ਬਿਮਾਰੀਆਂ ਤੋਂ ਦੂਰ ਰਹਿਣ ਦਾ ਇੱਕੋ ਇੱਕ ਹੱਲ ਹੈ ਖੇਡਾਂ। ਬੱਚਿਆਂ ਨੂੰ ਖੇਡਾਂ ਅਤੇ ਪੜ੍ਹਾਈ ਨਾਲ ਜੋੜਨਾ ਅਤਿ ਜ਼ਰੂਰੀ ਹੈ। ਇਸ ਮੌਕੇ ਅਜਰਾਵਰ ਸਕੂਲ ਦੇ ਪ੍ਰਿੰਸੀਪਲ ਬਲਵਿੰਦਰ ਕੌਰ , ਕੈਂਪਸ ਮੈਨੇਜਰ ਰਣਧੀਰ ਸਿੰਘ, ਲੋਕੇਸ਼ ਕੁਮਾਰ, ਖੇਡ ਕਮੇਟੀ ਮੈਂਬਰ ਅਮਨਦੀਪ ਕੌਰ, ਹਰਪ੍ਰੀਤ ਕੌਰ, ਰਾਜਵਿੰਦਰ ਕੌਰ, ਪ੍ਰਦੀਪ ਸਿੰਘ, ਵਿਕਾਸ ਜਿੰਦਲ, ਤਨਵੀਰ ਸਿੰਘ, ਗੁਰਨਾਮ ਸਿੰਘ, ਦੀਪਇੰਦਰ ਸਿੰਘ, ਸੁਨੀਲ ਕੁਮਾਰ, ਦਿਲਸ਼ਾਦ ਖਾਨ, ਪੁਨੀਤ ਕੁਮਾਰ, ਸੰਦੀਪ ਸਿੰਘ, ਗੁਰਪ੍ਰੀਤ ਸਿੰਘ, ਮਨਪ੍ਰੀਤ ਸਿੰਘ, ਰਾਜਨਪ੍ਰੀਤ ਕੌਰ, ਨਵਜੋਤ ਕੌਰ, ਗੌਤਮ ਕਾਮਿਨੀ, ਇੰਦਰਜੀਤ ਸਿੰਘ ਰਾਜ, ਕਵਲਪ੍ਰੀਤ ਕੌਰ, ਪਰਮਜੀਤ ਕੌਰ, ਜਸਪਾਲ ਕੌਰ, ਗਗਨਪ੍ਰੀਤ ਕੌਰ ਤੋਂ ਇਲਾਵਾ ਹਲਕਾ ਘਨੌਰ ਦੇ ਸਮੂਹ ਸਰੀਰਕ ਸਿੱਖਿਆ ਅਧਿਆਪਕ ਤੇ ਖਿਡਾਰੀ ਹਾਜ਼ਰ ਰਹੇ । ਇਨ੍ਹਾਂ ਖੇਡਾਂ ਦੌਰਾਨ ਮੈਡਮ ਨਵਦੀਪ ਕੌਰ ਅਜਰਾਵਰ ਦਾ ਬਹੁਤ ਯੋਗਦਾਨ ਰਿਹਾ।

# 'ਫ੍ਰਾਮ ਪੰਜਾਬ ਟੂ ਦ ਵੈਸਟਰਨ ਵਰਲਡ': ਸੰਤ ਬਾਬਾ ਤੇਜਾ ਸਿੰਘ ਜੀ ਦੇ ਵਿਲੱਖਣ ਜੀਵਨ ਅਤੇ ਵਿਸ਼ਵ-ਪੱਧਰੀ ਵਿਰਾਸਤ ਨੂੰ ਸਮਰਪਿਤ ਡੌਕਿਊਡਰਾਮਾ

**ਬੜੂ ਸਾਹਿਬ, 25 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸ਼ਾਈਨਸਫੀਅਰ ਐਂਟਰਟੇਨਮੈਂਟ ਪ੍ਰਾਈਵੇਟ ਲਿਮਿਟਡ ਆਪਣੇ ਆਗਾਮੀ ਡੌਕਿਊਡਰਾਮਾ 'ਫ੍ਰਾਮ ਪੰਜਾਬ ਟੂ ਦ ਵੈਸਟਰਨ ਵਰਲਡ' ਨੂੰ ਮਾਣ ਨਾਲ ਪੇਸ਼ ਕਰ ਰਿਹਾ ਹੈ। ਇਹ ਇੱਕ ਪ੍ਰੇਰਣਾਦਾਇਕ ਸਿਨੇਮੈਟਿਕ ਯਾਤਰਾ ਹੈ, ਜੋ ਦੂਰਅੰਦੇਸ਼ੀ ਵਿਦਵਾਨ, ਮਹਾਨ ਸਿੱਖਿਆ-ਸ਼ਾਸਤਰੀ, ਰੂਹਾਨੀ ਆਗੂ ਅਤੇ ਸਿੱਖ ਕਦਰਾਂ-ਕੀਮਤਾਂ ਦੇ ਵਿਸ਼ਵ-ਪੱਧਰੀ ਦੂਤ ਅਤੇ ਕਲਗੀਧਰ ਟਰੱਸਟ ਬੜੂ ਸਾਹਿਬ ਦੇ ਸੰਸਥਾਪਕ ਸੰਤ ਬਾਬਾ ਤੇਜਾ ਸਿੰਘ ਜੀ (ਐੱਮ.ਏ., ਐੱਲ.ਐੱਲ.ਬੀ. ਪੰਜਾਬ; ਏ.ਐੱਮ. ਹਾਰਵਰਡ) ਦੇ ਅਸਾਧਾਰਨ ਜੀਵਨ ਅਤੇ ਵਿਸ਼ਵ ਵਿਰਾਸਤ ਨੂੰ ਦਰਸਾਉਂਦੀ ਹੈ।

ਇਹ ਡੌਕਿਊਡਰਾਮਾ ਸੰਤ ਬਾਬਾ ਤੇਜਾ ਸਿੰਘ ਜੀ ਦੇ ਪੰਜਾਬ ਤੋਂ ਵਿਸ਼ਵ ਮੰਚ ਤੱਕ ਦੇ ਪ੍ਰੇਰਣਾਦਾਇਕ ਸਫ਼ਰ ਨੂੰ ਪੇਸ਼ ਕਰਦਾ ਹੈ। ਇਸ ਵਿੱਚ ਸਿੱਖਿਆ ਦੇ ਖੇਤਰ, ਅੰਤਰ-ਧਾਰਮਿਕ ਸਦਭਾਵਨਾ, ਮਨੁੱਖਤਾ ਦੀ ਸੇਵਾ ਅਤੇ ਸਿੱਖ ਦਰਸ਼ਨ ਨੂੰ ਵਿਸ਼ਵ-ਪੱਧਰ 'ਤੇ ਮਾਨਤਾ ਦਿਵਾਉਣ ਵਿੱਚ ਉਨ੍ਹਾਂ ਦੇ ਅਮੁੱਲੇ ਯੋਗਦਾਨ ਨੂੰ ਉਜਾਗਰ ਕੀਤਾ ਗਿਆ ਹੈ। ਦੁਰਲੱਭ ਇਤਿਹਾਸਕ ਤੱਥਾਂ, ਵਿਸ਼ੇਸ਼ਗਿਆਨਾਂ ਨਾਲ ਇੰਟਰਵਿਊ, ਪੁਰਾਲੇਖੀ ਸਮੱਗਰੀ ਅਤੇ ਉਨ੍ਹਾਂ ਦੇ ਜੀਵਨ ਦੀਆਂ ਮਹੱਤਵਪੂਰਨ ਘਟਨਾਵਾਂ ਦੇ ਸਜੀਵ ਪੁਨਰ-ਨਿਰਮਾਣ ਰਾਹੀਂ ਇਹ ਫ਼ਿਲਮ ਦਰਸ਼ਕਾਂ ਨੂੰ ਉਸ ਮਹਾਨ ਸ਼ਖ਼ਸੀਅਤ ਨਾਲ ਜਾਣੂ ਕਰਵਾਉਂਦੀ ਹੈ, ਜਿਸ ਦੀ ਸੋਚ ਅਤੇ ਸੇਵਾ ਅੱਜ ਵੀ ਸੰਸਾਰ ਭਰ ਵਿੱਚ ਅਨੇਕਾਂ ਪੀੜ੍ਹੀਆਂ ਲਈ ਪ੍ਰੇਰਣਾ ਦਾ ਸਰੋਤ ਹੈ।

ਇਸ ਡੌਕਿਊਡਰਾਮੇ ਦਾ ਨਿਰਦੇਸ਼ਨ ਸ਼ਿਵੇਂਦੂ ਰਮੇਸ਼ ਮਹਾਜਨ ਅਤੇ ਦੀਪੇਂਦਰ ਸਿੰਘ ਵਤਸਾ ਵੱਲੋਂ ਕੀਤਾ ਗਿਆ ਹੈ, ਜਦਕਿ ਇਸ ਦਾ ਨਿਰਮਾਣ ਰੇਖਾ ਅਤੇ ਸ਼ਿਵੇਂਦੂ ਰਮੇਸ਼ ਮਹਾਜਨ ਨੇ ਸ਼ਾਈਨਸਫੀਅਰ ਐਂਟਰਟੇਨਮੈਂਟ ਪ੍ਰਾਈਵੇਟ ਲਿਮਿਟਡ ਦੇ ਬੈਨਰ ਹੇਠ ਕੀਤਾ ਹੈ। ਸੰਤ ਬਾਬਾ ਤੇਜਾ ਸਿੰਘ ਜੀ ਦੇ ਜੀਵਨ ਨਾਲ ਜੁੜੇ ਮਹੱਤਵਪੂਰਨ ਇਤਿਹਾਸਕ ਸਥਾਨਾਂ 'ਤੇ ਫ਼ਿਲਮਾਏ ਗਏ ਇਸ ਪ੍ਰੋਜੈਕਟ ਵਿੱਚ ਇਤਿਹਾਸਕਾਰਾਂ, ਵਿਦਵਾਨਾਂ, ਕਲਗੀਧਰ ਟਰੱਸਟ ਦੇ ਨੁਮਾਇੰਦਿਆਂ, ਪਰਿਵਾਰਕ ਮੈਂਬਰਾਂ ਅਤੇ ਹੋਰ ਪ੍ਰਸਿੱਧ ਸ਼ਖ਼ਸੀਅਤਾਂ ਨੂੰ ਇਕੱਠਾ ਕੀਤਾ ਗਿਆ ਹੈ, ਤਾਂ ਜੋ ਸੰਤ ਬਾਬਾ ਤੇਜਾ ਸਿੰਘ ਜੀ ਦੇ ਜੀਵਨ ਅਤੇ ਕਾਰਜਾਂ ਨੂੰ ਇੱਕ ਪ੍ਰਮਾਣਿਕ, ਪ੍ਰਭਾਵਸ਼ਾਲੀ ਅਤੇ ਦਿਲ ਨੂੰ ਛੂਹਣ ਵਾਲੇ ਰੂਪ ਵਿੱਚ ਪੇਸ਼



ਕੀਤਾ ਜਾ ਸਕੇ।

'ਫ੍ਰਾਮ ਪੰਜਾਬ ਟੂ ਦ ਵੈਸਟਰਨ ਵਰਲਡ' ਸਿਰਫ਼ ਇੱਕ ਇਤਿਹਾਸਕ ਡੌਕਿਊਡਰਾਮਾ ਨਹੀਂ, ਸਗੋਂ ਸਿੱਖਿਆ, ਸੇਵਾ, ਅਧਿਆਤਮਿਕਤਾ ਅਤੇ ਮਨੁੱਖਤਾ ਨੂੰ ਸਮਰਪਿਤ ਇੱਕ ਮਹਾਨ ਜੀਵਨ ਨੂੰ ਸ਼ਰਧਾਂਜਲੀ ਹੈ। ਇਹ ਫ਼ਿਲਮ ਸੰਤ ਬਾਬਾ ਤੇਜਾ ਸਿੰਘ ਜੀ ਦੀ ਅਮਰ ਵਿਰਾਸਤ ਨੂੰ ਸੰਭਾਲਣ ਦੇ ਨਾਲ-ਨਾਲ ਆਉਣ ਵਾਲੀਆਂ ਪੀੜ੍ਹੀਆਂ ਨੂੰ ਗਿਆਨ, ਕਰੁਣਾ, ਸੇਵਾ ਅਤੇ ਵਿਸ਼ਵ ਭਾਈਚਾਰੇ ਦੇ ਉਨ੍ਹਾਂ ਦੇ ਮਹਾਨ ਦਰਸ਼ਨ ਤੋਂ ਪ੍ਰੇਰਿਤ ਕਰਨ ਦਾ ਯਤਨ ਕਰਦੀ ਹੈ।

# ਪੰਜਾਬ ਯੂਨੀਵਰਸਿਟੀ ਵਿਖੇ 'ਵਿਕਸਿਤ ਭਾਰਤ' ਵਿਸ਼ੇ 'ਤੇ ਸਮਾਰਟ ਅਤੇ ਟਿਕਾਊ ਖੇਤੀਬਾੜੀ 'ਤੇ ਯੁਵਾ ਪੇਸ਼ੇਵਰਾਂ ਦੀ ਰਾਊਂਡ ਟੇਬਲ ਚਰਚਾ ਆਯੋਜਿਤ

**ਚੰਡੀਗੜ੍ਹ, 25 ਜੁਲਾਈ**
**-ਸੰਜੀਵ ਸਿੰਗਲਾ-**

ਭਾਰਤ ਸਰਕਾਰ ਦੇ ਯੁਵਾ ਮਾਮਲੇ ਅਤੇ ਖੇਡ ਮੰਤਰਾਲੇ ਦੇ ਮੇਰਾ ਯੁਵਾ ਭਾਰਤ ਦੁਆਰਾ ਪੰਜਾਬ ਯੂਨੀਵਰਸਿਟੀ ਦੀ ਐੱਨਐੱਸਐੱਸ ਯੂਨਿਟ ਦੇ ਸਹਿਯੋਗ ਨਾਲ ਰਾਜੀਵ ਗਾਂਧੀ ਕਾਲਜ ਭਵਨ, ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਵਿਖੇ ÷ਵਿਕਸਿਤ ਭਾਰਤ ਲਈ ਸਮਾਰਟ ਅਤੇ ਟਿਕਾਊ ਖੇਤੀਬਾੜੀ÷ ਵਿਸ਼ੇ 'ਤੇ ਵਿਕਸਿਤ ਭਾਰਤ ਯੰਗ ਲੀਡਰਸ ਡਾਇਲਾਗ (ਵੀਬੀਵਾਈਐੱਲਡੀ) 2026 ਦੇ ਤਹਿਤ ਯੰਗ ਪ੍ਰੋਫੈਸ਼ਨਲਸ ਰਾਊਂਡ ਟੇਬਲ ਚਰਚਾ ਦਾ ਆਯੋਜਨ ਕੀਤਾ ਗਿਆ। ਇਸ ਪ੍ਰੋਗਰਾਮ ਵਿੱਚ ਮੇਰਾ ਯੁਵਾ ਭਾਰਤ ਵਲੰਟੀਅਰਾਂ, ਐੱਨਐੱਸਐੱਸ ਵਲੰਟੀਅਰਾਂ, ਯੁਵਾ ਪੇਸ਼ੇਵਰਾਂ ਅਤੇ ਯੁਵਾ ਨੇਤਾਵਾਂ ਸਹਿਤ ਲਗਭਗ 200 ਪ੍ਰਤੀਭਾਗੀਆਂ ਨੇ ਹਿੱਸਾ ਲਿਆ ਅਤੇ ਵਿਕਸਿਤ ਭਾਰਤ 02047 ਦੇ ਵਿਜ਼ਨ ਦੇ ਅਨੁਰੂਪ ਟੈਕਨੋਲੋਜੀ ਅਧਾਰਿਤ ਅਤੇ ਟਿਕਾਊ ਖੇਤੀਬਾੜੀ ਈਕੋਸਿਸਟਮ ਦੇ ਨਿਰਮਾਣ ਹਿਤ ਨੀਤੀਗਤ ਸੁਝਾਵਾਂ 'ਤੇ ਵਿਚਾਰ-ਵਟਾਂਦਰਾ ਕੀਤਾ।

ਰਾਊਂਡ ਟੇਬਲ ਚਰਚਾ ਦੇ ਦੌਰਾਨ ਟਿਕਾਊ ਖੇਤੀ ਪੱਧਤੀਆਂ ਨਾਲ ਆਧੁਨਿਕ ਟੈਕਨੋਲੋਜੀ ਦੇ ਸਮਾਵੇਸ਼, ਜਲਵਾਯੂ-ਅਨੁਕੂਲ ਖੇਤੀਬਾੜੀ ਨੂੰ ਹੁਲਾਰਾ ਦੇਣ, ਨੌਜਵਾਨਾਂ ਨੂੰ ਖੇਤੀਬਾੜੀ ਉੱਦਮਤਾ ਲਈ ਪ੍ਰੋਤਸਾਹਿਤ ਕਰਨ, ਕਿਸਾਨ ਉਤਪਾਦਕ ਸੰਗਠਨਾਂ (ਐੱਫਪੀਓਜ਼) ਨੂੰ ਸਸ਼ਕਤ ਬਣਾਉਣ, ਮਿੱਟੀ ਦੀ ਸਿਹਤ ਵਿੱਚ ਸੁਧਾਰ, ਕੁਦਰਤੀ ਖੇਤੀ ਨੂੰ ਅਪਣਾਉਣ ਅਤੇ ਖੇਤੀਬਾੜੀ ਉਤਪਾਦਕਤਾ ਅਤੇ ਖੁਰਾਕ ਸੁਰੱਖਿਆ ਵਧਾਉਣ ਲਈ ਡਿਜੀਟਲ ਇਨੋਵੇਸ਼ਨਸ ਦੇ ਉਪਯੋਗ ਜਿਹੇ ਵਿਸ਼ਿਆਂ 'ਤੇ ਵਿਸਤਾਰ ਨਾਲ ਚਰਚਾ ਹੋਈ। ਮਾਹਰਾਂ ਨਾਲ ਆਯੋਜਿਤ ਇੰਟਰਐਕਟਿਵ ਓਪਨ-ਫਲੋਰ ਚਰਚਾ ਵਿੱਚ ਪ੍ਰਤੀਭਾਗੀਆਂ ਨੇ ਆਪਣੇ ਅਭਿਨਵ ਵਿਚਾਰ ਅਤੇ ਸੁਝਾਅ ਪ੍ਰਸਤੁਤ ਕੀਤੇ ਅਤੇ ਭਾਰਤੀ ਖੇਤੀਬਾੜੀ ਦੇ ਭਵਿੱਖ ਦੇ ਨਿਰਮਾਣ ਵਿੱਚ ਨੌਜਵਾਨਾਂ ਦੀ ਮਹੱਤਵਪੂਰਨ ਭੂਮਿਕਾ 'ਤੇ ਬਲ ਦਿੱਤਾ।




ਪ੍ਰੋਗਰਾਮ ਵਿੱਚ ਪੰਜਾਬ ਯੂਨੀਵਰਸਿਟੀ ਦੇ ਯੁਵਾ ਭਲਾਈ ਡਾਇਰੈਕਟਰ ਡਾ. ਸੁਖਜਿੰਦਰ ਰਿਸ਼ੀ ਮੁੱਖ ਮਹਿਮਾਨ ਦੇ ਰੂਪ ਵਿੱਚ ਉਪਸਥਿਤ ਰਹੇ। ਇਸ ਅਵਸਰ 'ਤੇ ਮੇਰਾ ਯੁਵਾ ਭਾਰਤ ਪੰਜਾਬ ਦੀ ਸਟੇਟ ਡਾਇਰੈਕਟਰ ਸੁਸ਼੍ਰੀ ਰਸ਼ਮੀਤ ਕੌਰ; ਮੇਰਾ ਯੁਵਾ ਭਾਰਤ ਚੰਡੀਗੜ੍ਹ ਦੇ ਯੂਟੀ ਡਾਇਰੈਕਟਰ, ਸ਼੍ਰੀ ਸ਼ਿਵਧਨ ਸ਼ਰਮਾ; ਮੇਰਾ ਯੁਵਾ ਭਾਰਤ ਹਰਿਆਣਾ ਦੇ ਡਾਇਰੈਕਟਰ ਸ਼੍ਰੀ ਆਕਰਸ਼ ਦੀਕਸ਼ਿਤ ਵਿਸ਼ੇਸ਼ ਮਹਿਮਾਨ ਦੇ ਰੂਪ ਵਿੱਚ ਉਪਸਥਿਤ ਰਹੇ।

ਪ੍ਰੋਗਰਾਮ ਦੀ ਸ਼ੁਰੂਆਤ ਦੀਪ ਜਗਾਉਣ ਦੀ ਰਸਮ ਨਾਲ ਹੋਈ, ਜਿਸ ਤੋਂ ਬਾਅਦ ਸੁਆਗਤ ਭਾਸ਼ਣ ਅਤੇ ਵਿਕਸਿਤ ਭਾਰਤ ਯੰਗ ਲੀਡਰਸ ਡਾਇਲਾਗ ਦਾ ਪਰੀਚੈ ਪ੍ਰਸਤੁਤ ਕੀਤਾ ਗਿਆ। ਤਕਨੀਕੀ ਸੈਸ਼ਨ ਵਿੱਚ ਡਾ. ਸੰਜੀਵ ਚੌਹਾਨ ਅਤੇ ਸ਼੍ਰੀ ਲਿਵ ਅਰਪਿਤ ਸੰਧੂ ਨੇ ਮਾਹਰ ਪੈਨਲਿਸਟਸ ਦੇ ਰੂਪ ਵਿੱਚ ਆਪਣੇ ਵਿਚਾਰ ਸਾਂਝੇ ਕੀਤੇ, ਜਦਕਿ ਸ਼੍ਰੀ ਪੰਚਮ ਕਾਜਲਾ ਨੇ ਰਾਊਂਡ ਟੇਬਲ ਚਰਚਾ ਦਾ ਸਫ਼ਲ ਸੰਚਾਲਨ ਕੀਤਾ।

ਇਸ ਪ੍ਰੋਗਰਾਮ ਦਾ ਆਯੋਜਨ ਮੇਰਾ ਯੁਵਾ ਭਾਰਤ ਚੰਡੀਗੜ੍ਹ ਦੇ ਜ਼ਿਲ੍ਹਾ ਯੁਵਾ ਅਧਿਕਾਰੀ ਸ਼੍ਰੀ ਵਿਨੈ ਕੁਮਾਰ ਦੀ ਅਗਵਾਈ ਵਿੱਚ ਕੀਤਾ ਗਿਆ। ਪ੍ਰੋਗਰਾਮ ਦੇ ਸਫ਼ਲ ਆਯੋਜਨ ਵਿੱਚ ਪੰਜਾਬ ਯੂਨੀਵਰਸਿਟੀ ਦੇ ਐੱਨਐੱਸਐੱਸ ਪ੍ਰੋਗਰਾਮ ਅਫ਼ਸਰ ਡਾ. ਭਾਰਤ ਬਜਾਜ ਅਤੇ ਡਾ. ਕਿਰਨ ਬਾਂਦਰਾ ਦਾ ਮਹੱਤਵਪੂਰਨ ਸਹਿਯੋਗ ਰਿਹਾ। ਉਨ੍ਹਾਂ ਦੇ ਤਾਲਮੇਲ ਵਾਲੇ ਪ੍ਰਯਾਸਾਂ ਨਾਲ ਪ੍ਰੋਗਰਾਮ ਦਾ ਸਫ਼ਲ ਸੰਚਾਲਨ ਅਤੇ ਨੌਜਵਾਨਾਂ ਦੀ ਉਤਸ਼ਾਹਪੂਰਨ ਸਹਿਭਾਗਿਤਾ ਸੁਨਿਸ਼ਚਿਤ ਹੋਈ।

ਰਾਊਂਡ ਟੇਬਲ ਚਰਚਾ ਦਾ ਸਮਾਪਨ ਟਿਕਾਊ ਖੇਤੀਬਾੜੀ ਨੂੰ ਹੁਲਾਰਾ ਦੇਣ ਵਿੱਚ ਨੌਜਵਾਨਾਂ ਨੂੰ ਪ੍ਰਮੁੱਖ ਭਾਗੀਦਾਰ ਦੇ ਰੂਪ ਵਿੱਚ ਸਸ਼ਕਤ ਬਣਾਉਣ ਦੇ ਸਮੂਹਿਕ ਸੰਕਲਪ ਨਾਲ ਹੋਇਆ।

ਚਰਚਾ ਤੋਂ ਪ੍ਰਾਪਤ ਸੁਝਾਅ ਅਤੇ ਸਿਫ਼ਾਰਸ਼ਾਂ ਵਿਕਸਿਤ ਭਾਰਤ ਯੰਗ ਲੀਡਰਸ ਡਾਇਲਾਗ ਦੇ ਵਿਆਪਕ ਉਦੇਸ਼ਾਂ ਨੂੰ ਅੱਗੇ ਵਧਾਉਣ ਅਤੇ 2047 ਤੱਕ ਭਾਰਤ ਨੂੰ ਇੱਕ ਵਿਕਸਿਤ ਰਾਸ਼ਟਰ ਬਣਾਉਣ ਦੀ ਦਿਸ਼ਾ ਵਿੱਚ ਮਹੱਤਵਪੂਰਨ ਯੋਗਦਾਨ ਦੇਣਗੀਆਂ।

# ਵਧੀਕ ਜ਼ਿਲ੍ਹਾ ਚੋਣ ਅ.ਫਸਰ ਵੱਲੋਂ ਈਵੀਐਮ ਵੇਅਰਹਾਊਸ ਦੀ ਮਹੀਨਾਵਾਰ ਜਾਂਚ

**ਹੁਸ਼ਿਆਰਪੁਰ, 25 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਭਾਰਤ ਚੋਣ ਕਮਿਸ਼ਨ ਦੇ ਨਿਰਦੇਸ਼ਾਂ ਅਨੁਸਾਰ ਸ਼ੁੱਕਰਵਾਰ ਨੂੰ ਵਧੀਕ ਡਿਪਟੀ ਕਮਿਸ਼ਨਰ (ਜ)-ਕਮ-ਵਧੀਕ ਜ਼ਿਲ੍ਹਾ ਚੋਣ ਅਫ਼ਸਰ ਡਾ. ਨਿਧੀ ਕੁਮੁਦ ਬੰਬਾਹ ਨੇ ਸੰਯੁਕਤ ਸੀਈਓ ਪੰਜਾਬ ਨਵਨੀਤ ਕੌਰ ਬੱਲ ਦੀ ਮੌਜੂਦਗੀ ਵਿੱਚ ਜ਼ਿਲ੍ਹਾ ਪੱਧਰ 'ਤੇ ਸਥਾਪਿਤ ਈਵੀਐਮ ਵੇਅਰਹਾਊਸ ਦੀ ਜੁਲਾਈ 2026 ਦੀ ਮਹੀਨਾਵਾਰ ਜਾਂਚ ਬਿਨਾਂ ਵੇਅਰਹਾਊਸ ਖੋਲ੍ਹੇ ਕੀਤੀ।ਜਾਂਚ ਦੌਰਾਨ ਈਵੀਐਮ ਵੇਅਰਹਾਊਸ ਦੇ ਡਬਲ ਲਾਕ ਦੀਆਂ ਸੀਲਾਂ, ਸੀਸੀਟੀਵੀ ਪ੍ਰਬੰਧਾਂ ਅਤੇ ਹੋਰ ਸੁਰੱਖਿਆ ਇੰਤਜ਼ਾਮਾਂ ਦੀ ਜਾਂਚ ਕੀਤੀ ਗਈ। ਵਧੀਕ ਜ਼ਿਲ੍ਹਾ ਚੋਣ ਅ.ਫਸਰ ਨੇ ਕਿਹਾ ਕਿ ਈਵੀਐਮ ਵੇਅਰਹਾਊਸ ਦੀ ਮਹੀਨਾਵਾਰ ਜਾਂਚ ਇੱਕ ਨਿਯਮਤ ਅਤੇ ਲਾਜ਼ਮੀ ਪ੍ਰਕਿਰਿਆ ਹੈ। ਇਸ ਦਾ ਉਦੇਸ਼ ਚੋਣ ਪ੍ਰਕਿਰਿਆ ਦੀ ਨਿਰਪੱਖਤਾ, ਸੁਰੱਖਿਆ ਅਤੇ ਪਾਰਦਰਸ਼ਤਾ ਨੂੰ ਯਕੀਨੀ ਬਣਾਉਣਾ ਹੈ। ਉਨ੍ਹਾਂ ਸੰਤੁਸ਼ਟੀ ਜਤਾਉਂਦਿਆਂ ਕਿਹਾ ਕਿ ਜ਼ਿਲ੍ਹੇ ਵਿੱਚ ਵੇਅਰਹਾਊਸ ਦੇ ਸਾਰੇ ਪ੍ਰਬੰਧ ਉੱਚਤਮ ਮਾਪਦੰਡਾਂ ਅਨੁਸਾਰ ਪਾਏ ਗਏ ਹਨ। ਇਸ ਮੌਕੇ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਨੇ ਕਿਹਾ ਕਿ ਚੋਣ ਕਮਿਸ਼ਨ ਦੀ ਇਹ ਪਹਿਲ ਲੋਕਤੰਤਰੀ ਪ੍ਰਕਿਰਿਆ ਪ੍ਰਤੀ ਆਮ ਲੋਕਾਂ ਦੇ ਭਰੋਸੇ ਨੂੰ ਹੋਰ ਮਜ਼ਬੂਤ ਕਰਦੀ ਹੈ।

# ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਵੱਲੋਂ 'ਮਿਸ਼ਨ ਹਰਿਆਲੀ 2026' ਦਾ ਆਗਾਜ਼



**ਲਹਿਰਾਗਾਗਾ, 25 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਵਾਤਾਵਰਨ ਦੀ ਸੰਭਾਲ ਅਤੇ ਪੰਜਾਬ ਨੂੰ ਹਰਿਆ-ਭਰਿਆ ਬਣਾਉਣ ਦੇ ਉਦੇਸ਼ ਨਾਲ ਆਪਣਾ ਪੰਜਾਬ ਫਾਊਂਡੇਸ਼ਨ (ਫੈਪ) ਵੱਲੋਂ 'ਮਿਸ਼ਨ ਹਰਿਆਲੀ 2026' ਤਹਿਤ ਪੂਰੇ ਪੰਜਾਬ ਵਿੱਚ 9 ਲੱਖ ਬੂਟੇ ਲਗਾਉਣ ਦੀ ਮਹੱਤਵਾਕਾਂਕਸ਼ੀ ਮੁਹਿੰਮ ਦਾ ਆਗਾਜ਼ ਅੱਜ ਸੀਬਾ ਸਕੂਲ, ਲਹਿਰਾਗਾਗਾ ਦੇ ਕੈਂਪਸ ਵਿੱਚ ਕਰਵਾਏ ਗਏ ਵਿਸ਼ੇਸ਼ ਸਮਾਗਮ ਦੌਰਾਨ ਪੰਜਾਬ ਦੇ ਕੈਬਨਿਟ ਮੰਤਰੀ ਐਡਵੋਕੇਟ ਸ੍ਰੀ ਬਰਿੰਦਰ ਕੁਮਾਰ ਗੋਇਲ ਨੇ ਕੀਤਾ।

ਇਸ ਮੌਕੇ ਕੈਬਨਿਟ ਮੰਤਰੀ ਸ੍ਰੀ ਗੋਇਲ ਨੇ ਵਿਦਿਆਰਥੀਆਂ ਨੂੰ ਬੂਟੇ ਵੰਡੇ ਅਤੇ ਉਨ੍ਹਾਂ ਨੂੰ ਵੱਧ ਤੋਂ ਵੱਧ ਬੂਟੇ ਲਗਾ ਕੇ ਉਨ੍ਹਾਂ ਦੀ ਸੰਭਾਲ ਕਰਨ ਦਾ ਸੰਦੇਸ਼ ਦਿੱਤਾ। ਆਪਣੇ ਸੰਬੋਧਨ ਵਿੱਚ ਉਨ੍ਹਾਂ ਨੇ ਕਿਹਾ ਕਿ ਵਾਤਾਵਰਨ ਦੀ ਸੁਰੱਖਿਆ ਮੌਜੂਦਾ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ ਅਤੇ ਹਰ ਨਾਗਰਿਕ ਨੂੰ ਇਸ ਵਿੱਚ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸਿਰਫ਼ ਬੂਟੇ ਲਗਾਉਣਾ ਹੀ ਨਹੀਂ, ਸਗੋਂ ਉਨ੍ਹਾਂ ਦੀ ਸੰਭਾਲ ਕਰਕੇ ਉਨ੍ਹਾਂ ਨੂੰ ਦਰੱਖਤ ਬਣਾਉਣਾ ਵੀ ਸਾਡੀ ਸਾਂਝੀ ਜ਼ਿੰਮੇਵਾਰੀ ਹੈ।

ਕੈਬਨਿਟ ਮੰਤਰੀ ਨੇ ਆਪਣਾ ਪੰਜਾਬ ਫਾਊਂਡੇਸ਼ਨ (ਫੈਪ) ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸੂਬੇ ਭਰ ਵਿੱਚ 9 ਲੱਖ ਬੂਟੇ ਵਿਉਂਤਬੱਧ ਢੰਗ ਨਾਲ ਲਗਾਉਣ ਅਤੇ ਉਨ੍ਹਾਂ ਦੀ ਸੰਭਾਲ ਦਾ ਰਿਕਾਰਡ ਰੱਖਣ ਦਾ ਇਹ ਉਪਰਾਲਾ ਬੇਹੱਦ ਸ਼ਲਾਘਾਯੋਗ ਹੈ। ਉਨ੍ਹਾਂ ਕਿਹਾ ਕਿ ਅਜਿਹੀਆਂ ਸੰਸਥਾਵਾਂ ਸਮਾਜ ਵਿੱਚ ਵਾਤਾਵਰਨ ਪ੍ਰਤੀ ਜਾਗਰੂਕਤਾ ਪੈਦਾ ਕਰਨ ਦੇ ਨਾਲ-ਨਾਲ ਲੋਕਾਂ ਨੂੰ ਕੁਦਰਤ ਨਾਲ ਜੋੜਨ ਦਾ ਮਹੱਤਵਪੂਰਨ ਕੰਮ ਕਰ ਰਹੀਆਂ ਹਨ।

ਉਨ੍ਹਾਂ ਨੇ ਸੀਬਾ ਸਕੂਲ ਦੀ ਵੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਇਹ ਸੰਸਥਾ ਵਿਦਿਆਰਥੀਆਂ ਨੂੰ ਕੇਵਲ ਅਕਾਦਮਿਕ ਸਿੱਖਿਆ ਹੀ ਨਹੀਂ, ਸਗੋਂ ਸਮਾਜਿਕ ਜ਼ਿੰਮੇਵਾਰੀਆਂ, ਵਾਤਾਵਰਨ ਸੰਭਾਲ, ਜੀਵਨ ਮੁੱਲਾਂ ਅਤੇ ਵਿਹਾਰਕ ਗਤੀਵਿਧੀਆਂ ਨਾਲ ਵੀ ਜੋੜ ਰਹੀ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਹਰ ਵਿਦਿਆਰਥੀ ਘੱਟੋ-ਘੱਟ ਇੱਕ ਬੂਟਾ ਜ਼ਰੂਰ ਲਗਾਏ ਅਤੇ ਉਸ ਦੀ ਪੂਰੀ ਦੇਖਭਾਲ ਕਰਕੇ ਉਸ ਨੂੰ ਦਰੱਖਤ ਬਣਾਏ। ਇਸ ਦੌਰਾਨ ਉਨ੍ਹਾਂ ਨੇ ਬੂਟਿਆਂ ਦੀ ਸਹੀ ਦੇਖਭਾਲ ਅਤੇ ਸੰਭਾਲ ਸਬੰਧੀ ਕਈ ਲਾਭਦਾਇਕ ਨੁਕਤੇ ਵੀ ਸਾਂਝੇ ਕੀਤੇ।

ਸਮਾਗਮ ਦੌਰਾਨ ਆਪਣਾ ਪੰਜਾਬ ਫਾਊਂਡੇਸ਼ਨ ਦੇ ਫਾਊਂਡਰ ਮੈਂਬਰ ਅਤੇ ਸੀਬਾ ਸਕੂਲ ਦੇ ਪ੍ਰਬੰਧਕ ਸ੍ਰੀ ਕੰਵਲਜੀਤ ਸਿੰਘ ਢੀਂਡਸਾ ਨੇ ਕੈਬਨਿਟ ਮੰਤਰੀ ਦਾ ਨਿੱਘਾ ਸਵਾਗਤ ਕਰਦਿਆਂ ਕਿਹਾ ਕਿ ਫਾਊਂਡੇਸ਼ਨ ਦਾ ਉਦੇਸ਼ ਵਾਤਾਵਰਨ ਸੁਰੱਖਿਆ ਨੂੰ ਲੋਕ ਅੰਦੋਲਨ ਬਣਾਉਣਾ ਹੈ। ਉਨ੍ਹਾਂ ਦੱਸਿਆ ਕਿ 'ਮਿਸ਼ਨ ਹਰਿਆਲੀ 2026' ਤਹਿਤ ਸੂਬੇ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਵਿਉਂਤਬੱਧ ਢੰਗ ਨਾਲ 9 ਲੱਖ ਬੂਟੇ ਲਗਾਏ ਜਾਣਗੇ ਅਤੇ ਹਰ ਬੂਟੇ ਦੀ ਨਿਰੰਤਰ ਨਿਗਰਾਨੀ ਅਤੇ ਸੰਭਾਲ ਨੂੰ ਯਕੀਨੀ ਬਣਾਇਆ ਜਾਵੇਗਾ। ਉਨ੍ਹਾਂ ਇਸ ਮੁਹਿੰਮ ਵਿੱਚ ਵਿਦਿਆਰਥੀਆਂ ਵੱਲੋਂ ਦਿਖਾਏ ਜਾ ਰਹੇ ਉਤਸ਼ਾਹ ਅਤੇ ਸਹਿਯੋਗ ਲਈ ਧੰਨਵਾਦ ਵੀ ਪ੍ਰਗਟ ਕੀਤਾ।

ਇਸ ਉਪਰੰਤ ਕੈਬਨਿਟ ਮੰਤਰੀ ਸ੍ਰੀ ਬਰਿੰਦਰ ਕੁਮਾਰ ਗੋਇਲ ਨੇ ਸੀਬਾ ਸਕੂਲ ਦੇ ਹਰਬਲ ਗਾਰਡਨ ਵਿੱਚ ਬੂਟਾ ਲਗਾ ਕੇ 'ਮਿਸ਼ਨ ਹਰਿਆਲੀ 2026' ਦਾ ਰਸਮੀ ਆਗਾਜ਼ ਕੀਤਾ ਅਤੇ ਵਾਤਾਵਰਨ ਸੰਭਾਲ ਦਾ ਸੰਦੇਸ਼ ਦਿੱਤਾ।

ਇਸ ਮੌਕੇ ਵਪਾਰ ਸੈੱਲ ਦੇ ਜ਼ਿਲ੍ਹਾ ਪ੍ਰਧਾਨ ਸ੍ਰੀ ਅਰੁਣ ਜਿੰਦਲ, ਮਾਰਕੀਟ ਕਮੇਟੀ ਦੇ ਚੇਅਰਮੈਨ ਸ੍ਰੀ ਸ਼ੀਸ਼ਪਾਲ ਆਨੰਦ, ਸਕੂਲ ਪ੍ਰਬੰਧਕ, ਅਧਿਆਪਕ, ਵੱਡੀ ਗਿਣਤੀ ਵਿੱਚ ਵਿਦਿਆਰਥੀ ਅਤੇ ਹੋਰ ਪਤਵੰਤੇ ਵੀ ਹਾਜ਼ਰ ਸਨ।

# ਪੰਜਾਬ ਸਰਕਾਰ ਨੇ ਸਰਕਾਰੀ ਸਕੂਲਾਂ ਦੀ ਤਸਵੀਰ ਬਦਲੀ : ਮੋਹਿੰਦਰ ਭਗਤ



**ਜਲੰਧਰ, 25 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਵੱਲੋਂ ਅੱਜ ਸਥਾਨਕ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਬਸਤੀ ਸ਼ੇਖ ਅਤੇ ਪੀ.ਐਮ.ਸ਼੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਬਸਤੀ ਦਾਨਿਸ਼ਮੰਦਾ ਵਿਖੇ 11ਵੀਂ ਅਤੇ 12ਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਸਕੂਲੀ ਬੈਗਾਂ ਦੀ ਵੰਡ ਕੀਤੀ ਗਈ।

ਕੈਬਨਿਟ ਮੰਤਰੀ ਨੇ ਇਸ ਮੌਕੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦਾ ਉਦੇਸ਼ ਹਰ ਬੱਚੇ ਨੂੰ ਬਿਹਤਰ ਸਿੱਖਿਆ, ਲੋੜੀਂਦੀਆਂ ਸਹੂਲਤਾਂ ਅਤੇ ਰੌਸ਼ਨ ਭਵਿੱਖ ਲਈ ਸਮਾਨ ਮੌਕੇ ਪ੍ਰਦਾਨ ਕਰਨਾ ਹੈ ਤਾਂ ਜੋ ਉਹ ਆਪਣੇ ਸੁਪਨਿਆਂ ਨੂੰ ਸਾਕਾਰ ਕਰ ਸਕਣ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਸਿੱਖਿਆ ਦੇ ਖੇਤਰ ਵਿੱਚ ਕ੍ਰਾਂਤੀਕਾਰੀ ਬਦਲਾਅ ਲਿਆਂਦੇ, ਜਿਸ ਦੇ ਸਿੱਟੇ ਵਜੋਂ ਅੱਜ ਪੰਜਾਬ ਪੂਰੇ ਦੇਸ਼ ਵਿੱਚ ਸਿੱਖਿਆ ਦੇ ਖੇਤਰ ਵਿੱਚ ਮੋਹਰੀ ਸਥਾਨ 'ਤੇ ਪਹੁੰਚ ਗਿਆ ਹੈ।

ਉਨ੍ਹਾਂ ਕਿਹਾ ਕਿ ਸਿੱਖਿਆ ਕ੍ਰਾਂਤੀ ਤਹਿਤ ਸਰਕਾਰੀ ਸਕੂਲਾਂ ਦਾ ਆਧੁਨਿਕੀਕਰਨ ਕੀਤਾ ਗਿਆ। ਸੂਬੇ ਦੇ ਸਰਕਾਰੀ ਸਕੂਲਾਂ ਵਿੱਚ ਸਮਾਰਟ ਕਲਾਸਰੂਮ, ਆਧੁਨਿਕ ਪ੍ਰਯੋਗਸ਼ਾਲਾਵਾਂ, ਬਿਹਤਰ ਫਰਨੀਚਰ, ਸਾਫ਼-ਸੁਥਰਾ ਵਾਤਾਵਰਣ ਅਤੇ ਹੋਰ ਲੋੜੀਂਦੀਆਂ ਸਹੂਲਤਾਂ ਪ੍ਰਦਾਨ ਕੀਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਸਰਕਾਰੀ ਸਕੂਲਾਂ ਦੀ ਤਸਵੀਰ ਬਦਲ ਕੇ ਰੱਖ ਦਿੱਤੀ ਹੈ।

ਸ਼੍ਰੀ ਭਗਤ ਨੇ ਵਿਦਿਆਰਥੀਆਂ ਨੂੰ ਲਗਨ ਤੇ ਮਿਹਨਤ ਨਾਲ ਪੜ੍ਹਨ ਲਈ ਪ੍ਰੇਰਿਤ ਕਰਦਿਆਂ ਕਿਹਾ ਕਿ ਸਿੱਖਿਅਕ ਹੋ ਕੇ ਉਹ ਆਪਣੇ ਪਰਿਵਾਰ, ਸਮਾਜ, ਸੂਬੇ ਅਤੇ ਦੇਸ਼ ਦੀ ਤਰੱਕੀ ਵਿੱਚ ਮਹੱਤਵਪੂਰਨ ਯੋਗਦਾਨ ਪਾ ਸਕਦੇ ਹਨ। ਉਨ੍ਹਾਂ ਵਿਦਿਆਰਥੀਆਂ ਨੂੰ ਨਿਰੰਤਰ ਮਿਹਨਤ ਅਤੇ ਟੀਚੇ ਨਿਰਧਾਰਿਤ ਕਰਕੇ ਉਨ੍ਹਾਂ ਦੀ ਪ੍ਰਾਪਤੀ ਲਈ ਪੂਰੀ ਇਮਾਨਦਾਰੀ ਨਾਲ ਯਤਨ ਕਰਨ ਲਈ ਕਿਹਾ। ਇਸ ਮੌਕੇ ਕੈਬਨਿਟ ਮੰਤਰੀ ਨੇ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਬਸਤੀ ਸ਼ੇਖ ਵਿਖੇ ਕਿਚਨ ਸ਼ੈੱਡ, ਫਰਸ਼ ਅਤੇ ਹੋਰ ਵਿਕਾਸ ਕਾਰਜਾਂ ਲਈ ਪੰਜਾਬ ਸਰਕਾਰ ਵੱਲੋਂ 15 ਲੱਖ ਰੁਪਏ ਦੀ ਰਾਸ਼ੀ ਦੇਣ ਦਾ ਐਲਾਨ ਵੀ ਕੀਤਾ।

ਇਸ ਮੌਕੇ ਪ੍ਰਿੰ. ਰੇਖਾ ਰਾਣੀ, ਪ੍ਰਿੰ. ਦਿਨੇਸ਼ ਕੁਮਾਰ, ਐਜੂਕੇਸ਼ਨ ਇੰਚਾਰਜ ਜਲੰਧਰ ਪੱਛਮੀ ਸੰਜੀਵ ਭਗਤ, 'ਆਪ' ਆਗੂ ਸਿਮਰਨਜੀਤ ਸਿੰਘ ਬੰਟੀ, ਐਡਵੋਕੇਟ ਸੰਦੀਪ ਵਰਮਾ, ਕਮਲ ਲੋਚ, ਏਕਮਜੀਤ, ਅਨਮੋਲ ਅਤੇ ਸਕੂਲਾਂ ਦਾ ਸਟਾਫ਼ ਵੀ ਮੌਜੂਦ ਸੀ।

# ਸੁਖੋ ਖਾਲਸਾ ਸਕੂਲ ਦੀ ਨਵੀਂ ਜ਼ਿੰਮੇਵਾਰੀ ਲਈ ਰਜਿੰਦਰ ਸਿੰਘ ਸ਼ਾਨ ਨੂੰ ਹਰਮੀਤ ਸਿੰਘ ਕਾਲਕਾ ਤੇ ਜਗਦੀਪ ਸਿੰਘ ਕਾਹਲੋਂ ਵੱਲੋਂ ਵਧਾਈਆਂ

**ਨਵੀਂ ਦਿੱਲੀ, 25 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਅਤੇ ਜਰਨਲ ਸਕੱਤਰ ਜਗਦੀਪ ਸਿੰਘ ਕਾਹਲੋਂ ਵੱਲੋਂ ਸੁਖੋ ਖਾਲਸਾ ਸੀਨੀਅਰ ਸੈਕੰਡਰੀ ਸਕੂਲ, ਜਨਕਪੁਰੀ ਦੀ ਗਵਰਨਿੰਗ ਬਾਡੀ ਵਿੱਚ ਸਰਦਾਰ ਰਜਿੰਦਰ ਸਿੰਘ ਸ਼ਾਨ ਨੂੰ ਮੈਨੇਜਰ ਵਜੋਂ ਨਾਮਜ਼ਦ ਕੀਤੇ ਜਾਣ 'ਤੇ ਹਾਰਦਿਕ ਵਧਾਈ ਅਤੇ ਸ਼ੁਭਕਾਮਨਾਵਾਂ ਦਿੱਤੀਆਂ ਹਨ।

ਸਰਦਾਰ ਹਰਮੀਤ ਸਿੰਘ ਕਾਲਕਾ ਨੇ ਕਿਹਾ ਕਿ ਸਿੱਖ ਵਿੱਦਿਅਕ ਸੰਸਥਾਵਾਂ ਨਾ ਸਿਰਫ਼ ਗੁਣਵੱਤਾਪੂਰਨ ਸਿੱਖਿਆ ਦੇਂਦੀਆਂ ਹਨ, ਸਗੋਂ ਨੌਜਵਾਨ ਪੀੜ੍ਹੀ ਵਿੱਚ ਗੁਰਮਤਿ ਮੁੱਲਾਂ, ਉੱਚੇ ਸੰਸਕਾਰਾਂ ਅਤੇ ਨਿਸ਼ਕਾਮ ਸੇਵਾ ਦੀ ਭਾਵਨਾ ਨੂੰ ਵੀ ਪ੍ਰਫੁੱਲਤ ਕਰਦੀਆਂ ਹਨ। ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਪੂਰਾ ਵਿਸ਼ਵਾਸ ਹੈ ਕਿ ਸਰਦਾਰ ਰਜਿੰਦਰ ਸਿੰਘ ਸ਼ਾਨ ਆਪਣੀ ਯੋਗਤਾ, ਤਜਰਬੇ, ਸਮਰਪਣ ਅਤੇ ਪ੍ਰਬੰਧਕੀ ਕਾਬਲੀਅਤ ਸਦਕਾ ਇਸ ਅਹਿਮ ਜ਼ਿੰਮੇਵਾਰੀ ਨੂੰ ਬਾਖੂਬੀ ਨਿਭਾਉਣਗੇ ਅਤੇ ਸਕੂਲ ਦੀ ਤਰੱਕੀ ਦੇ ਨਾਲ-ਨਾਲ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਵਿੱਚ ਵੀ ਵਡਮੁੱਲਾ ਯੋਗਦਾਨ ਪਾਉਣਗੇ।

ਉਨ੍ਹਾਂ ਅਰਦਾਸ ਕੀਤੀ ਕਿ ਅਕਾਲ ਪੁਰਖ ਸਰਦਾਰ ਰਜਿੰਦਰ ਸਿੰਘ ਸ਼ਾਨ ਨੂੰ ਚੰਗੀ ਸਿਹਤ, ਦੂਰਅੰਦੇਸ਼ੀ, ਦ੍ਰਿੜ੍ਹ ਇਰਾਦੇ ਅਤੇ ਨਿਸ਼ਕਾਮ ਸੇਵਾ ਦੀ ਭਾਵਨਾ ਬਖ਼ਸ਼ਣ, ਤਾਂ ਜੋ ਉਹ ਇਸ ਨਵੀਂ ਜ਼ਿੰਮੇਵਾਰੀ ਨੂੰ ਸਫ਼ਲਤਾਪੂਰਵਕ ਨਿਭਾਉਂਦੇ ਹੋਏ ਸਿੱਖ ਪੰਥ, ਵਿਦਿਆਰਥੀ ਭਾਈਚਾਰੇ ਅਤੇ ਸਮਾਜ ਦੀ ਹੋਰ ਵੀ ਪ੍ਰਭਾਵਸ਼ਾਲੀ ਢੰਗ ਨਾਲ ਸੇਵਾ ਕਰ ਸਕਣ।

ਇਸ ਮੌਕੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਵੀ ਸਰਦਾਰ ਰਜਿੰਦਰ ਸਿੰਘ ਸ਼ਾਨ ਨੂੰ ਵਧਾਈ ਦਿੰਦਿਆਂ ਕਿਹਾ ਕਿ ਸਿੱਖਿਆ ਦੇ ਖੇਤਰ ਵਿੱਚ ਸਮਰਪਿਤ, ਯੋਗ ਅਤੇ ਦੂਰਦਰਸ਼ੀ ਲੀਡਰਸ਼ਿਪ ਹੀ ਭਵਿੱਖ ਦੀਆਂ ਪੀੜ੍ਹੀਆਂ ਨੂੰ ਸਹੀ ਦਿਸ਼ਾ ਪ੍ਰਦਾਨ ਕਰ ਸਕਦੀ ਹੈ। ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਸਰਦਾਰ ਰਜਿੰਦਰ ਸਿੰਘ ਸ਼ਾਨ ਆਪਣੀ ਨਵੀਂ ਜ਼ਿੰਮੇਵਾਰੀ ਵਿੱਚ ਸਾਰੀਆਂ ਉਮੀਦਾਂ 'ਤੇ ਖਰੇ ਉਤਰਦੇ ਹੋਏ ਸੰਸਥਾ ਦੀ ਪ੍ਰਗਤੀ ਵਿੱਚ ਨਵੀਆਂ ਉਚਾਈਆਂ ਸਥਾਪਿਤ ਕਰਨਗੇ।



# ਹਰਿਆਣਾ ਖ਼ਬਰਨਾਮਾ



## ਮੁੱਖ ਮੰਤਰੀ ਦੀ ਪ੍ਰਧਾਨਗੀ ਹੇਠ ਗੁਰੂਗ੍ਰਾਮ ਵਿੱਚ ਜ਼ਿਲ੍ਹਾ ਲੋਕ ਸੰਪਰਕ ਅਤੇ ਸ਼ਿਕਾਇਤ ਨਿਵਾਰਣ ਕਮੇਟੀ ਦੀ ਮੀਟਿੰਗ ਹੋਈ, 15 ਵਿੱਚੋਂ 13 ਮਾਮਲਿਆਂ ਦਾ ਮੌਕੇ ਉੱਤੇ ਕੀਤਾ ਹੱਲ

**ਚੰਡੀਗੜ੍ਹ 25 ਜੁਲਾਈ**
**-ਛਤਰਪਾਲ ਸਿੰਘ-**

ਗੁਰੂਗ੍ਰਾਮ ਦੀ ਸਫਾਈ, ਸੁੰਦਰੀਕਰਨ ਅਤੇ ਵਿਵਸਥਿਤ ਸ਼ਹਿਰੀ ਵਿਕਾਸ ਸਰਕਾਰ ਦੀਆਂ ਸਰਵਉੱਚ ਪਹਿਲਾਂ ਵਿੱਚ ਸ਼ਾਮਲ ਹਨ। ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨੇ ਜ਼ਿਲ੍ਹਾ ਲੋਕ ਸੰਪਰਕ ਅਤੇ ਸ਼ਿਕਾਇਤ ਨਿਵਾਰਣ ਕਮੇਟੀ ਦੀ ਮੀਟਿੰਗ ਵਿੱਚ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਸ਼ਹਿਰ ਦੀ ਸਫਾਈ ਅਤੇ ਸੁੰਦਰਤਾ ਨਾਲ ਕਿਸੇ ਵੀ ਪੱਧਰ ’ਤੇ ਸਮਝੌਤਾ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਨਿਰਮਾਣ ਕਾਰਜ ਕਰਨ ਵਾਲੀਆਂ ਸਾਰੀਆਂ ਏਜੰਸੀਆਂ ਅਤੇ ਸਬੰਧਤ ਅਧਿਕਾਰੀ ਇਹ ਯਕੀਨੀ ਬਣਾਉਣ ਕਿ ਨਿਰਮਾਣ ਅਤੇ ਢਾਹੁਣ (ਸੀ.ਐਂਡ.ਡੀ.) ਰਹਿੰਦ-ਖੂੰਹਦ ਦਾ ਵਿਗਿਆਨਕ ਅਤੇ ਨਿਰਧਾਰਤ ਥਾਵਾਂ ’ਤੇ ਹੀ ਨਿਪਟਾਰਾ ਹੋਵੇ।

ਮੁੱਖ ਮੰਤਰੀ ਸ਼ਨੀਵਾਰ ਨੂੰ ਗੁਰੂਗ੍ਰਾਮ ਵਿੱਚ ਜ਼ਿਲ੍ਹਾ ਲੋਕ ਸੰਪਰਕ ਅਤੇ ਸ਼ਿਕਾਇਤ ਨਿਵਾਰਣ ਕਮੇਟੀ ਦੀ ਮੀਟਿੰਗ ਦੀ ਪ੍ਰਧਾਨਗੀ ਕਰ ਰਹੇ ਸਨ। ਮੀਟਿੰਗ ਵਿੱਚ ਹਰਿਆਣਾ ਦੇ ਉਦਯੋਗ ਅਤੇ ਵਪਾਰ ਮੰਤਰੀ ਰਾਓ ਨਰਬੀਰ ਸਿੰਘ, ਪਟੌਦੀ ਤੋਂ ਵਿਧਾਇਕ ਸ਼੍ਰੀਮਤੀ ਬਿਮਲਾ ਚੌਧਰੀ, ਸੋਹਣਾ ਤੋਂ ਵਿਧਾਇਕ ਸ਼੍ਰੀ ਤੇਜਪਾਲ ਤੰਵਰ, ਗੁਰੂਗ੍ਰਾਮ ਦੇ ਵਿਧਾਇਕ ਸ਼੍ਰੀ ਮੁਕੇਸ਼ ਸ਼ਰਮਾ ਵੀ ਮੌਜੂਦ ਰਹੇ। ਮੀਟਿੰਗ ਵਿੱਚ ਕੁੱਲ 15 ਸ਼ਿਕਾਇਤਾਂ ਰੱਖੀਆਂ ਗਈਆਂ, ਜਿਨ੍ਹਾਂ ਵਿੱਚੋਂ ਮੁੱਖ ਮੰਤਰੀ ਨੇ 13 ਦਾ ਮੌਕੇ ’ਤੇ ਹੀ ਨਿਪਟਾਰਾ ਕੀਤਾ, ਜਦੋਂ ਕਿ 2 ਮਾਮਲਿਆਂ ਨੂੰ ਅਗਲੀ ਮੀਟਿੰਗ ਤੱਕ ਲੰਬਿਤ ਰੱਖਣ ਦੇ ਨਿਰਦੇਸ਼ ਦਿੱਤੇ ਗਏ। ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਇਨ੍ਹਾਂ ਲੰਬਿਤ ਮਾਮਲਿਆਂ ਦੀ ਸਟੇਟਸ ਰਿਪੋਰਟ ਅਗਲੀ ਮੀਟਿੰਗ ਵਿੱਚ ਪੇਸ਼ ਕੀਤੀ ਜਾਵੇ।

ਸੀ.ਐੱਮ. ਵਿੰਡੋ ’ਤੇ ਆਉਣ ਵਾਲੀਆਂ ਸ਼ਿਕਾਇਤਾਂ ਦਾ ਸਮਾਂਬੱਧ ਹੱਲ ਯਕੀਨੀ ਕੀਤਾ ਜਾਵੇ

ਮੁੱਖ ਮੰਤਰੀ ਨੇ ਮੀਟਿੰਗ ਵਿੱਚ ਸੀ.ਐੱਮ. ਵਿੰਡੋ ’ਤੇ ਪ੍ਰਾਪਤ ਸ਼ਿਕਾਇਤਾਂ ਦੇ ਤੁਰੰਤ ਅਤੇ ਪ੍ਰਭਾਵਸ਼ਾਲੀ ਹੱਲ ’ਤੇ ਵਿਸ਼ੇਸ਼ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਉਹ ਖੁਦ ਸੀ.ਐੱਮ. ਵਿੰਡੋ ’ਤੇ ਆਉਣ ਵਾਲੀਆਂ ਸ਼ਿਕਾਇਤਾਂ ਦੀ ਨਿਯਮਤ ਸਮੀਖਿਆ ਕਰਦੇ ਹਨ, ਇਸ ਲਈ ਸਾਰੇ ਅਧਿਕਾਰੀ ਹਰ ਸ਼ਿਕਾਇਤ ਨੂੰ ਗੰਭੀਰਤਾ ਨਾਲ, ਨਿਰਪੱਖਤਾ ਅਤੇ ਸਮਾਂਬੱਧ ਤਰੀਕੇ ਨਾਲ ਹੱਲ ਕਰਨਾ ਯਕੀਨੀ ਬਣਾਉਣ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਅਧਿਕਾਰੀ ਦੀ ਲਾਪਰਵਾਹੀ, ਉਦਾਸੀਨਤਾ ਜਾਂ ਦੁਰਭਾਵਨਾ ਪੂਰਨ ਕਾਰਜਸ਼ੈਲੀ ਸਾਹਮਣੇ ਆਈ ਤਾਂ ਉਸ ਖਿਲਾਫ ਸਖ਼ਤ ਕਾਰਵਾਈ ਕੀਤੀ ਜਾਵੇਗੀ। ਮੁੱਖ ਮੰਤਰੀ ਨੇ ਕਿਹਾ ਕਿ ਜਦੋਂ ਕੋਈ ਨਾਗਰਿਕ ਕਿਸੇ ਸਮੱਸਿਆ ਕਾਰਨ ਸ਼ਿਕਾਇਤ ਦਰਜ ਕਰਵਾਉਂਦਾ ਹੈ ਤਾਂ ਉਸ ਦਾ ਹੱਲ ਕਰਨਾ ਸਰਕਾਰ ਅਤੇ ਪ੍ਰਸ਼ਾਸਨ ਦੀ ਜ਼ਿੰਮੇਵਾਰੀ ਹੈ। ਇਸ ਲਈ ਸਾਰੇ ਅਧਿਕਾਰੀ ਜਨਹਿਤ ਨੂੰ ਸਰਵਉੱਚ ਪਹਿਲ ਦਿੰਦੇ ਹੋਏ ਸੀ.ਐੱਮ. ਵਿੰਡੋ ’ਤੇ ਪ੍ਰਾਪਤ ਸ਼ਿਕਾਇਤਾਂ ਦਾ ਸੰਵੇਦਨਸ਼ੀਲਤਾ ਨਾਲ ਹੱਲ ਕਰਨ, ਤਾਂ ਜੋ ਆਮ ਲੋਕਾਂ ਨੂੰ ਤੁਰੰਤ ਰਾਹਤ ਮਿਲ ਸਕੇ।

ਵਜ਼ੀਰਪੁਰ ਐਨਕਲੇਵ ਵਿੱਚ ਮੁਢਲੀਆਂ ਸਹੂਲਤਾਂ ਦੇ ਵਿਸਥਾਰ ਲਈ ਮੁੱਖ ਮੰਤਰੀ ਨੇ ਦਿੱਤੇ ਤੁਰੰਤ ਕਾਰਵਾਈ ਦੇ ਨਿਰਦੇਸ਼

ਮੀਟਿੰਗ ਵਿੱਚ ਨਗਰ ਨਿਗਮ ਮਾਨੇਸਰ ਖੇਤਰ ਦੇ ਵਜ਼ੀਰਪੁਰ ਇਨਕਲੇਵ ਤੋਂ ਆਏ ਆਰ.ਡਬਲਯੂ.ਏ. ਮੈਂਬਰਾਂ ਨੇ ਕਲੋਨੀ ਦੀਆਂ ਵੱਖ-ਵੱਖ ਜਨਸਮੱਸਿਆਵਾਂ ਨੂੰ ਮੁੱਖ ਮੰਤਰੀ ਦੇ ਸਾਹਮਣੇ ਰੱਖਿਆ। ਮੈਂਬਰਾਂ ਨੇ ਦੱਸਿਆ ਕਿ ਸਰਕਾਰ ਦੁਆਰਾ ਕਲੋਨੀ ਨੂੰ ਨਿਯਮਤ ਕੀਤੇ ਜਾਣ ਦੇ ਬਾਵਜੂਦ ਖੇਤਰ ਵਿੱਚ ਸੀਵਰੇਜ, ਸਟ੍ਰੀਟ ਲਾਈਟ, ਪੀਣ ਵਾਲਾ ਪਾਣੀ, ਗਲੀਆਂ ਦੇ ਨਿਰਮਾਣ ਵਰਗੀਆਂ ਮੂਲ ਸਹੂਲਤਾਂ ਦੀ ਘਾਟ ਹੈ। ਇਸ ਤੋਂ ਇਲਾਵਾ ਵਧਦੀ ਆਬਾਦੀ ਦੇ ਅਨੁਸਾਰ ਬਿਜਲੀ ਵਿਵਸਥਾ ਨੂੰ ਮਜ਼ਬੂਤ ਕਰਨ ਅਤੇ ਬਿਜਲੀ ਲਾਈਨਾਂ ’ਤੇ ਲੋਡ ਵਧਾਉਣ ਦੀ ਵੀ ਮੰਗ ਰੱਖੀ ਗਈ।

ਇਨ੍ਹਾਂ ਸ਼ਿਕਾਇਤਾਂ ’ਤੇ ਨੋਟਿਸ ਲੈਂਦਿਆਂ ਮੁੱਖ ਮੰਤਰੀ ਨੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਕਲੋਨੀ ਦੀਆਂ ਸਮੱਸਿਆਵਾਂ ਦਾ ਸਾਂਝੇ ਤੌਰ ’ਤੇ ਸਰਵੇਖਣ ਕਰਕੇ ਪਹਿਲ ਦੇ ਆਧਾਰ ’ਤੇ ਹੱਲ ਯਕੀਨੀ ਬਣਾਇਆ ਜਾਵੇ। ਉਨ੍ਹਾਂ ਕਿਹਾ ਕਿ ਨਾਗਰਿਕਾਂ ਨੂੰ ਮੂਲ ਸਹੂਲਤਾਂ ਉਪਲਬਧ ਕਰਵਾਉਣਾ ਸਰਕਾਰ ਦੀ ਸਰਵਉੱਚ ਜ਼ਿੰਮੇਵਾਰੀ ਹੈ। ਵਿਕਾਸ ਕਾਰਜਾਂ ਵਿੱਚ ਕਿਸੇ ਕਿਸਮ ਦੀ ਲਾਪਰਵਾਹੀ ਸਵੀਕਾਰ ਨਹੀਂ ਕੀਤੀ ਜਾਵੇਗੀ ਅਤੇ ਸਾਰੇ ਵਿਭਾਗ ਆਪਸੀ ਤਾਲਮੇਲ ਨਾਲ ਨਿਰਧਾਰਤ ਸਮਾਂ ਸੀਮਾ ਵਿੱਚ ਜ਼ਰੂਰੀ ਕਾਰਜ ਪੂਰੇ ਕਰਨ, ਤਾਂ ਜੋ ਖੇਤਰਵਾਸੀਆਂ ਨੂੰ ਛੇਤੀ ਰਾਹਤ ਮਿਲ ਸਕੇ।

ਮੀਟਿੰਗ ਵਿੱਚ ਸੈਕਟਰ-83 ਤੋਂ ਆਏ ਆਰ.ਡਬਲਯੂ.ਏ. ਮੈਂਬਰਾਂ ਨੇ ਮੁੱਖ ਮੰਤਰੀ ਨੂੰ ਸ਼ਿਕਾਇਤ ਕੀਤੀ ਕਿ ਸਬੰਧਤ ਬਿਲਡਰ ਮੇਂਟੇਨੈਂਸ ਫੀਸ ਦੀ ਵਸੂਲੀ ਦੇ ਨਾਮ ’ਤੇ ਉਨ੍ਹਾਂ ਪਰਿਵਾਰਾਂ ?? ਬਿਜਲੀ ਕੁਨੈਕਸ਼ਨ ਕੱਟ ਰਿਹਾ ਹੈ, ਜਿਨ੍ਹਾਂ ਨੇ ਮੇਂਟੇਨੈਂਸ ਚਾਰਜ ਜਮ੍ਹਾਂ ਨਹੀਂ ਕਰਵਾਇਆ ਹੈ। ਮੈਂਬਰਾਂ ਨੇ ਦੱਸਿਆ ਕਿ ਇਸ ਤਰ੍ਹਾਂ ਦੀ ਕਾਰਵਾਈ ਨਾਲ ਆਮ ਨਾਗਰਿਕਾਂ ਨੂੰ ਬੇਲੋੜੀਆਂ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ।ਇਸ ’ਤੇ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨੇ ਸਬੰਧਤ ਅਧਿਕਾਰੀਆਂ ਨੂੰ ਹੁਕਮ ਦਿੱਤੇ ਕਿ ਕੋਈ ਵੀ ਬਿਲਡਰ ਮੇਂਟੇਨੈਂਸ ਫੀਸ ਦੀ ਵਸੂਲੀ ਲਈ ਕਿਸੇ ਘਰ ਦਾ ਬਿਜਲੀ ਕੁਨੈਕਸ਼ਨ ਕੱਟਣ ਵਰਗੀ ਕਾਰਵਾਈ ਨਾ ਕਰੇ। ਉਨ੍ਹਾਂ ਕਿਹਾ ਕਿ ਜੇਕਰ ਕੋਈ ਬਿਲਡਰ ਇਸ ਤਰ੍ਹਾਂ ਦੀ ਮਨਮਾਨੀ ਕਰਦਾ ਹੋਇਆ ਪਾਇਆ ਗਿਆ ਤਾਂ ਉਸ ਦੇ ਖਿਲਾਫ ਨਿਯਮਾਂ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇ। ਮੁੱਖ ਮੰਤਰੀ ਨੇ ਕਿਹਾ ਕਿ ਨਾਗਰਿਕਾਂ ਦੇ ਮੂਲ ਅਧਿਕਾਰਾਂ ਨਾਲ ਕਿਸੇ ਵੀ ਤਰ੍ਹਾਂ ਦਾ ਸਮਝੌਤਾ ਸਵੀਕਾਰ ਨਹੀਂ ਕੀਤਾ ਜਾਵੇਗਾ ਅਤੇ ਸਾਰੇ ਮਾਮਲਿਆਂ ਵਿੱਚ ਕਾਨੂੰਨ ਦੇ ਅਨੁਸਾਰ ਹੀ ਕਾਰਵਾਈ ਕੀਤੀ ਜਾਵੇਗੀ।

ਮੀਟਿੰਗ ਵਿੱਚ ਸੈਕਟਰ-102 ਦੇ ਇਕ ਸ਼ਿਕਾਇਤਕਰਤਾ ਨੇ ਮੁੱਖ ਮੰਤਰੀ ਦੇ ਸਾਹਮਣੇ ਸ਼ਿਕਾਇਤ ਰੱਖੀ ਕਿ ਸਬੰਧਤ ਖੇਤਰ ਵਿੱਚ ਇੱਕ ਬਿਲਡਰ ਦੁਆਰਾ ਨਿਰਮਾਣ ਅਤੇ ਢਾਹੁਣ (ਸੀ.ਐਂਡ.ਡੀ.) ਵੇਸਟ ਖੁੱਲ੍ਹੇ ਵਿੱਚ ਸੁੱਟਿਆ ਜਾ ਰਿਹਾ ਜਿਸ ਨਾਲ ਵਾਤਾਵਰਣਕ ਮਾਪਦੰਡਾਂ ਦੀ ਉਲੰਘਣਾ ਹੋ ਰਹੀ ਹੈ। ਸ਼ਿਕਾਇਤ ’ਤੇ ਗੰਭੀਰ ਨੋਟਿਸ ਲੈਂਦਿਆਂ ਮੁੱਖ ਮੰਤਰੀ ਨੇ ਸਬੰਧਤ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਜਿੱਥੇ ਕਿਤੇ ਵੀ ਸੀ.ਐਂਡ.ਡੀ. ਵੇਸਟ ਦਾ ਗੈਰ-ਕਾਨੂੰਨੀ ਤੌਰ ’ਤੇ ਸੁੱਟਿਆ ਜਾ ਰਿਹਾ ਹੈ, ਉੱਥੇ ਜ਼ਿੰਮੇਵਾਰ ਵਿਅਕਤੀ ਜਾਂ ਸੰਸਥਾ ਦੇ ਖਿਲਾਫ ਨਿਯਮਾਂ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਗੈਰ-ਕਾਨੂੰਨੀ ਤੌਰ ’ਤੇ ਸੁੱਟੇ ਗਏ ਸੀ.ਐਂਡ.ਡੀ. ਵੇਸਟ ਨੂੰ ਹਟਾਉਣ ’ਤੇ ਆਉਣ ਵਾਲਾ ਪੂਰਾ ਖਰਚਾ ਵੀ ਸਬੰਧਤ ਬਿਲਡਰ ਜਾਂ ਸੰਸਥਾ ਤੋਂ ਹੀ ਵਸੂਲਿਆ ਜਾਵੇ।

ਮੁੱਖ ਮੰਤਰੀ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਇੱਕ ਮਹੀਨੇ ਦੇ ਅੰਦਰ ਇਹ ਯਕੀਨੀ ਬਣਾਇਆ ਜਾਵੇ ਕਿ ਗੁਰੂਗ੍ਰਾਮ ਵਿੱਚ ਕਿਤੇ ਵੀ ਖੁੱਲ੍ਹੇ ਵਿੱਚ ਸੀ.ਐਂਡ.ਡੀ. ਵੇਸਟ ਦਿਖਾਈ ਨਾ ਦੇਵੇ। ਉਨ੍ਹਾਂ ਕਿਹਾ ਕਿ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਬਿਲਡਰਾਂ ਨੂੰ ਨੋਟਿਸ ਜਾਰੀ ਕਰਕੇ ਨਿਯਮਾਂ ਅਨੁਸਾਰ ਜੁਰਮਾਨਾ ਲਗਾਇਆ ਜਾਵੇ ਅਤੇ ਭਵਿੱਖ ਵਿੱਚ ਅਜਿਹੀਆਂ ਘਟਨਾਵਾਂ ਦੀ ਰੋਕਥਾਮ ਲਈ ਪ੍ਰਭਾਵਸ਼ਾਲੀ ਵਿਵਸਥਾ ਬਣਾਈ ਜਾਵੇ।

ਇਸ ਮੌਕੇ ਗੁਰੂਗ੍ਰਾਮ ਦੀ ਮੇਅਰ ਰਾਜਰਾਣੀ ਮਲਹੋਤਰਾ, ਜ਼ਿਲ੍ਹਾ ਪ੍ਰੀਸ਼ਦ ਦੀ ਪ੍ਰਧਾਨ ਦੀਪਾਲੀ ਚੌਧਰੀ, ਸ਼ਹਿਰੀ ਵਿਕਾਸ ਵਿਭਾਗ ਪ੍ਰਧਾਨ ਸਲਾਹਕਾਰ ਡੀ.ਐੱਸ. ਢੇਸੀ, ਜੀ.ਐੱਮ.ਡੀ.ਏ. ਦੇ ਸੀ.ਈ.ਓ. ਪੀ.ਸੀ. ਮੀਣਾ, ਸੀ.ਪੀ. ਸ਼ਿਵਾਸ਼ ਕਵਿਰਾਜ, ਨਗਰ ਨਿਗਮ ਗੁਰੂਗ੍ਰਾਮ ਕਮਿਸ਼ਨਰ ਪ੍ਰਦੀਪ ਦਹੀਆ, ਡੀ.ਸੀ. ਉੱਤਮ ਸਿੰਘ, ਐੱਚ.ਐੱਸ.ਵੀ.ਪੀ. ਦੀ ਪ੍ਰਸ਼ਾਸਕ ਵੈਸ਼ਾਲੀ ਸਿੰਘ, ਮਾਨੇਸਰ ਦੇ ਨਿਗਮ ਕਮਿਸ਼ਨਰ ਪ੍ਰਦੀਪ ਸਿੰਘ, ਮੁੱਖ ਮੰਤਰੀ ਓ.ਐੱਸ.ਡੀ. ਤਥਾ ਸੂਚਨਾ, ਜਨਸੰਪਰਕ ਤੇ ਭਾਸ਼ਾ ਵਿਭਾਗ ਵਧੀਕ ਨਿਰਦੇਸ਼ਕ ਵਿਵੇਕ ਕਾਲੀਆ, ਏ.ਡੀ.ਸੀ. ਸੋਨੂੰ ਭੱਟ, ਸੀ.ਟੀ.ਐੱਮ. ਜਯੋਤੀ ਨਾਗਪਾਲ, ਭਾਜਪਾ ਦੇ ਗੁਰੂਗ੍ਰਾਮ ਜ਼ਿਲ੍ਹਾ ਪ੍ਰਧਾਨ ਸਰਵਪ੍ਰਿਯ ਤਿਆਗੀ, ਗੁਰੂਗ੍ਰਾਮ ਮਹਾਨਗਰ ਜ਼ਿਲ੍ਹਾ ਪ੍ਰਧਾਨ ਅਜੀਤ ਯਾਦਵ ਸਮੇਤ ਹੋਰ ਅਧਿਕਾਰੀ ਤੇ ਕਰਮਚਾਰੀ ਮੌਜੂਦ ਸਨ।

## ਰਸੂਲਪੁਰ ਸੈਦਾਂ ਕ੍ਰਿਕਟ ਟੂਰਨਾਮੈਂਟ ’ਚ ਰਜਿੰਦਰ ਵਿਰਕ ਦਾ ਵਿਸ਼ੇਸ ਸਨਮਾਨ



**ਸਨੌਰ,25 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਰਸੂਲਪੁਰ ਸੈਦਾਂ ਵਿਖੇ ਕਰਵਾਏ ਗਏ ਸ਼ਾਨਦਾਰ ਕ੍ਰਿਕਟ ਟੂਰਨਾਮੈਂਟ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਸੀਨੀਅਰ ਮੀਤ ਪ੍ਰਧਾਨ ਰਜਿੰਦਰ ਵਿਰਕ ਦਾ ਵਿਸ਼ੇਸ ਸਨਮਾਨ ਕੀਤਾ ਗਿਆ। ਇਸ ਮੌਕੇ ਰਜਿੰਦਰ ਸਿੰਘ ਵਿਰਕ, ਸੀਨੀਅਰ ਮੀਤ ਪ੍ਰਧਾਨ, ਸ਼੍ਰੋਮਣੀ ਅਕਾਲੀ ਦਲ ਅਤੇ ਉਹਨਾਂ ਦੀ ਟੀਮ ਵੱਲੋਂ ਕਲੱਬ ਮੈਂਬਰਾਂ, ਮੈਨੇਜਮੈਂਟ ਕਮੇਟੀ ਅਤੇ ਖ਼ਾਸ ਕਰਕੇ ਨੌਜਵਾਨਾਂ ਵੱਲੋਂ ਖੇਡਾਂ ਨੂੰ ਪ੍ਰਫੁੱਲਤ ਕਰਨ ਲਈ ਕੀਤੇ ਜਾ ਰਹੇ ਉਪਰਾਲਿਆਂ ਦੀ ਭਰਪੂਰ ਸ਼ਲਾਘਾ ਕਰਦਿਆਂ ਉਹਨਾਂ ਨੂੰ ਸਨਮਾਨਿਤ ਕੀਤਾ ਗਿਆ।

ਸਮੂਹ ਪਤਵੰਤਿਆਂ ਅਤੇ ਹਾਜ਼ਰ ਸੰਗਤ ਦੀ ਮੌਜੂਦਗੀ ਵਿੱਚ ਟੂਰਨਾਮੈਂਟ ਵਿੱਚ ਭਾਗ ਲੈਣ ਵਾਲੀਆਂ ਟੀਮਾਂ ਦਾ ਹੌਸਲਾ ਵਧਾਇਆ ਗਿਆ। 36 ਟੀਮਾਂ ਵਿੱਚੋਂ ਜੇਤੂ ਟੀਮ ਅਤੇ ਉਪ ਜੇਤੂ ਟੀਮਾਂ ਨੂੰ ਜੇਤੂ ਕੱਪ ਅਤੇ ਨਕਦ ਇਨਾਮ ਭੇਟ ਕੀਤੇ ਗਏ। ਇਸ ਤੋਂ ਇਲਾਵਾ ਮੈਨ ਆਫ਼ ਦ ਮੈਚ ਅਤੇ ਮੈਨ ਆਫ਼ ਦ ਸੀਰੀਜ਼ ਨੂੰ ਟਰਾਫੀਆਂ ਦੇ ਕੇ ਸਨਮਾਨਿਤ ਕੀਤਾ ਗਿਆ। ਪ੍ਰਧਾਨ ਰਜਿੰਦਰ ਵਿਰਕ ਨੇ ਕਿਹਾ ਨੌਜਵਾਨਾਂ ਦੀ ਇਹ ਖੇਡ ਭਾਵਨਾ ਅਤੇ ਏਕਤਾ ਹੀ ਸਾਡੇ ਸਮਾਜ ਦੀ ਅਸਲ ਤਾਕਤ ਹੈ।

ਆਓ, ਖੇਡਾਂ ਨੂੰ ਹੋਰ ਪ੍ਰੋਤਸਾਹਿਤ ਕਰਕੇ ਨਸ਼ਾ-ਮੁਕਤ ਅਤੇ ਤੰਦਰੁਸਤ ਪੰਜਾਬ ਦੀ ਸਿਰਜਣਾ ਵਿੱਚ ਆਪਣਾ ਯੋਗਦਾਨ ਪਾਈਏ।

## ਸਵੱਛਤਾ ਪਖਵਾੜਾ ਦੇ ਤਹਿਤ ਗ੍ਰਿੱਡ ਦੇ ਐੱਨਐੱਸਐੱਸ ਵਲੰਟੀਅਰਾਂ ਨੇ ਰਾਮ ਦਰਬਾਰ ਵਿੱਚ ਨੁੱਕੜ ਨਾਟਕ ਅਤੇ ਪੌਦੇ ਲਗਾਉਣ ਦੀ ਮੁਹਿੰਮ ਚਲਾਈ

**ਚੰਡੀਗੜ੍ਹ, 25 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**



ਗ੍ਰਿੱਡ, ਸੈਕਟਰ 31-ਸੀ, ਚੰਡੀਗੜ੍ਹ ਦੀ ਐੱਨਐੱਸਐੱਸ ਯੂਨਿਟ ਨੇ ਸਵੱਛਤਾ ਪਖਵਾੜਾ ਦੇ ਤਹਿਤ ਆਪਣੇ ਗੋਦ ਲਏ ਪਿੰਡ ਰਾਮ ਦਰਬਾਰ ਵਿੱਚ ਇੱਕ ਨੁੱਕੜ ਨਾਟਕ ਅਤੇ ਪੌਦੇ ਲਗਾਉਣ ਦੀ ਮੁਹਿੰਮ ਦਾ ਆਯੋਜਨ ਕੀਤਾ।

ਡਾ. ਐੱਮ. ਕਰੁੱਪਾਸਾਮੀ, ਸੁਸ਼੍ਰੀ ਨਿਹਾਰਿਕਾ, ਪ੍ਰੋਗਰਾਮ ਅਫ਼ਸਰਾਂ ਅਤੇ ਸੁਸ਼੍ਰੀ ਸ਼ਿਖਾ, ਸਹਾਇਕ ਪ੍ਰੋਫੈਸਰ ਦੇ ਮਾਰਗਦਰਸ਼ਨ ਵਿੱਚ ਐੱਨਐੱਸਐੱਸ ਵਲੰਟੀਅਰਾਂ ਨੇ ਸਵੱਛਤਾ, ਵਾਤਾਵਰਣ ਸੁਰੱਖਿਆ ਅਤੇ ਟਿਕਾਊ ਜੀਵਨਸ਼ੈਲੀ ’ਤੇ ਅਧਾਰਿਤ ਨੁੱਕੜ ਨਾਟਕ ਪ੍ਰਸਤੁਤ ਕਰਕੇ ਲੋਕਾਂ ਨੂੰ ਜਾਗਰੂਕ ਕੀਤਾ।

ਇਸ ਤੋਂ ਬਾਅਦ ਸੁਸ਼੍ਰੀ ਨੇਹਾ, ਮਿਉਂਸਪਲ ਕੌਂਸਲਰ, ਰਾਮ ਦਰਬਾਰ ਦੇ ਸਹਿਯੋਗ ਨਾਲ ਪੌਦੇ ਲਗਾਉਣ ਦੀ ਮੁਹਿੰਮ ਚਲਾਈ ਗਈ, ਜਿਸ ਵਿੱਚ ਵਲੰਟੀਅਰਾਂ ਅਤੇ ਸਥਾਨਕ ਨਿਵਾਸੀਆਂ ਨੇ ਪੌਦੇ ਲਗਾ ਕੇ ਹਰਿਤ ਅਤੇ ਸਵੱਛ ਵਾਤਾਵਰਣ ਦਾ ਸੰਦੇਸ਼ ਦਿੱਤਾ। ਇਹ ਪਹਿਲ ਐੱਨਐੱਸਐੱਸ ਦੇ ਆਦਰਸ਼, ਮੈਂ ਨਹੀਂ, ਆਪ ਨੂੰ ਸਾਕਾਰ ਕਰਦੇ ਹੋਏ ਵਾਤਾਵਰਣ ਸੁਰੱਖਿਆ ਅਤੇ ਸਮੁਦਾਇਕ ਸਹਿਭਾਗਿਤਾ ਨੂੰ ਹੁਲਾਰਾ ਦੇਣ ਦੀ ਦਿਸ਼ਾ ਵਿੱਚ ਇੱਕ ਸਾਰਥਕ ਪ੍ਰਯਾਸ ਰਹੀ।

## ਹਰਿਆਣਾ ਦੇ ਸਿੱਖਿਆ ਮੰਤਰੀ ਮਹੀਪਾਲ ਢਾਂਡਾਂ ਨੇ ਨਵੀਂ ਦਿੱਲੀ ਵਿੱਚ ਕੇਂਦਰੀ ਮੰਤਰੀ ਨਿਤਿਨ ਗਡਕਰੀ ਨਾਲ ਕੀਤੀ ਸ਼ਿਸ਼ਟਾਚਾਰ ਮੁਲਾਕਾਤ

**ਚੰਡੀਗੜ੍ਹ, 25 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਰਿਆਣਾ ਦੇ ਸਿੱਖਿਆ ਮੰਤਰੀ ਸ਼੍ਰੀ ਮਹੀਪਾਲ ਢਾਂਡਾ ਨੇ ਅੱਜ ਨਵੀਂ ਦਿੱਲੀ ਵਿੱਚ ਕੇਂਦਰੀ ਸੜਕ ਆਵਾਜਾਈ ਅਤੇ ਰਾਜਮਾਰਗ ਮੰਤਰੀ ਸ਼੍ਰੀ ਨਿਤਿਨ ਗਡਕਰੀ ਨਾਲ ਉਨ੍ਹਾਂ ਦੇ ਨਿਵਾਸ ਸਥਾਨ ’ਤੇ ਸ਼ਿਸ਼ਟਾਚਾਰ ਮੁਲਾਕਾਤ ਕੀਤੀ ਅਤੇ ਸੂਬੇ ਦੇ ਸਰਵਪੱਖੀ ਵਿਕਾਸ ਅਤੇ ਸੜਕੀ ਢਾਂਚੇ ਦੇ ਸੰਬੰਧ ਵਿੱਚ ਉਨ੍ਹਾਂ ਦਾ ਮਾਰਗਦਰਸ਼ਨ ਪ੍ਰਾਪਤ ਕੀਤਾ।

ਇਸ ਦੌਰਾਨ ਸਿੱਖਿਆ ਮੰਤਰੀ ਸ਼੍ਰੀ ਮਹੀਪਾਲ ਢਾਂਡਾ ਨੇ ਹਰਿਆਣਾ ਵਿੱਚ ਸਿੱਖਿਆ ਦੇ ਬੁਨਿਆਦੀ ਢਾਂਚੇ ਅਤੇ ਰਾਜਮਾਰਗਾਂ ਦੀ ਕਨੈਕਟੀਵਿਟੀ ਨੂੰ ਹੋਰ ਬਿਹਤਰ ਬਣਾਉਣ ਦੇ ਸੰਬੰਧ ਵਿੱਚ ਵਿਸਥਾਰ ਨਾਲ ਚਰਚਾ ਕੀਤੀ। ਉਨ੍ਹਾਂ ਕਿਹਾ ਕਿ ਕੇਂਦਰੀ ਮੰਤਰੀ ਸ਼੍ਰੀ ਨਿਤਿਨ ਗਡਕਰੀ ਦੀ ਦੂਰਦਰਸ਼ੀ ਅਗਵਾਈ ਹੇਠ ਦੇਸ਼ ਭਰ ਵਿੱਚ ਸੜਕਾਂ ਅਤੇ ਇਨਫਰਾਸਟਰਕਚਰ ਦਾ ਬੇਮਿਸਾਲ ਵਿਕਾਸ ਹੋਇਆ ਹੈ। ਹਰਿਆਣਾ ਵਿੱਚ ਵੀ ਰਾਸ਼ਟਰੀ ਰਾਜਮਾਰਗਾਂ ਅਤੇ ਐਕਸਪ੍ਰੈਸਵੇ ਦੇ ਵਿਸਤਾਰ ਜਾਲ ਨਾਲ ਵਿਦਿਆਰਥੀਆਂ, ਅਧਿਆਪਕਾਂ ਅਤੇ ਆਮ ਲੋਕਾਂ ਦੀ ਆਵਾਜਾਈ ਬੇਹੱਦ ਸੁਖਾਲੀ ਅਤੇ ਸੁਰੱਖਿਅਤ ਹੋਈ ਹੈ।

ਸ਼੍ਰੀ ਢਾਂਡਾ ਨੇ ਕੇਂਦਰੀ ਮੰਤਰੀ ਨੂੰ ਜਾਣੂ ਕਰਵਾਇਆ ਕਿ ਸੂਬੇ ਦੇ ਦੁਰਾਡੇ ਪੇਂਡੂ ਅਤੇ ਸ਼ਹਿਰੀ ਖੇਤਰਾਂ ਵਿੱਚ ਸਥਿਤ ਸਕੂਲਾਂ, ਕਾਲਜਾਂ ਅਤੇ ਯੂਨੀਵਰਸਿਟੀਆਂ ਤੱਕ ਵਿਦਿਆਰਥੀਆਂ ਦੀ ਨਿਰਵਿਘਨ ਅਤੇ ਸੁਰੱਖਿਅਤ ਪਹੁੰਚ ਲਈ ਬਿਹਤਰ ਸੜਕੀ ਨੈਟਵਰਕ ਬਹੁਤ ਜ਼ਰੂਰੀ ਹੈ। ਮੀਟਿੰਗ ਦੌਰਾਨ ਵਿਦਿਅਕ ਸੰਸਥਾਵਾਂ ਨੇੜੇ ਆਵਾਜਾਈ ਸੁਰੱਖਿਆ ਪ੍ਰਬੰਧਾਂ ਅਤੇ ਸੰਪਰਕ ਮਾਰਗਾਂ ਨੂੰ ਮਜ਼ਬੂਤ ਕਰਨ ’ਤੇ ਹਾਂਪੱਖੀ ਵਿਚਾਰ-ਵਟਾਂਦਰਾ ਹੋਇਆ।

ਸਿੱਖਿਆ ਮੰਤਰੀ ਸ਼੍ਰੀ ਮਹੀਪਾਲ ਢਾਂਡਾ ਨੇ ਕਿਹਾ ਕਿ ਸ਼੍ਰੀ ਨਿਤਿਨ ਗਡਕਰੀ ਦਾ ਤਜਰਬਾ ਅਤੇ ਦੂਰਗਾਮੀ ਨਜ਼ਰੀਆ ਸਾਡੇ ਸਾਰਿਆਂ ਲਈ ਪ੍ਰੇਰਣਾਦਾਇਕ ਹੈ। ਅੱਜ ਦੀ ਇਸ ਸ਼ਿਸ਼ਟਾਚਾਰ ਮੁਲਾਕਾਤ ਵਿੱਚ ਹਰਿਆਣਾ ਦੇ ਨੌਜਵਾਨਾਂ ਅਤੇ ਵਿਦਿਆਰਥੀਆਂ ਦੀਆਂ ਸਹੂਲਤਾਂ ਨੂੰ ਧਿਆਨ ਵਿੱਚ ਰੱਖਦਿਆਂ ਬੁਨਿਆਦੀ ਢਾਂਚੇ ਦੇ ਵਿਸਤਾਰ ’ਤੇ ਬਹੁਤ ਸਾਰਥਕ ਚਰਚਾ ਹੋਈ ਹੈ।

ਕੇਂਦਰੀ ਮੰਤਰੀ ਸ਼੍ਰੀ ਨਿਤਿਨ ਗਡਕਰੀ ਨੇ ਹਰਿਆਣਾ ਵਿੱਚ ਸਿੱਖਿਆ ਅਤੇ ਬੁਨਿਆਦੀ ਢਾਂਚੇ ਦੇ ਵਿਕਾਸ ਦੇ ਖੇਤਰ ਵਿੱਚ ਕੀਤੇ ਜਾ ਰਹੇ ਕੰਮਾਂ ਦੀ ਸ਼ਲਾਘਾ ਕੀਤੀ ਅਤੇ ਕੇਂਦਰ ਸਰਕਾਰ ਵੱਲੋਂ ਹਰ ਸੰਭਵ ਸਹਿਯੋਗ ਦੇਣ ਦਾ ਭਰੋਸਾ ਦਿੱਤਾ।

## ਸਿੱਖਿਆ ਨੂੰ ਸਕਿਲ ਅਤੇ ਉਦਯੋਗ ਨਾਲ ਜੋੜਨਾ ਜ਼ਰੂਰੀ ਹੈ : ਸਿੱਖਿਆ ਮੰਤਰੀ ਮਹੀਪਾਲ ਢਾਂਡਾ

**ਚੰਡੀਗੜ੍ਹ, 25 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**



ਪਲਵਲ ਸਥਿਤ ਸ਼੍ਰੀ ਵਿਸ਼ਵਕਰਮਾ ਸਕਿਲ ਯੂਨੀਵਰਸਿਟੀ ਵਿੱਚ ਅੱਜ ਹਰਿਆਣਾ ਰਾਜ ਉੱਚ ਸਿੱਖਿਆ ਪ੍ਰੀਸ਼ਦ ਤਹਿਤ ਉੱਚ ਸਿੱਖਿਆ ਵਿੱਚ ਸਕਿਲ-ਅਧਾਰਿਤ ਕੋਰਸ ਅਤੇ ਮਾਈਕ੍ਰੋ ਕ੍ਰੈਡਿਸ਼ਅਲ ਦੀ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਹਰਿਆਣਾ ਦੇ ਸਿੱਖਿਆ ਮੰਤਰੀ ਸ਼੍ਰੀ ਮਹੀਪਾਲ ਢਾਂਡਾ ਨੇ ਮੁੱਖ ਮਹਿਮਾਨ ਵਜੋਂ ਵਰਕਸ਼ਾਪ ਦਾ ਉਦਘਾਟਨ ਕਰਦਿਆਂ ਕਿਹਾ ਕਿ ਸਿੱਖਿਆ ਨੂੰ ਸਕਿਲ ਅਤੇ ਉਦਯੋਗ ਨਾਲ ਜੋੜਨਾ ਬਹੁਤ ਜ਼ਰੂਰੀ ਹੈ।

ਉਨ੍ਹਾਂ ਸੂਬੇ ਦੀ ਸਾਰੀ ਯੂਨੀਵਰਸਿਟੀਆਂ ਦੇ ਵਾਈਸ-ਚਾਂਸਲਰਾਂ ਅਤੇ ਅਕਾਦਮਿਕ ਪ੍ਰਤੀਨਿਧੀਆਂ ਨੂੰ ਵਿਦਿਆਰਥੀਆਂ ਨੂੰ ਰੁਜ਼ਗਾਰ ਸਮਰੱਥ ਅਤੇ ਉੱਦਮਸ਼ੀਲ ਬਣਾਉਣ ਦੀ ਅਪੀਲ ਕੀਤੀ। ਸਿੱਖਿਆ ਮੰਤਰੀ ਨੇ ਕਿਹਾ ਕਿ ਰਾਸ਼ਟਰੀ ਸਿੱਖਿਆ ਨੀਤੀ-2020 ਨੇ ਉੱਚ ਸਿੱਖਿਆ ਦੇ ਸਰੂਪ ਨੂੰ ਲਚਕਦਾਰ ਅਤੇ ਰੁਜ਼ਗਾਰ ਮੁਖੀ ਬਣਾਇਆ ਹੈ। ਸਾਨੂੰ ਇਨ੍ਹਾਂ ਨੀਤੀਆਂ ਨੂੰ ਜ਼ਮੀਨੀ ਪੱਧਰ ’ਤੇ ਲਾਗੂ ਕਰਨਾ ਹੋਵੇਗਾ। ਇਸ ਨਾਲ ਹੀ ਭਾਰਤ ਆਰਥਿਕ ਮਹਾਸ਼ਕਤੀ ਅਤੇ 2047 ਤੱਕ ਵਿਕਸਤ ਰਾਸ਼ਟਰ ਬਣੇਗਾ। ਉਨ੍ਹਾਂ ਕਿਹਾ ਕਿ ਸਾਰੇ ਯੂਨੀਵਰਸਿਟੀਆਂ ਵਿੱਚ ਸਾਨੂੰ ਸਕਿਲ ਨੂੰ ਤਾਲਮੇਲ ਕਰਨਾ ਹੈ। ਇਸ ਨਾਲ ਹਰਿਆਣਾ ਦੀ ਉੱਚ ਸਿੱਖਿਆ ਨੂੰ ਰਾਸ਼ਟਰੀ ਪੱਧਰ ’ਤੇ ਪਛਾਣ ਮਿਲੇਗੀ।

ਉਨ੍ਹਾਂ ਸਾਰੇ ਯੂਨੀਵਰਸਿਟੀਆਂ ਤੋਂ ਹੁਨਰ ਅਧਾਰਿਤ ਪ੍ਰੋਗਰਾਮਾਂ ਅਤੇ ਮਾਈਕ੍ਰੋ ਕ੍ਰੈਡਿਸ਼ਅਲ ’ਤੇ ਕੀਤੇ ਗਏ ਕੰਮਾਂ ਦੀ ਰਿਪੋਰਟ ਵੀ ਲਈ। ਇਸ ਤੋਂ ਪਹਿਲਾਂ ਸਿੱਖਿਆ ਮੰਤਰੀ ਸ਼੍ਰੀ ਮਹੀਪਾਲ ਢਾਂਡਾ ਨੇ ਨਵੇਂ ਬਣੇ ਕਾਨਫਰੰਸ ਰੂਮ ਦਾ ਉਦਘਾਟਨ ਕੀਤਾ ਅਤੇ ਨਿਊਜ਼ ਲੈਟਰ ‘ਕੁਸ਼ਲ ਸੰਵਾਦ’ ਦਾ ਵਿਮੋਚਨ ਵੀ ਕੀਤਾ। ਉਨ੍ਹਾਂ ਕੈਂਪਸ ਵਿੱਚ ਇੱਕ ਬੂਟਾ ਵੀ ਲਗਾਇਆ। ਇਸ ਦੌਰਾਨ ਸੂਬੇ ਦੇ ਸਾਰੇ ਯੂਨੀਵਰਸਿਟੀਆਂ ਦੇ ਵਾਈਸ-ਚਾਂਸਲਰਾਂ ਅਤੇ ਅਕਾਦਮਿਕ ਪ੍ਰਤੀਨਿਧੀਆਂ ਨੇ ਭਾਗੀਦਾਰੀ ਲਈ, ਸਿੱਖਿਆ ਵਿੱਚ ਹੁਨਰ ਦੇ ਤਾਲਮੇਲ ’ਤੇ ਮੰਥਨ ਕੀਤਾ।

ਇਸ ਮੌਕੇ ਮੁੱਖ ਮੰਤਰੀ ਦੇ ਓ.ਐਸ.ਡੀ. ਡਾ. ਰਾਜ ਨਹਿਰੂ, ਹਰਿਆਣਾ ਰਾਜ ਉੱਚ ਸਿੱਖਿਆ ਪ੍ਰੀਸ਼ਦ ਦੇ ਚੇਅਰਮੈਨ ਕੈਲਾਸ਼ ਚੰਦਰ ਸ਼ਰਮਾ, ਐਸ.ਵੀ.ਐਸ.ਯੂ. ਦੇ ਵਾਈਸ-ਚਾਂਸਲਰ ਪ੍ਰੋਫੈਸਰ ਦਿਨੇਸ਼ ਕੁਮਾਰ ਅਤੇ ਹੋਰ ਵਿਅਕਤੀ ਮੌਜੂਦ ਸਨ।

## ਸਰਕਾਰੀ ਜ਼ਮੀਨ ਦੇ ਮੁਲਾਂਕਣ ਲਈ ਪੈਨਲਬੱਧ ਮੁਲਾਂਕਣਕਾਰਾਂ ਤਹਿਤ ਲਈ ਸਖ਼ਤ ਆਚਾਰ ਸੰਹਿਤਾ ਨੂੰ ਦਿੱਤੀ ਮਨਜ਼ੂਰੀ

### ਉਲੰਘਣਾ ਕਰਨ ’ਤੇ ਇੱਕ ਲੱਖ ਰੁਪਏ ਤੱਕ ਦਾ ਹੋਵੇਗਾ ਜੁਰਮਾਨਾ : ਡਾ. ਸੁਮਿਤਾ ਮਿਸ਼ਰਾ

**ਚੰਡੀਗੜ੍ਹ, 25 ਜੁਲਾਈ**
**-ਮਨੋਜ ਵਰਮਾ-**

ਹਰਿਆਣਾ ਸਰਕਾਰ ਨੇ ਸਾਲ 2021 ਵਿੱਚ ਨੋਟੀਫਾਇਡ ਨੀਤੀ ਤਹਿਤ ਜ਼ਮੀਨ ਦੇ ਨਿਰਪੱਖ, ਪਾਰਦਰਸ਼ੀ ਅਤੇ ਜਵਾਬਦੇਹ ਮੁਲਾਂਕਣ ਨੂੰ ਯਕੀਨੀ ਬਣਾਉਣ ਲਈ ਪੈਨਲਬੱਧ ਮੁਲਾਂਕਣਕਾਰਾਂ ਲਈ ਇੱਕ ਵਿਆਪਕ ਆਚਾਰ ਸੰਹਿਤਾ ਨੂੰ ਮਨਜ਼ੂਰੀ ਦੇ ਦਿੱਤੀ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਮਾਲ ਅਤੇ ਆਪਦਾ ਪ੍ਰਬੰਧਨ ਵਿਭਾਗ ਦੀ ਵਿੱਤ ਕਮਿਸ਼ਨਰ ਡਾ. ਸੁਮਿਤਾ ਮਿਸ਼ਰਾ ਨੇ ਦੱਸਿਆ ਕਿ ਨਿਰਧਾਰਤ ਆਚਾਰ ਸੰਹਿਤਾ ਦੀ ਉਲੰਘਣਾ ਕਰਨ ਵਾਲੇ ਮੁਲਾਂਕਣਕਾਰਾਂ ਨੂੰ ਉਲੰਘਣਾ ਦੀ ਗੰਭੀਰਤਾ ਦੇ ਆਧਾਰ ’ਤੇ ਪੈਨਲ ਵਿੱਚੋਂ ਹਟਾਇਆ ਜਾ ਸਕਦਾ ਹੈ, ਉਨ੍ਹਾਂ ਦੀ ਮੁਲਾਂਕਣ ਫੀਸ ਜ਼ਬਤ ਕੀਤੀ ਜਾ ਸਕਦੀ ਹੈ ਅਤੇ ਉਨ੍ਹਾਂ ’ਤੇ 1 ਲੱਖ ਰੁਪਏ ਤੱਕ ਦਾ ਜੁਰਮਾਨਾ ਲਗਾਇਆ ਜਾ ਸਕਦਾ ਹੈ।

ਮਾਲ ਅਤੇ ਆਪਦਾ ਪ੍ਰਬੰਧਨ ਵਿਭਾਗ ਵੱਲੋਂ ਤਿਆਰ ਕੀਤੀ ਗਈ ਇਹ ਨੀਤੀ ਰਾਜ ਸਰਕਾਰ ਵੱਲੋਂ ਜ਼ਮੀਨ ਦੇ ਮੁਲਾਂਕਣ ਲਈ ਲੱਗੇ ਪੈਨਲਬੱਧ ਮੁਲਾਂਕਣਕਾਰਾਂ ਲਈ ਇੱਕ ਸਮਾਨ ਨੈਤਿਕ ਅਤੇ ਪੇਸ਼ੇਵਰ ਢਾਂਚਾ ਤੈਅ ਕਰਦੀ ਹੈ।

ਇਸ ਆਚਾਰ ਸੰਹਿਤਾ ਦੇ ਤਹਿਤ, ਹਰੇਕ ਪੈਨਲਬੱਧ ਮੁਲਾਂਕਣਕਾਰ ਨੂੰ ਹਰਿਆਣਾ ਭੂ-ਰਾਜਸਵ ਐਕਟ, 1887, ਭਾਰਤੀ ਸਟੈਂਪ ਐਕਟ, 1899, ਭੂਮੀ ਪ੍ਰਾਪਤੀ, ਮੁੜ ਵਸੇਬੇ ਅਤੇ ਮੁੜ-ਵਿਸਥਾਪਨ ਵਿੱਚ ਉਚਿਤ ਮੁਆਵਜ਼ੇ ਅਤੇ ਪਾਰਦਰਸ਼ਤਾ ਦਾ ਅਧਿਕਾਰ ਐਕਟ, 2013, ਰੀਅਲ ਅਸਟੇਟ (ਰੈਗੂਲੇਸ਼ਨ ਅਤੇ ਵਿਕਾਸ) ਐਕਟ, 2016, ਕੰਪਨੀ (ਰਜਿਸਟਰਡ ਮੁਲਾਂਕਣਕਾਰ ਅਤੇ ਮੁਲਾਂਕਣ) ਨਿਯਮ, 2017 ਅਤੇ ਹੋਰ ਸੰਬੰਧਿਤ ਕੇਂਦਰੀ ਅਤੇ ਰਾਜ ਕਾਨੂੰਨਾਂ, ਨਿਯਮਾਂ, ਨਿਯਮਾਵਲੀਆਂ ਅਤੇ ਸਰਕਾਰੀ ਹਿਦਾਇਤਾਂ ਦੇ ਲਾਗੂ ਉਪਬੰਧਾਂ ਦੀ ਪਾਲਣਾ ਕਰਨਾ ਲਾਜ਼ਮੀ ਹੋਵੇਗਾ।

ਡਾ. ਮਿਸ਼ਰਾ ਨੇ ਕਿਹਾ ਕਿ ਮੁਲਾਂਕਣਕਾਰਾਂ ਨੂੰ ਜਿੱਥੇ ਵੀ ਲਾਗੂ ਹੋਵੇ, ਆਪਣੇ ਮੂਲ ਸੰਗਠਨਾਂ (ਜਿਵੇਂ ਆਮ ਆਮਦਨ ਟੈਕਸ ਵਿਭਾਗ, ਭਾਰਤੀ ਸਟੇਟ ਬੈਂਕ ਅਤੇ ਸਰਕਾਰੀ ਮਲਕੀਅਤ ਵਾਲੀਆਂ ਬੀਮਾ ਕੰਪਨੀਆਂ) ਵੱਲੋਂ ਜਾਰੀ ਦਿਸ਼ਾ-ਨਿਰਦੇਸ਼ਾਂ ਦੀ ਵੀ ਪਾਲਣਾ ਕਰਨੀ ਪਵੇਗੀ।

ਇਸ ਨੀਤੀ ਦੇ ਪ੍ਰਮੁੱਖ ਉਪਬੰਧਾਂ ਵਿੱਚੋਂ ਇੱਕ ਇਹ ਹੈ ਕਿ ਹਰੇਕ ਪੈਨਲਬੱਧ ਮੁਲਾਂਕਣਕਾਰ ਲਈ ਕਿਸੇ ਵੀ ਮੁਲਾਂਕਣ ਕਾਰਜ ਨੂੰ ਸ਼ੁਰੂ ਕਰਨ ਤੋਂ ਪਹਿਲਾਂ ‘ਹਿੱਤਾਂ ਦੇ ਟਕਰਾਅ’ ਦੀ ਘੋਸ਼ਣਾ ਜਮ੍ਹਾਂ ਕਰਾਉਣਾ ਲਾਜ਼ਮੀ ਹੋਵੇਗਾ। ਬਦਲਦੀਆਂ ਕਾਨੂੰਨੀ ਅਤੇ ਪੇਸ਼ੇਵਰ ਲੋੜਾਂ ਦੇ ਅਨੁਕੂਲ ਬਣਾਈ ਰੱਖਣ ਲਈ ਇਸ ਆਚਾਰ ਸੰਹਿਤਾ ਦੀ ਹਰ ਦੋ ਸਾਲ ਬਾਅਦ ਸਮੀਖਿਆ ਵੀ ਕੀਤੀ ਜਾਵੇਗੀ।



ਉਨ੍ਹਾਂ ਦੱਸਿਆ ਕਿ ਇਸ ਨੀਤੀ ਵਿੱਚ ਪੈਨਲ ਵਿੱਚੋਂ ਹਟਾਉਣ ਦੇ ਕਈ ਆਧਾਰ ਨਿਰਧਾਰਤ ਕੀਤੇ ਗਏ ਹਨ, ਇਨ੍ਹਾਂ ਵਿੱਚ ਜ਼ਮੀਨ ਦਾ ਘੱਟ ਮੁਲਾਂਕਣ ਜਾਂ ਵੱਧ ਮੁਲਾਂਕਣ ਕਰਨਾ, ਦੁਰਭਾਵਨਾਪੂਰਨ ਇਰਾਦੇ ਨਾਲ ਮੁਲਾਂਕਣ ਰਿਪੋਰਟ ਤਿਆਰ ਕਰਨਾ, ਪੇਸ਼ੇਵਰ ਕਦਾਚਾਰ, ਫਰਜ਼ੀ ਬਿੱਲ ਜਮ੍ਹਾਂ ਕਰਨ ਵਰਗੀਆਂ ਧੋਖਾਧੜੀ ਦੀਆਂ ਗਤੀਵਿਧੀਆਂ ਵਿੱਚ ਸ਼ਾਮਲ ਹੋਣਾ, ਤੈਅ ਸਮੇਂ ਸੀਮਾ ਤੋਂ ਵੱਧ ਸਮੇਂ ਤੱਕ ਮੁਲਾਂਕਣ ਰਿਪੋਰਟ ਸੌਂਪਣ ਵਿੱਚ ਦੇਰੀ ਕਰਨਾ ਅਤੇ ਸਰਕਾਰੀ ਅਧਿਕਾਰੀਆਂ, ਕਰਮਚਾਰੀਆਂ ਜਾਂ ਪ੍ਰਤੀਨਿਧਾਂ ਨੂੰ ਧਮਕਾਉਣਾ, ਡਰਾਉਣਾ ਜਾਂ ਗਾਲ੍ਹਾਂ ਕੱਢਣਾ ਸ਼ਾਮਲ ਹੈ।

ਉਨ੍ਹਾਂ ਅੱਗੇ ਦੱਸਿਆ ਕਿ ਇੱਕ ਹੋਰ ਮਹੱਤਵਪੂਰਨ ਉਪਬੰਧ ਮੁਲਾਂਕਣਕਾਰ ਦਾ ਆਪਣੇ-ਆਪ ਪੈਨਲ ਵਿੱਚੋਂ ਹੱਟ ਜਾਣਾ ਹੈ, ਜੇਕਰ ਉਸਦਾ ਰਜਿਸਟਰਡ ਹੋਣਾ ਉਸਦੀ ਮੂਲ ਰੈਗੂਲੇਟਰੀ ਸੰਸਥਾ (ਜਿਵੇਂ ਸੇਬੀ, ਆਰਬੀਆਈ, ਆਮ ਆਮਦਨ ਕਰ ਵਿਭਾਗ, ਐਸਬੀਆਈ ਜਾਂ ਕਿਸੇ ਹੋਰ ਸਮਰੱਥ ਅਥਾਰਟੀ) ਵੱਲੋਂ ਮੁੱਤਲ ਜਾਂ ਵਾਪਸ ਲੈ ਲਿਆ ਜਾਂਦਾ ਹੈ।

ਡਾ. ਮਿਸ਼ਰਾ ਅਨੁਸਾਰ ਇਹ ਨੀਤੀ ਇੱਕ ਵਿਸਥਾਰ ਸ਼ਿਕਾਇਤ ਨਿਵਾਰਨ ਪ੍ਰਣਾਲੀ ਵੀ ਪ੍ਰਦਾਨ ਕਰਦੀ ਹੈ। ਆਚਾਰ ਸੰਹਿਤਾ ਦੀ ਕਥਿਤ ਉਲੰਘਣਾ ਨਾਲ ਜੁੜੇ ਮਾਮਲਿਆਂ ਵਿੱਚ ਸੰਬੰਧਿਤ ਵਿਭਾਗ ਦੇ ਪ੍ਰਸ਼ਾਸਕੀ ਸਕੱਤਰ ਖਾਸ ਵੇਰਵਿਆਂ ਨਾਲ ਮਾਮਲੇ ਦੀ ਰਿਪੋਰਟ ਮਾਲ ਅਤੇ ਆਫ਼ਤ ਪ੍ਰਬੰਧਨ ਵਿਭਾਗ ਨੂੰ ਸੌਂਪਣਗੇ। ਵਿਭਾਗ ਦੁਆਰਾ ਨਿਯੁਕਤ ਅਧਿਕਾਰੀ ਸਿਫਾਰਸ਼ ਕਰਨ ਤੋਂ ਪਹਿਲਾਂ ਸੰਬੰਧਿਤ ਵਿਭਾਗ ਅਤੇ ਪੈਨਲਬੱਧ ਮੁਲਾਂਕਣਕਾਰ ਦੋਵਾਂ ਨੂੰ ਸੁਣਵਾਈ ਦਾ ਮੌਕਾ ਦੇਣ ਤੋਂ ਬਾਅਦ ਜਾਂਚ ਕਰੇਗਾ।

ਮਾਲ ਅਤੇ ਆਪਦਾ ਪ੍ਰਬੰਧਨ ਵਿਭਾਗ ਦੇ ਵਿੱਤੀ ਕਮਿਸ਼ਨਰ ਕੋਲ ਮੁਲਾਂਕਣ ਫੀਸ ਨੂੰ ਜ਼ਬਤ ਕਰਨ ਤੋਂ ਇਲਾਵਾ, ਉਲੰਘਣਾ ਦੀ ਗੰਭੀਰਤਾ ਦੇ ਆਧਾਰ ’ਤੇ 1 ਲੱਖ ਰੁਪਏ ਤੱਕ ਦਾ ਜੁਰਮਾਨਾ ਲਗਾਉਣ ਦਾ ਅਧਿਕਾਰ ਹੋਵੇਗਾ। ਨੀਤੀ ਵਿੱਚ ਅੱਗੇ ਇਹ ਉਪਬੰਧ ਹੈ ਕਿ ਜੁਰਮਾਨੇ ਦੀ ਵਸੂਲੀ ਹਰਿਆਣਾ ਭੂ-ਰਾਜਸਵ ਐਕਟ, 1887 ਦੇ ਤਹਿਤ ਭੂ-ਰਾਜਸਵ ਦੇ ਬਕਾਏ ਵਜੋਂ ਕੀਤੀ ਜਾ ਸਕਦੀ ਹੈ।

ਡਾ. ਸੁਮਿਤਾ ਮਿਸ਼ਰਾ ਨੇ ਜਾਣਕਾਰੀ ਦਿੱਤੀ ਕਿ ਇਸ ਨੀਤੀ ਦੇ ਅਨੁਸਾਰ, ਇਸ ਢਾਂਚੇ ਦਾ ਉਦੇਸ਼ ਇੱਕ ਸਮਾਨ ਨੈਤਿਕ ਮਾਪਦੰਡਾਂ ਨੂੰ ਨਿਰਧਾਰਤ ਕਰਕੇ ਅਤੇ ਪੈਨਲਬੱਧ ਮੁਲਾਂਕਣਕਾਰਾਂ ਦੀਆਂ ਜ਼ਿੰਮੇਵਾਰੀਆਂ ਤੇ ਦੇਣਦਾਰੀਆਂ ਨੂੰ ਸਪੱਸ਼ਟ ਤੌਰ ’ਤੇ ਪ੍ਰਭਾਸ਼ਿਤ ਕਰਕੇ ਵੱਖ-ਵੱਖ ਸਰਕਾਰੀ ਵਿਭਾਗਾਂ, ਬੋਰਡਾਂ, ਨਿਗਮਾਂ, ਪੰਚ???? ਰਾਜ ਸੰਸਥਾਵਾਂ ਅਤੇ ਸ਼ਹਿਰੀ ਸਥਾਨਕ ਨਿਕਾਏ ਲਈ ਕੀਤੀ ਜਾਣ ਵਾਲੀ ਜ਼ਮੀਨ ਅਤੇ ਹੋਰ ਸਰਕਾਰੀ ਜਾਇਦਾਦਾਂ ਦੇ ਮੁਲਾਂਕਣ ਵਿੱਚ ਵਧੇਰੇ ਪਾਰਦਰਸ਼ਤਾ, ਨਿਰਪੱਖਤਾ ਅਤੇ ਜਵਾਬਦੇਹੀ ਯਕੀਨੀ ਬਣਾਉਣਾ ਹੈ।





